ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 10 ਦਸੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੫ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ ਸਕੂਲਾਂ ਵਿਚ ਸਰਦੀਆਂ ਦੀਆਂ ਛੁੱਟੀਆਂ ਦਾ ਐਲਾਨ



**ਚੰਡੀਗੜ੍ਹ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿਚ ਸਰਦੀਆਂ ਦੀਆਂ ਛੁੱਟੀਆਂ ਦਾ ਐਲਾਨ ਕਰ ਦਿੱਤਾ ਹੈ। ਇਹ ਛੁੱਟੀਆਂ 24 ਦਸੰਬਰ 2024 ਤੋਂ 31 ਦਸੰਬਰ 2024 ਤੱਕ ਰਹਿਣਗੀਆਂ। ਇਸ ਤੋਂ ਬਾਅਦ 1 ਜਨਵਰੀ 2025 ਤੋਂ ਸਕੂਲ ਪਹਿਲਾਂ ਵਾਂਗ ਆਪਣੇ ਨਿਰਧਾਰਤ ਸਮੇਂ ’ਤੇ ਖੁੱਲ੍ਹਣਗੇ। ਸਰਕਾਰ ਨੇ ਇਹ ਫ਼ੈਸਲਾ ਬੱਚਿਆਂ ਨੂੰ ਠੰਡ ਦੇ ਵੱਧਦੇ ਪ੍ਰਭਾਵਾਂ ਤੋਂ ਬਚਾਉਣ ਅਤੇ ਸਰਦੀਆਂ ਦੇ ਦਿਨਾਂ ਵਿਚ ਕੋਈ ਪ੍ਰੇਸ਼ਾਨੀ ਨਾ ਹੋਣ ਦੇ ਉਦੇਸ਼ ਨਾਲ ਲਿਆ ਹੈ।

# ਦਿੱਲੀ ਦੇ 40 ਸਕੂਲਾਂ ’ਚ ਫੈਲੀ ਦਹਿਸ਼ਤ
# ਮਿਲੀ ਬੰਬ ਨਾਲ ਉਡਾਉਣ ਦੀ ਧਮਕੀ



**ਨਵੀਂ ਦਿੱਲੀ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ 40 ਸਕੂਲਾਂ ਨੂੰ ਅੱਜ ਸਵੇਰੇ ਫਿਰ ਬੰਬ ਦੀ ਧਮਕੀ ਮਿਲੀ ਹੈ। ਆਰਕੇ ਪੁਰਮ ਸਥਿਤ ਦਿੱਲੀ ਪਬਲਿਕ ਸਕੂਲ ਅਤੇ ਪੱਛਮੀ ਵਿਹਾਰ ਸਥਿਤ ਜੀਡੀ ਗੋਇਨਕਾ ਪਬਲਿਕ ਸਕੂਲ ਸਮੇਤ ਹੋਰ ਸਕੂਲਾਂ ਨੂੰ ਈ-ਮੇਲ ਰਾਹੀਂ ਬੰਬ ਦੀ ਧਮਕੀ ਮਿਲੀ ਹੈ। ਇਸ ਘਟਨਾ ਦੀ ਜਾਣਕਾਰੀ ਦਿੱਲੀ ਫਾਇਰ ਵਿਭਾਗ ਨੂੰ ਸਵੇਰੇ 7 ਵਜੇ ਦੇ ਕਰੀਬ ਦਿੱਤੀ ਗਈ। ਧਮਕੀ ਭਰੀ ਈ-ਮੇਲ ਤੋਂ ਬਾਅਦ ਸਕੂਲ ਪ੍ਰਸ਼ਾਸਨ ਨੇ ਵਿਦਿਆਰਥੀਆਂ ਨੂੰ ਘਰ ਭੇਜ ਦਿੱਤਾ ਹੈ ਅਤੇ ਪੁਲਿਸ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ। ਦਿੱਲੀ ਪੁਲਿਸ ਨੇ ਆਪਣੀ ਜਾਂਚ ਵਿੱਚ ਕਿਹਾ ਕਿ ਅੱਜ ਦਿੱਲੀ ਦੇ 40 ਤੋਂ ਵੱਧ ਸਕੂਲਾਂ ਨੂੰ ਈ-ਮੇਲ ਰਾਹੀਂ ਬੰਬ ਦੀ ਧਮਕੀ ਮਿਲੀ ਹੈ। ਈ-ਮੇਲ ’ਚ ਲਿਖਿਆ ਹੈ ਕਿ ਮੈਂ ਸਕੂਲ ਦੀਆਂ ਇਮਾਰਤਾਂ ਦੇ ਅੰਦਰ ਕਈ ਬੰਬ ਲਗਾਏ ਹਨ। ਬੰਬ ਛੋਟੇ ਅਤੇ ਬਹੁਤ ਚੰਗੀ ਤਰ੍ਹਾਂ ਲੁਕੇ ਹੋਏ ਹਨ। ਇਸ ਨਾਲ ਇਮਾਰਤ ਨੂੰ ਜ਼ਿਆਦਾ ਨੁਕਸਾਨ ਨਹੀਂ ਹੋਵੇਗਾ ਪਰ ਬੰਬ ਫਟਣ ’ਤੇ ਕਈ ਲੋਕ ਜ਼ਖਮੀ ਹੋ ਜਾਣਗੇ। ਜੇਕਰ ਮੈਨੂੰ £30,000 ਨਹੀਂ ਮਿਲੇ ਤਾਂ ਮੈਂ ਬੰਬ ਵਿਸਫੋਟ ਕਰਾਂਗਾ।

## ਮੁੱਖ ਮੰਤਰੀ ਨੇ ਸੁਖਬੀਰ ਸਿੰਘ ਬਾਦਲ ’ਤੇ ਹੋਏ ਕਾਤਲਾਨਾ ਹਮਲੇ ਪਿੱਛੇ ਸਾਜ਼ਿਸ਼ ’ਤੇ ਪਰਦਾ ਪਾਉਣ ਲਈ ਝੂਠੀ ਐੱਫਆਈਆਰ ਦਰਜ ਕਰ ਕੇ ਕਵਰ ਅਪ ਮੁਹਿੰਮ ਵਿੱਢੀ: ਅਕਾਲੀ ਦਲ

**ਚੰਡੀਗੜ੍ਹ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ’ਤੇ ਹੋਏ ਕਾਤਲਾਨਾ ਹਮਲੇ ਦੀ ਸਾਜ਼ਿਸ਼ ’ਤੇ ਪਰਦਾ ਪਾਉਣ ਲਈ ਝੂਠੀ ਐਫ ਆਈ ਆਰ ਦਰਜ ਕਰ ਕੇ ਕਵਰ ਅਪ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਉਹਨਾਂ ਕਿਹਾ ਕਿ ਐਫ ਆਈ ਆਰ ਵਿਚ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਅਤਿਵਾਦੀ ਨੂੰ ‘ਸੰਗਤ’ ਦਾ ਮੈਂਬਰ ਦੱਸਿਆ ਗਿਆ ਹੈ ਤੇ ਸਾਰੀ ਘਟਨਾ ਨੂੰ ਛੁਟਿਆਉਣ ਵਾਸਤੇ ਇਸਨੂੰ ‘ਹਵਾਈ ਫਾਇਰ’ ਦਾ ਨਾਂ ਦਿੱਤਾ ਗਿਆ ਹੈ। ਇਥੇ ਜਾਰੀ ਕੀਤੇ ਇਕ ਬਿਆਨ ਵਿਚ ਡਾ. ਦਲਜੀਤ ਸਿੰਘ ਚੀਮਾ ਨੇ ਐਫ ਆਈ ਆਰ ਨੂੰ ਰੱਦ ਕਰਦਿਆਂ ਇਸਨੂੰ ਇਕ ਚਾਲਾਕੀ ਭਰੀ ਮੁਹਿੰਮ ਕਰਾਰ ਦਿੱਤਾ ਜਿਸਦਾ ਮਕਸਦ ਹਮਲਾਵਰ ਦੀ ਪੁਸ਼ਤਪਨਾਹੀ ਕਰਨ ਵਾਲੇ ਪੰਜਾਬ ਪੁਲਿਸ ਅਫਸਰਾਂ ਦੀ ਭੂਮਿਕਾ ’ਤੇ ਪਰਦਾ ਪਾਉਣਾ ਹੈ। ਉਹਨਾਂ ਕਿਹਾ ਕਿ ਹੁਣ ਸਪਸ਼ਟ ਹੋ ਗਿਆ ਹੈ ਕਿ ਆਪ ਸਰਕਾਰ ਸੰਜਮੀ ਸਿੱਖ ਲੀਡਰਸ਼ਿਪ ਨੂੰ ਖ਼ਤਮ ਕਰਨ ਦੀ ਸਾਜ਼ਿਸ਼ ਦਾ ਹਿੱਸਾ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਨੇ ਤਾਂ ਪੂਰਾ ਜ਼ੋਰ ਲਗਾ ਦਿੱਤਾ ਹੈ ਕਿ ਸੁਖਬੀਰ ਸਿੰਘ ਬਾਦਲ ਨੂੰ ਖ਼ਤਮ ਕਰਨ ਦੀ ਇਸ ਡੂੰਘੀ ਸਾਜ਼ਿਸ਼ ਦਾ ਸੱਚ ਕਦੇ ਬਾਹਰ ਹੀ ਨਾ ਆ ਸਕੇ। ਇਸ ਕਾਤਲਾਨਾ ਹਮਲੇ ਦੀ ਹਾਈ ਕੋਰਟ ਦੀ ਨਿਗਰਾਨੀ ਹੇਠ ਨਿਰਪੱਖ ਜਾਂਚ ਦੀ ਮੰਗ ਕਰਦਿਆਂ ਡਾ. ਚੀਮਾ ਨੇ ਕਿਹਾ ਕਿ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਨਿਰੰਤਰ ਕੀਤੀਆਂ ਪ੍ਰੈਸ ਕਾਨਫਰੰਸਾਂ ਵਿਚ ਪ੍ਰਗਟਾਇਆ ਤੌਖਲਾ ਸੱਚਾ ਸਾਬਤ ਹੋਇਆ ਹੈ। ਮਜੀਠੀਆ ਨੇ ਦੱਸਿਆ ਸੀ ਕਿ ਕਿਵੇਂ ਐਸ ਪੀ ਹਰਪਾਲ ਸਿੰਘ ਰੰਧਾਵਾ ਨੇ ਹਮਲਾਵਰ ਨਾਲ ਮੁਲਾਕਾਤ ਕੀਤੀ ਤੇ ਗੱਲਬਾਤ ਕੀਤੀ ਤੇ 3 ਦਸੰਬਰ ਨੂੰ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਉਸ ਨਾਲ ਵਿਚਾਰ ਚਰਚਾ ਵੀ ਕੀਤੀ। ਸੀ ਸੀ ਟੀ ਵੀ ਕੈਮਰਾ ਫੁਟੇਜ ਰਾਹੀਂ ਇਹ ਵੀ ਸਪਸ਼ਟ ਹੋ ਗਿਆ ਸੀ ਕਿ ਹਮਲਾਵਰ ਨਰਾਇਣ ਸਿੰਘ ਚੌੜਾ ਨੇ 9 ਐਮ ਐਮ ਪੀ ਸੈਮੀ ਆਟੋਮੈਟਿਕ ਪਿਸਟਲ ਨਾਲ ਸਰਦਾਰ ਸੁਖਬੀਰ ਸਿੰਘ ਬਾਦਲ ’ਤੇ ਹਮਲਾ ਕਰਨ ਤੋਂ ਪਹਿਲਾਂ ਤਿੰਨ ਦਿਨ ਤੱਕ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਵਿਚ ਪੂਰੀ ਰੇਕੀ ਕੀਤੀ।

## ਸੁਖਬੀਰ ਸਿੰਘ ਬਾਦਲ ’ਤੇ ਹਮਲਾ ਕਰਨ ਵਾਲੇ ਨਾਰਾਇਣ ਸਿੰਘ ਚੌੜਾ ’ਤੇ ਸ਼੍ਰੋਮਣੀ ਕਮੇਟੀ ਸਖ਼ਤ





**ਅੰਮ੍ਰਿਤਸਰ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਦਰਬਾਰ ਸਾਹਿਬ ਦੇ ਬਾਹਰ ਸੁਖਬੀਰ ਬਾਦਲ ’ਤੇ ਹੋਏ ਹਮਲੇ ਤੋਂ ਬਾਅਦ ਐੱਸ. ਜੀ. ਪੀ. ਸੀ. ਵੱਲੋਂ ਅੱਜ ਅੰਤ੍ਰਿਗ ਕਮੇਟੀ ਦੀ ਮੀਟਿੰਗ ਰੱਖੀ ਗਈ ਜਿਸ ’ਚ ਸੁਖਬੀਰ ਬਾਦਲ ’ਤੇ ਹਮਲਾ ਕਰਨ ਵਾਲੇ ਨਰਾਇਣ ਸਿੰਘ ਚੌੜਾ ਨੂੰ ਲੈ ਕੇ ਅੰਤ੍ਰਿਗ ਕਮੇਟੀ ਦੀ ਬੈਠਕ ਕੀਤੀ ਗਈ। ਇਸ ਸਬੰਧੀ ਐੱਸ. ਜੀ. ਪੀ. ਸੀ. ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ 4 ਦਸੰਬਰ ਨੂੰ ਸ੍ਰੀ ਦਰਬਾਰ ਸਾਹਿਬ ਦੇ ਬਾਹਰ ਸੇਵਾ ਕਰ ਰਹੇ ਸੁਖਬੀਰ ਬਾਦਲ ’ਤੇ ਨਰਾਇਣ ਸਿੰਘ ਚੌੜਾ ਨਾਮਕ ਵਿਅਕਤੀ ਵੱਲੋ ਜੋ ਹਮਲਾ ਕੀਤਾ ਗਿਆ ਉਹ ਅਤਿ ਨਿੰਦਣਯੋਗ ਹੈ। ਉਨ੍ਹਾਂ ਕਿਹਾ ਨਰਾਇਣ ਸਿੰਘ ਚੌੜਾ ਵਲੋਂ ਜੋ ਗੋਲੀ ਚਲਾਈ ਗਈ ਹੈ, ਉਹ ਗੋਲੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਦੀਵਾਰ ਨੂੰ ਜਾ ਲੱਗੀ ਹੈ, ਜਿਸ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਦੀ ਕਰਦੇ ਹਾਂ। ਪ੍ਰਧਾਨ ਧਾਮੀ ਨੇ ਕਿਹਾ ਕਿ ਇਸ ਸਬੰਧ ’ਚ ਐੱਸ. ਜੀ. ਪੀ. ਸੀ. ਦੀ ਅੰਤ੍ਰਿਗ ਕਮੇਟੀ ਦੇ ਇੱਕ ਵਫ਼ਦ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਹੋਣਾ ਨਾਲ ਮੁਲਾਕਾਤ ਕਰਕੇ ਨਰਾਇਣ ਸਿੰਘ ਚੌੜਾ ਨੂੰ ਪੰਥ ’ਚੋਂ ਛੇਕਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਚਾਰ ਦਸੰਬਰ ਨੂੰ ਵਾਪਰੀ ਘਟਨਾ ਤੋਂ ਬਾਅਦ ਜਿਸ ਤਰੀਕੇ ਦੀ ਕਾਰਗੁਜ਼ਾਰੀ ਸਾਹਮਣੇ ਆਈ ਹੈ ਉਹ ਪੁਲਸ ਦੀ ਕਾਰਗੁਜ਼ਾਰੀ ’ਤੇ ਵੀ ਸਵਾਲੀਆਂ ਨਿਸ਼ਾਨ ਖੜ੍ਹੇ ਕਰਦੀ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਨੂੰ ਜਿਸ ਵਿਅਕਤੀ ਵੱਲੋਂ ਬਚਾਇਆ ਗਿਆ ਉਹ ਪੁਲਸ ਮੁਲਾਜ਼ਮ ਦੇ ਨਾਲ-ਨਾਲ ਸੁਖਬੀਰ ਬਾਦਲ ਦੇ ਪਰਿਵਾਰ ਦਾ ਹਿੱਸਾ ਵੀ ਹੈ, ਕਿਉਂਕਿ ਉਹ ਲੰਮੇ ਸਮੇਂ ਤੋਂ ਸੁਖਬੀਰ ਸਿੰਘ ਬਾਦਲ ਦੇ ਪਰਿਵਾਰ ਦੀ ਸਕਿਓਰਿਟੀ ’ਚ ਤਾਇਨਾਤ ਹੈ। ਇਸ ਤੋਂ ਇਲਾਵਾ ਉਨ੍ਹਾਂ ਨਗਰ ਨਿਗਮ ਦੀ ਚੋਣਾ ’ਤੇ ਬੋਲਦਿਆਂ ਕਿਹਾ ਕਿ ਸ਼ਹੀਦੀ ਦਿਹਾੜਿਆਂ ਦੇ ਚਲਦਿਆਂ ਨਗਰ ਨਿਗਮ ਦੀ ਚੋਣਾਂ ਦਾ ਐਲਾਨ ਕੀਤਾ ਗਿਆ ਹੈ, ਸ਼੍ਰੋਮਣੀ ਕਮੇਟੀ ਇਸ ’ਤੇ ਇਤਰਾਜ਼ ਪ੍ਰਗਟ ਕਰਦੀ ਹੈ।

## ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਭੰਗ

### ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਸਾਹਿਬਾਨ ਨੂੰ ਪੱਤਰ ਲਿਖ ਕਰਵਾਇਆ ਜਾਣੂ



**ਸ੍ਰੀ ਅੰਮ੍ਰਿਤਸਰ ਸਾਹਿਬ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਸ. ਗੁਰਪ੍ਰਤਾਪ ਸਿੰਘ ਵਡਾਲਾ ਦੀ ਅਗਵਾਈ ’ਚ ਗਠਿਤ ਕੀਤੀ ਗਈ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਪਾਰਟੀ ਨੂੰ ਭੰਗ ਕਰ ਦਿੱਤਾ ਗਿਆ ਹੈ। ਇਸ ਸੰਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੁਕਮ ਜਾਰੀ ਹੋਏ ਸਨ, ਜਿਨ੍ਹਾਂ ਦੀ ਇੰਨ-ਬਿੰਨ ਪਾਲਣਾ ਕਰਦਿਆਂ ਅੱਜ ਇਸ ਨੂੰ ਭੰਗ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਰੀ ਕੀਤੇ ਗਏ ਪੱਤਰ ਦੀ ਇੰਨ-ਬਿੰਨ ਕਾਪੀ ਅਸੀਂ ਆਪਣੇ ਪਾਠਕਾਂ ਦੀ ਜਾਣਕਾਰੀ ਲਈ ਪ੍ਰਕਾਸ਼ਿਤ ਕਰ ਰਹੇ ਹਾਂ :

**ਪਰਮ ਸਤਿਕਾਰਯੋਗ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀਓ ।**

**ਅਦਬ ਸਹਿਤ,**

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ਪ੍ਰਵਾਨ ਹੋਵੇ ਜੀ,**

ਸਨਿਮਰ ਬੇਨਤੀ ਹੈ ਜੀ ਕਿ ਆਪ ਜੀ ਵੱਲੋਂ ਹੁਕਮ ਹੋਇਆ ਸੀ ਕਿ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਨੂੰ ਭੰਗ ਕੀਤਾ ਜਾਵੇ। ਸੁਧਾਰ ਲਹਿਰ ਦੇ ਸਾਰੇ ਹੀ ਮੈਂਬਰਾਂ ਦੁਆਰਾ ਇਹ ਹੁਕਮ ਉਸੇ ਦਿਨ ਹੀ ਮੰਨ ਲਿਆ ਗਿਆ ਸੀ। ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਨੂੰ ਰਸਮੀ ਤੌਰ ਤੇ ਅੱਜ ਆਪ ਜੀ ਦੇ ਹੁਕਮਾਂ ਮੁਤਾਬਕ ਮੀਟਿੰਗ ਕਰਕੇ ਸਮੇਟ ਦਿੱਤਾ ਗਿਆ ਹੈ। ਜਿਸ ਮਕਸਦ ਲਈ ਸੁਧਾਰ ਲਹਿਰ ਬਣੀ ਸੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਿਆਦਾ ਬਹਾਲ ਕਰਾਵਾਉਣਾਂ ਸੁਧਾਰ ਲਹਿਰ ਦੇ ਏਜੰਡੇ ਵਿੱਚ ਸਭ ਤੋ ਅਹਿਮ ਏਜੰਡਾ ਸੀ। ਅੱਜ ਸੁਧਾਰ ਲਹਿਰ ਦੀ ਹੋਈ ਇਕੱਤਰਤਾ ਦੇ ਵਿੱਚ ਸਾਰੇ ਹੀ ਮੈਂਬਰਾਂ ਵੱਲੋ ਸਮੁੱਚਤਾ ਨਾਲ ਇਹ ਕਿਹਾ ਗਿਆ ਕਿ ਸਾਰੇ ਹੀ ਮੈਂਬਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਸਮੱਰਪਿੱਤ ਹਾਂ ਅਤੇ ਉਹਨਾਂ ਵੱਲੋਂ ਕੀਤੇ ਹੋਏ ਫੈਸਲਿਆਂ ਨੂੰ ਇਨ ਬਿਨ ਲਾਗੂ ਕਰਨਗੇ। ਵਿਸ਼ਵਾਸ ਦਿਵਾਉਂਦੇ ਹਾਂ ਕਿ ਜੋ ਭਰਤੀ ਕਮੇਟੀ ਆਪ ਜੀ ਦੁਆਰਾ ਬਣਾਈ ਗਈ ਹੈ ਉਸ ਨੂੰ ਪੂਰਾ ਪੂਰਾ ਸਹਿਯੋਗ ਦੇਵਾਗੇਂ। ਅਸੀਂ ਸਾਰੇ ਭਵਿੱਖ ਵਿੱਚ ਵੀ ਸਿੱਖ ਪੰਥ ਅਤੇ ਸਿੱਖ ਸੰਸਥਾਵਾਂ ਦੀ ਚੜ੍ਹਦੀ ਕਲਾ ਲਈ ਪੰਥਕ ਸਿਧਾਤਾਂ ਤੇ ਪਹਿਰਾ ਦਿੰਦੇ ਰਹਾਂਗੇ।

**ਗੁਰੂ ਪੰਥ ਸਾ ਦਾਸ**

**ਜਥੇਦਾਰ ਗੁਰਪ੍ਰਤਾਪ ਸਿੰਘ ਵਡਾਲਾ**

## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਿਲੀ ਸਜ਼ਾ ਪੂਰੀ ਕਰਨ ਉਪਰੰਤ ਢੀਂਡਸਾ ਨੇ ‘ਛੱਡੀ ਸਿਆਸਤ’



**ਸ੍ਰੀ ਫਤਹਿਗੜ੍ਹ ਸਾਹਿਬ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਅਕਾਲੀ ਆਗੂ ਸੁਖਦੇਵ ਸਿੰਘ ਢੀਂਡਸਾ ਨੇ ਸਿਆਸਤ ਨੂੰ ਅਲਵਿਦਾ ਆਖਣ ਦਾ ਐਲਾਨ ਕਰ ਦਿੱਤਾ ਹੈ। ਢੀਂਡਸਾ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲੱਗੀ ਤਨਖਾਹ ਪੂਰੀ ਕਰਨ ਲਈ ਸ਼ਹੀਦਾਂ ਦੇ ਪਵਿੱਤਰ ਸਥਾਨ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਇਸ ਦੌਰਾਨ ਉਨ੍ਹਾਂ ਨੇ ਪਹਿਲਾਂ ਸੇਵਾਦਾਰ ਦੀ ਸੇਵਾ ਨਿਭਾਉਣ ਉਪਰੰਤ ਕੀਰਤਨ ਸਰਵਣ ਕੀਤਾ। ਇਸ ਉਪਰੰਤ ਮਾਤਾ ਗੁਜਰੀ ਲੰਗਰ ਹਾਲ ਵਿਖੇ ਬਰਤਨ ਸਾਫ਼ ਕਰਨ ਦੀ ਸੇਵਾ ਵੀ ਨਿਭਾਈ। ਇਸ ਦੌਰਾਨ ਸੁਖਦੇਵ ਸਿੰਘ ਢੀਡਸਾਂ ਨੇ ਕਿਹਾ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਲਗਾਈ ਗਈ ਸੇਵਾ ਨੂੰ ਖਿੜੇ ਮੱਥੇ ਪ੍ਰਵਾਨ ਕਰਦੇ ਤਨ-ਮਨ ਨਾਲ ਨਿਭਾਅ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸੇਵਾ ਮੁਕੰਮਲ ਹੋਣ ਉਪਰੰਤ ਉਹ ਸਰਗਰਮ ਸਿਆਸਤ ਛੱਡ ਦੇਣਗੇ। ਇਸ ਦੌਰਾਨ ਢੀਂਡਸਾ ਨੇ ਬੀਤੇ ਦਿਨੀਂ ਦਿੱਤੇ ਬਿਆਨ ’ਤੇ ਕਾਇਮ ਰਹਿਣ ਦੀ ਗੱਲ ਆਖਦਿਆਂ ਕਿਹਾ ਕਿ ਉਨ੍ਹਾਂ ਤੋਂ ਇਹ ਗੱਲ ਸਪੱਸ਼ਟ ਨਹੀਂ ਸੀ ਹੋਈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਸੱਤ ਮੈਂਬਰੀ ਕਮੇਟੀ ਵੱਲੋਂ ਜਿਸ ਨੂੰ ਵੀ ਚੁਣਿਆ ਜਾਂਦਾ ਹੈ ਅਤੇ ਵਿਧਾਨਕ ਤੌਰ ’ਤੇ ਜੋ ਮਨਜ਼ੂਰ ਹੋਵੇਗਾ ਉਹ ਹਰੇਕ ਨੂੰ ਮਨਜ਼ੂਰ ਹੋਵੇਗਾ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬਾਨ ਦੇ ਹੁਕਮਾਂ ’ਤੇ ਉਨ੍ਹਾਂ ਵੱਲੋਂ ਇਤਰਾਜ਼ ਨਹੀਂ ਕੀਤਾ ਜਾ ਸਕਦਾ ਹੈ। ਢੀਂਡਸਾ ਨੇ ਬਿੱਟੂ ਦੇ ਚੌੜਾ ਵੱਲੋਂ ਗੋਲੀ ਚਲਾਉਣ ਬਾਰੇ ਬਿਆਨ ’ਤੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਗੋਲ਼ੀ ਚੱਲਣੀ ਮੰਦਭਾਗੀ ਹੈ। ਬਿੱਟੂ ਵੱਲੋਂ ਕਿਸਾਨਾਂ ਖ਼ਿਲਾਫ਼ ਬਿਆਨਬਾਜ਼ੀ ’ਤੇ ਉਨ੍ਹਾਂ ਕਿਹਾ ਕਿ ਬਿੱਟੂ ਕਿਸਾਨਾਂ ਵਿਰੁੱਧ ਬੋਲ ਰਿਹਾ ਹੈ ਪਰ ਲੋਕ ਕਿਸਾਨਾਂ ਦੇ ਨਾਲ ਹਨ। ਢੀਂਡਸਾ ਨੇ ਕਿਹਾ ਕਿ ਉਨ੍ਹਾਂ ਨੇ ਭਾਜਪਾ ਨੂੰ ਕਿਸਾਨੀ ਮਸਲਿਆਂ ਦੇ ਹੱਲ ਨਾ ਕਰਨ ਕਰਕੇ ਹੀ ਛੱਡਿਆ ਸੀ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਕਿਸਾਨਾਂ ਦੇ ਸਾਰੇ ਮਸਲੇ ਹੱਲ ਕਰਨੇ ਚਾਹੀਦੇ ਹਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

## ਮਹਾਨ ਸ਼ਹੀਦੀ ਦਿਹਾੜਾ

ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★


**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

## ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for **AWAZE QAUM** Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


---

ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

### ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

**ਅੰਤਰਰਾਸ਼ਟਰੀ ਮਨੁੱਖੀ ਅਧਿਕਾਰਾਂ ਦੀ ਰਾਖੀ ਵਾਸਤੇ ਹੋਂਦ ਵਿੱਚ ਆਈ ਯੂਨਾਇਟਿਡ ਨੇਸ਼ਨ ਸੰਸਥਾ ਦੇ ਜਨੇਵਾ ਦਫ਼ਤਰ ਦੇ ਸਾਹਮਣੇ 10 ਦਸੰਬਰ ਨੂੰ ਭਾਰਤ ਅੰਦਰ ਸਿੱਖਾਂ ਸਮੇਤ ਘੱਟ ਗਿਣਤੀਆਂ ਦੇ ਕੁਚਲੇ ਜਾ ਰਹੇ ਮਨਾਵੀਂ ਹੱਕਾਂ ਦੇ ਖਿਲਾਫ**

# ਰੋਸ ਪ੍ਰਦਰਸ਼ਨ ਕਰਕੇ ਉਠਾਈ ਜਾਵੇਗੀ ਅਵਾਜ਼ : ਗੁਰਚਰਨ ਸਿੰਘ ਗੁਰਾਇਆ



**ਜਰਮਨੀ :** ਦੂਸਰੇ ਸੰਸਾਰ ਯੁੱਧ ਦੀ ਸਮਾਪਤੀ ਤੋਂ ਬਾਅਦ ਹੋਂਦ ਵਿੱਚ ਆਈ ਯੂ. ਐਨ. ਓ. ਸੰਸਥਾ ਵਲੋਂ ਮਨੁੱਖੀ ਹੱਕਾਂ ਵਾਸਤੇ ਬਣਾਏ ਚਾਰਟਰ ਕਰਕੇ ਉਦੋਂ ਤੋਂ ਹੀ 10 ਦਸੰਬਰ ਨੂੰ ਮਨੁੱਖੀ ਹੱਕ ਦਿਵਸ ਵਜੋਂ ਮਨਾਇਆ ਜਾਂਦਾ ਹੈ। ਦੂਸਰੇ ਸੰਸਾਰ ਯੁੱਧ ਦੀ ਭਿਆਨਕ ਤਬਾਹੀ ਦੇ ਕਾਰਨਾਂ ਨੂੰ ਦੇਖਦਿਆ ਦੁਨੀਆਂ ਦੇ ਅੱਡ-ਅੱਡ ਦੇਸ਼ਾਂ ਦੇ ਨੁਮਾਇੰਦਿਆਂ ਨੇ ਇਹ ਸਿੱਟਾ ਕੱਢਿਆ ਸੀ ਕਿ ਸੰਸਾਰ ਵਿੱਚ ਅਮਨ ਦੀ ਸਥਾਪਤੀ ਉਦੋਂ ਤੱਕ ਨਹੀਂ ਹੋ ਸਕਦੀ ਜਦੋਂ ਤੱਕ ਇਸ ਦੁਨੀਆਂ ਦੇ ਹਰ ਬਾਸ਼ਿੰਦੇ ਦੀ ਮੁੱਢਲੀ ਆਜ਼ਾਦੀ ਦੇ ਹੱਕ ਨੂੰ ਤਸਲੀਮ ਨਹੀਂ ਕੀਤਾ ਜਾਂਦਾ ਤੇ ਇਸ ਹੱਕ ਨੂੰ ਖੋਹਣ ਵਾਲਿਆਂ ਨੂੰ ਦੁਨੀਆਂ ਦੀ ਕਚਹਿਰੀ ਵਿੱਚ ਜਵਾਬਦੇਹ ਨਹੀਂ ਬਣਾਇਆ ਜਾਂਦਾ। ਇਸ ਮਨੁੱਖੀ ਹੱਕਾਂ ਦੇ ਚਾਰਟਰ ਦੀ ਮੁੱਢਲੀ ਭੂਮਿਕਾ ਵਿੱਚ, ਬੜੇ ਸਪੱਸ਼ਟ ਸ਼ਬਦਾਂ ਵਿੱਚ ਲਿਖਿਆ ਹੋਇਆ ਹੈ ਕਿ "ਕੋਈ ਵੀ ਮਨੁੱਖ ਆਪਣੇ ਅਖੀਰਲੇ ਹਥਿਆਰ-ਬਗਾਵਤ ਦੇ ਰਸਤੇ 'ਤੇ ਜਾਣ ਲਈ ਮਜਬੂਰ ਹੋਵੇਗਾ, ਜੇ ਕਾਨੂੰਨ ਦਾ ਰਾਜ ਉਸ ਦੇ ਮਨੁੱਖੀ ਹੱਕਾਂ ਨੂੰ ਸੁਰੱਖਿਅਤ ਨਹੀਂ ਕਰ ਸਕੇਗਾ।' ਇਸ ਦੇ ਨਾਲ ਹੀ ਜਾਤ, ਰੰਗ, ਨਸਲ, ਧਰਮ, ਲਿੰਗ ਆਦਿ ਦੇ ਵਿਤਕਰਿਆਂ ਨੂੰ ਨਿੰਦਿਆ ਗਿਆ ਹੈ ਤੇ ਬੋਲਣ ਦੀ ਆਜ਼ਾਦੀ, ਕਿਤੇ ਵੀ ਆ ਜਾ ਸਕਣ ਦੀ ਆਜ਼ਾਦੀ, ਜੀਅ ਸਕਣ ਦੀ ਆਜ਼ਾਦੀ ਆਦਿ ਵਰਗੇ ਅਧਿਕਾਰਾਂ ਨੂੰ ਮਾਨਤਾ ਦਿੱਤੀ ਗਈ ਹੈ। ਜਨੇਵਾ ਕਨਵੈਨਸ਼ਨਾਂ ਨੇ ਕਈ ਹੋਰ ਮੁੱਦਿਆਂ ਨੂੰ ਇਸ ਮਨੁੱਖੀ ਹੱਕਾਂ ਦੇ ਚਾਰਟਰ ਵਿੱਚ ਸ਼ਾਮਲ ਕਰਦਿਆਂ ਮਨੁੱਖੀ ਹੱਕਾਂ ਦੀ ਗੱਲ ਨੂੰ ਹੋਰ ਵੀ ਅਸਰਦਾਰ ਬਣਾਇਆ। ਅੱਜ ਵੀ ਮਨੁੱਖੀ ਹੱਕਾਂ ਨਾਲ ਸਬੰਧਿਤ ਮਸਲਿਆਂ ਨਾਲ ਨਿੱਬੜਨ ਲਈ ਯੂ. ਐਨ. ਦਾ ਜਨੇਵਾ ਵਿੱਚ ਵਿਸ਼ੇਸ਼ ਹਾਈ ਕਮਿਸ਼ਨਰ ਹੈ।

ਯੂ. ਐਨ. ਚਾਰਟਰ ਤੇ ਜਨੇਵਾ ਕਨਵੈਨਸ਼ਨਾਂ ਦੇ ਫੈਸਲਿਆਂ ਦਾ ਇੱਕ ਬੜਾ ਅਹਿਮ ਪੱਖ ਇਹ ਹੈ ਕਿ ਅੱਡ-ਅੱਡ ਕੌਮਾਂ, ਦੇਸ਼ਾਂ, ਲੋਕਾਂ ਦੇ -ਆਤਮ ਨਿਰਣੇ ਦੇ ਹੱਕ (Right to Self - determination) ਨੂੰ ਪ੍ਰਵਾਨ ਕੀਤਾ ਗਿਆ ਹੈ, ਤਾਂ ਕਿ ਕੋਈ ਵੀ ਸ਼ਕਤੀਸ਼ਾਲੀ ਦੇਸ਼ ਜਾਂ ਸਮਾਜਿਕ ਢਾਂਚਾ ਕਮਜ਼ੋਰ ਜਾਂ ਘੱਟਗਿਣਤੀ ਕੌਮਾਂ, ਲੋਕਾਂ 'ਤੇ ਗਲਬਾ ਨਾ ਪਾ ਸਕੇ।

ਪਰ ਇਸ ਮਨੁੱਖੀ ਅਧਿਕਾਰਾਂ ਦੇ ਚਾਰਟਰ ਤੇ ਦਸਖਤ ਕਰਨ ਵਾਲਾ ਭਾਰਤ ਦੇਸ਼ ਮਨੁੱਖੀ ਅਧਿਕਾਰਾਂ ਦੇ ਹੱਕਾਂ ਦੇ ਨਾਂ ਤੇ ਕਲੰਕ ਹੈ । ਇਹ ਪਿੱਛਲੇ 77 ਸਾਲਾਂ ਤੋਂ ਬ੍ਰਾਹਮਣਵਾਦੀ ਹਾਕਮਾਂ ਨੇ ਇਸ ਚਾਰਟਰ ਦੇ ਇੱਕ ਤੋਂ ਬਾਅਦ ਇੱਕ ਆਰਟੀਕਲ ਦੀਆਂ ਧੱਜੀਆਂ ਉਡਾਈਆਂ ਹਨ। ਪੰਜਾਬ, ਕਸ਼ਮੀਰ, ਨਾਗਾਲੈਂਡ, ਆਸਾਮ, ਮਣੀਪੁਰ ਆਦਿ ਭਾਰਤੀ ਕਬਜ਼ੇ ਹੇਠਲੇ ਸੂਬਿਆਂ ਵਿੱਚ ਲੱਖਾਂ ਲੋਕਾਂ ਨੂੰ ਮੌਤ ਦੇ ਘਾਟ ਉਤਾਰਿਆ ਗਿਆ ਹੈ। ਕੋਈ ਅਪੀਲ-ਵਕੀਲ-ਦਲੀਲ ਨਹੀਂ ਸੁਣੀਂ ਜਾਂਦੀ। ਦਲਿਤਾਂ ਉਪਰ ਵੀ ਜ਼ੁਲਮ ਬੇਰੋਕ-ਟੋਕ ਜਾਰੀ ਹੈ। ਇਹ ਹਕੂਮਤ ਫਾਸ਼ੀਵਾਦ ਅਤੇ ਨਾਜ਼ੀਵਾਦ ਦੇ ਰਸਤੇ 'ਤੇ ਬੜੀ ਮਜ਼ਬੂਤੀ ਨਾਲ ਚੱਲ ਰਹੀ ਹੈ। ਅਫਸੋਸ ਕਿ ਯੂ. ਐਨ. ਵਰਗੀ ਸੰਸਥਾ ਇਹਨਾਂ ਹਾਲਤਾਂ ਵਿੱਚ ਇੱਕ ਬੇਜਾਨ, ਰੀੜ੍ਹ ਦੀ ਹੱਡੀ ਰਹਿਤ ਸੰਸਥਾ ਬਣਕੇ ਮੂਕ ਦਰਸ਼ਕ ਦਾ ਰੋਲ ਅਦਾ ਕਰ ਰਹੀ ਹੈ।

ਭਾਰਤ ਵਿੱਚ ਸ. ਜਸਵੰਤ ਸਿੰਘ ਖਾਲੜੇ ਵਰਗੇ ਮਨੁੱਖੀ ਹੱਕਾਂ ਦੇ ਅਲੰਬਰਦਾਰ ਮਾਰ-ਮੁਕਾ ਦਿੱਤੇ ਗਏ ਹਨ ਪਰ ਯੂ. ਐਨ. ਜਾਂ ਕਿਸੇ ਅੰਤਰਰਾਸ਼ਟਰੀ ਸੰਸਥਾ ਨੇ ਭਾਰਤ ਨੂੰ ਨੱਥ ਨਹੀਂ ਪਾਈ। ਭਾਰਤ ਕਿਸ ਬਿਨ੍ਹਾ 'ਤੇ ਆਪਣੇ ਆਪ ਨੂੰ ਲੋਕਤੰਤਰੀ ਦੇਸ਼ ਕਹਾ ਸਕਦਾ ਹੈ ? ਪੰਜਾਬ ਅਤੇ ਕਸ਼ਮੀਰ 'ਚ ਭਾਰਤੀ ਫੋਰਸ ਦਹਾਕਿਆਂ ਤੋਂ ਲੋਕਾਂ 'ਤੇ ਜ਼ੁਲਮ ਕਰ ਰਹੀਆਂ ਹਨ। ਪੰਜਾਬ ਦੀ ਮੌਜੂਦਾ ਸਰਕਾਰ ਨੇ ਸਿੱਖ ਨੌਜਵਾਨਾਂ ਨੂੰ ਨੈਸ਼ਨਲ ਸਕਿਉਰਟੀ , ਯੂਆਪਾ ਵਰਗੇ ਕਾਲੇ ਕਾਨੂੰਨਾਂ ਤਹਿਤ ਗਿਰਫਤਾਰ ਕਰਕੇ ਦੂਰ ਦਰਾਡੇ ਜੇਲਾਂ ਵਿੱਚ ਬੰਦ ਹੀ ਨਹੀ ਕੀਤਾ ਸਗੋ ਵਿਦੇਸ਼ਾਂ ਵਿੱਚ ਆਪਣੇ ਹੱਕਾਂ ਹਿੱਤਾਂ ਤੇ ਅਜਾਦੀ ਦੀ ਗੱਲ ਕਰਨ ਵਾਲੇ ਸਿੱਖਾਂ ਨੂੰ ਆਪਣੀਆਂ ਏਜੰਸੀਆਂ ਦੁਆਰਾ ਭਾਈ ਪਰਮਜੀਤ ਸਿੰਘ ਪੰਜਵੜ , ਭਾਈ ਹਰਦੀਪ ਸਿੰਘ ਨਿੱਜਰ ਕਨੇਡਾ, ਭਾਈ ਅਵਤਾਰ ਸਿੰਘ ਖੰਡਾ ਇੰਗਲੈਂਡ ਨੂੰ ਨਿਸ਼ਾਨਾ ਬਣਾ ਕੇ ਸ਼ਹੀਦ ਕੀਤਾ ਗਿਆ ਤੇ ਅਜ਼ਾਦ ਸਿੱਖ ਰਾਜ ਦੀ ਗੱਲ ਕਰਨ ਵਾਲੇ ਵਕੀਲ ਗੁਰਪਤਵੰਤ ਸਿੰਘ ਪੰਨੂ ਨੂੰ ਅਮਰੀਕਾ ਵਿੱਚ ਟਾਰਗਿਟ ਕੀਤਾ ਜਾਣਾ ਸੀ ਉਹ ਅਮਰੀਕਨ ਏਜੰਸੀਆਂ ਨੇ ਪਲਾਨ ਫੇਲ ਕਰ ਦਿੱਤਾ । ਜਿਸ ਦਾ ਖਲਾਸਾ ਤਾਂ ਕਨੇਡਾ ਅਮਰੀਕਾ ਤੇ ਇਹਨਾਂ ਦੇ ਭਾਈਵਾਲ ਦੇਸ਼ਾਂ ਨੇ ਵੀ ਕੀਤਾ ਹੈ ਇਸ ਲਈ ਭਾਰਤ ਨੂੰ ਕਟਿਹਰੇ ਵਿੱਚ ਖੜਾ ਕਰਕੇ ਸਿੱਖਾਂ ਵੱਲੋ ਭਾਰਤ ਅੰਦਰ ਮਨੁੱਖੀ ਅਧਿਕਾਰਾਂ ਦੀ ਹੋ ਰਹਿ ਉਲੰਘਣਾ ਦੇ ਖਿਲਾਫ ਉਠਾਈ ਜਾਦੀ ਅਵਾਜ ਤੇ ਮੋਹਰ ਲਗਾਈ ਹੈ । ਅੱਜ 10 ਦਸਬੰਰ ਨੂੰ ਅੰਤਰਰਾਸ਼ਟਰੀ ਪੱਧਰ ਤੇ ਮਨੁੱਖੀ ਅਧਿਕਾਰ ਦਿਵਸ ਮਨਾ ਰਿਹੀ 193 ਦੇਸ਼ਾਂ ਵਾਲੀ ਯੂ. ਐਨ. ਓ. ਭਾਰਤ ਵਰਗੇ ਦੇਸ਼ਾਂ ਵਿੱਚ ਹੋ ਰਹੇ ਨਸਲਘਾਤ ਨੂੰ ਰੋਕਣ ਵੱਲ ਵੀ ਜਾਵੇਗਾ । ਮਨੁੱਖੀ ਹੱਕਾਂ ਦੇ ਘਾਣ ਵਿੱਚ ਸ਼ਾਮਲ ਦੇਸ਼ਾਂ ਨੂੰ ਨੰਗਿਆਂ ਕਰਨ ਅਤੇ ਸਜ਼ਾ-ਯਾਫਤਾ ਕਰਨ ਵਿੱਚ ਜੇਕਰ ਕੋਈ ਅਸਰਦਾਰ ਭੂਮਿਕਾ ਨਹੀਂ ਨਿਭਾਉਂਦੀ ਤਾਂ ਇਸਦਾ 10 ਦਸੰਬਰ, 1948 ਦਾ 'ਮਨੁੱਖੀ ਹੱਕਾਂ ਦਾ ਚਾਰਟਰ' ਇੱਕ ਲਿਖਤੀ ਦਸਤਵੇਜ ਤੋਂ ਵੱਧ ਕੋਈ ਅਹਿਮੀਅਤ ਨਹੀਂ ਰੱਖਦਾ। ਕੀ ਯੂਨਾਈਟਿਡ ਨੇਸ਼ਨਜ਼ ਸੰਸਥਾ ਇਸ ਦਸਤਾਵੇਜ਼ ਨੂੰ ਅਮਲੀ ਰੂਪ ਵਿੱਚ ਵੀ ਲਿਆਵੇਗੀ ਇਸ ਤੋਂ ਬਿਨਾ ਇਹ ਮਨੁੱਖੀ ਅਧਿਕਾਰ ਦਿਵਸ ਜ਼ੁਲਮੀ ਹਕੂਮਤਾਂ ਵੱਲੋ ਪੀੜਤ ਲੋਕਾਂ ਨਾਲ ਅਨਿਆ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV




**ਅੱਜ 10 ਦਸੰਬਰ ਲਈ ਜਨਮ ਦਿਨ 'ਤੇ ਵਿਸ਼ੇਸ਼**

# ਸਿੱਖ ਇਤਿਹਾਸ ਦੇ ਸਫ਼ਲ ਚਿੱਤਰਕਾਰ ਸ. ਕ੍ਰਿਪਾਲ ਸਿੰਘ ਆਰਟਿਸਟ ਨੂੰ ਯਾਦ ਕਰਦਿਆਂ

**ਸਿੱਖ ਇਤਿਹਾਸ** ਨੂੰ ਜਿਸ ਸਫਲਤਾ ਨਾਲ ਸ। ਕ੍ਰਿਪਾਲ ਸਿੰਘ ਆਰਟਿਸਟ ਨੇ ਚਿੱਤਰਿਆ, ਉਸ ਦੇਣ ਦੇ ਬਦਲੇ ਵਿੱਚ ਸਮੁੱਚਾ ਸਿੱਖ ਜਗਤ ਭਾਵੇਂ ਉਹ ਦੇਸ਼ ਵਿੱਚ ਜਾਂ ਵਿਦੇਸ਼ ਵਿੱਚ ਵੱਸਦਾ ਹੈ, ਉਨ੍ਹਾਂ ਨੂੰ ਬੜੇ ਸਤਿਕਾਰ ਨਾਲ ਯਾਦ ਕਰਦਾ ਹੈ । ਚਿੱਤਰਕਾਰੀ ਇਕ ਕੋਮਲ ਕਲਾ ਹੈ, ਇਸ ਕਲਾ ਦੇ ਕਦਰਦਾਨ ਲੱਭਣ ਲਈ ਕਈ ਵਾਰ ਕਿਸੇ ਨਿਸ਼ਠਾਵਾਨ ਚਿੱਤਰਕਾਰ ਨੂੰ ਵੀ ਪੂਰਾ ਜੀਵਨ ਪਰਖ ਦੀਆਂ ਘੜੀਆਂ ਵਿੱਚੋਂ ਨਿਕਲਣਾ ਪੈਂਦਾ ਹੈ । ਸਾਡੇ ਘਰਾਂ ਤੋਂ ਅਜਾਇਬ-ਘਰਾਂ ਤੱਕ ਇਸ ਸੂਖਮ ਕਲਾ ਨੂੰ ਪਹੁੰਚਾਣ ਵਾਲਾ ਇਹ ਮਹਾਨ ਚਿੱਤਰਕਾਰ ਸ। ਕ੍ਰਿਪਾਲ ਸਿੰਘ ਆਰਟਿਸਟ ਅਜਿਹਾ ਕਲਾਕਾਰ ਸੀ, ਜਿਸ ਦੇ ਬੁਰਸ਼ ਦੀ ਛੂਹ ਨੂੰ ਅੱਜ ਵੀ ਹਰ ਉੱਭਰ ਰਿਹਾ ਚਿੱਤਰਕਾਰ ਤੇ ਕਲਾ ਪ੍ਰੇਮੀ ਸਿਰ ਝੁਕਾਉਂਦਾ ਹੈ । ਇਸ ਮਹਾਨ ਚਿੱਤਰਕਾਰ ਦਾ ਜਨਮ 10 ਦਸੰਬਰ, 1923 ਈ: ਨੂੰ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਬੜਾ ਚੈਨ ਸਿੰਘ ਵਾਲਾ ਵਿੱਚ ਸ। ਭਗਤ ਸਿੰਘ ਤੇ ਮਾਤਾ ਹਰ ਕੌਰ ਦੇ ਗ੍ਰਹਿ ਵਿਖੇ ਹੋਇਆ । ਸ। ਕ੍ਰਿਪਾਲ ਸਿੰਘ ਦਾ ਬਚਪਨ ਆਮ ਪੇਂਡੂ ਬੱਚਿਆਂ ਵਾਂਗ ਹੀ ਬੀਤਿਆ । ਆਪਣੇ ਪਿੰਡ ਦੇ ਨੇੜਲੇ ਕਸਬੇ ਜ਼ੀਰਾ ਤੋਂ ਦੱਸਵੀਂ ਪਾਸ ਕਰਕੇ ਇਸ ਨੇ ਲਾਹੌਰ ਦੇ ਐੱਸ ਡੀ। ਕਾਲਜ ਵਿਖੇ ਦਾਖਲਾ ਪ੍ਰਾਪਤ ਕੀਤਾ । ਇਥੋਂ ਇਨ੍ਹਾਂ ਐੱਫ ਐੱਸ ਸੀ। (ਨਾਨ-ਮੈਡੀਕਲ) ਦਾ ਇਮਤਿਹਾਨ ਪਾਸ ਕੀਤਾ ।



-ਭਗਵਾਨ ਸਿੰਘ ਜੌਹਲ
bhagwansinghjohal@gmail.com



1942 ਈ: ਵਿੱਚ ਇਹ ਸਿਰੜੀ ਤੇ ਮਿਹਨਤੀ ਨੌਜਵਾਨ ਪੜ੍ਹਾਈ ਵਿੱਚਕਾਰ ਛੱਡ ਕੇ ਮਿਲਟਰੀ ਅਕਾਊਂਟਸ ਡਿਪਾਰਟਮੈਂਟ ਵਿੱਚ ਭਰਤੀ ਹੋ ਗਿਆ । 1942 ਤੋਂ 1947 ਤੱਕ ਲਗਾਤਾਰ ਇਸੇ ਵਿਭਾਗ ਵਿੱਚ ਕਾਰਜਸ਼ੀਲ ਰਿਹਾ । ਕਲਾ ਪ੍ਰੇਮੀ ਹੋਣ ਕਰਕੇ ਪੜ੍ਹਾਈ ਅਤੇ ਨੌਕਰੀ ਦੌਰਾਨ ਆਪਣੇ ਘਰ ਵਿੱਚ ਹੀ ਵੱਖ-ਵੱਖ ਘਟਨਾਵਾਂ ਅਤੇ ਉੱਘੇ ਵਿਅਕਤੀਆਂ ਦੇ ਚਿੱਤਰ ਤੇ ਖਾਕੇ ਬਣਾ ਕੇ ਆਪਣੇ ਆਲੇ-ਦੁਆਲੇ ਸਮਾਜ ਵਿੱਚ ਵੱਸਦੇ ਕਲਾ ਦੇ ਪਾਰਖੂਆਂ ਤੋਂ ਭਰਪੂਰ ਪ੍ਰਸ਼ੰਸਾ ਪ੍ਰਾਪਤ ਕਰਦਾ ਰਿਹਾ । 1947 ਵਿੱਚ ਦੇਸ਼ ਵੰਡਿਆ ਗਿਆ, ਸ। ਕ੍ਰਿਪਾਲ ਸਿੰਘ ਵਰਗੇ ਕੋਮਲ-ਭਾਵੀ ਕਲਾ ਪ੍ਰੇਮੀ ਦੇ ਮਨ 'ਤੇ ਗਹਿਰੀ ਸੱਟ ਵੱਜੀ । ਲਾਹੌਰ ਛੱਡ ਕੇ ਜਲੰਧਰ ਆਉਣਾ ਪਿਆ । ਸ। ਕ੍ਰਿਪਾਲ ਸਿੰਘ ਨੇ ਹੁਣ ਮਨ ਬਣਾ ਲਿਆ ਕਿ ਚਿੱਤਰਕਾਰੀ ਦੇ ਕਿੱਤੇ ਨੂੰ ਹੀ ਅਪਨਾਉਣਾ ਪਵੇਗਾ । ਇਸ ਕਿੱਤੇ ਵਿੱਚ ਸਫ਼ਲਤਾ ਦੀਆਂ ਪੌੜੀਆਂ ਚੜ੍ਹਨਾ ਅਤੇ ਕਿਸਮਤ ਅਜ਼ਮਾਈ ਕਰਦਾ ਇਹ ਮਹਾਨ ਕਲਾਕਾਰ ਦੇਸ਼ ਦੀ ਰਾਜਧਾਨੀ ਦਿੱਲੀ ਜਾ ਵੱਸਿਆ ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੇਂਦਰੀ ਸਿੱਖ ਅਜਾਇਬ-ਘਰ ਦੇ ਇਤਿਹਾਸਕ ਚਿੱਤਰਾਂ ਦੀਆਂ ਸੇਵਾਵਾਂ ਲਈ ਬੁਲਾਇਆ । ਇਸ ਅਜਾਇਬ-ਘਰ ਦੀ ਸੇਵਾ ਨੂੰ ਬੜੀ ਤਨਦੇਹੀ ਨਾਲ ਨਿਭਾਇਆ । 1962 ਈ: ਵਿੱਚ ਸ। ਕ੍ਰਿਪਾਲ ਸਿੰਘ ਆਰਟਿਸਟ ਮੁੜ ਦਿੱਲੀ ਪਰਤ ਗਏ । ਉਥੇ ਉਨ੍ਹਾਂ ਗੁਰਦੁਆਰਾ ਬੰਗਲਾ ਸਾਹਿਬ ਲਈ ਅਨੇਕਾਂ ਬਹੁਮੁੱਲੇ ਚਿੱਤਰ ਬਣਾਏ । ਇਸ ਦੇ ਨਾਲ-ਨਾਲ ਸਿੱਖ ਰੈਜਮੈਂਟ ਸੈਂਟਰ ਲਈ ਵੀ ਚਿੱਤਰਕਾਰੀ ਕੀਤੀ । ਦਿੱਲੀ ਨਿਵਾਸ ਦੌਰਾਨ ਸ। ਕ੍ਰਿਪਾਲ ਸਿੰਘ ਦਾ ਮਿਲਾਪ ਕਲਾ-ਪਾਰਖੂ ਡਾ: ਮਹਿੰਦਰ ਸਿੰਘ ਰੰਧਾਵਾ ਨਾਲ ਹੋਇਆ । ਇਸ ਤੋਂ ਇਲਾਵਾ ਸ। ਕ੍ਰਿਪਾਲ ਸਿੰਘ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਤੀਜੀ ਸ਼ਤਾਬਦੀ ਸਮੇਂ ਗੁਰੂ ਤੇਗ ਬਹਾਦਰ ਮਿਊਜ਼ੀਅਮ ਸ੍ਰੀ ਅਨੰਦਪੁਰ ਸਾਹਿਬ ਨੂੰ ਸਖ਼ਤ ਮਿਹਨਤ ਨਾਲ ਤਿਆਰ ਕੀਤਾ । ਸ। ਕ੍ਰਿਪਾਲ ਸਿੰਘ ਦੀ ਚਿੱਤਰਕਾਰੀ ਨੂੰ ਉਦੋਂ ਹੋਰ ਉਤਸ਼ਾਹ ਮਿਲਿਆ, ਜਦੋਂ ਉਨ੍ਹਾਂ ਸਾਹਿਬਜ਼ਾਦਾ ਅਜੀਤ ਸਿੰਘ ਮੈਮੋਰੀਅਲ, ਐੱਸ ਏ ਐੱਸ। ਨਗਰ (ਮੁਹਾਲੀ) ਨੂੰ ਆਪਣੀ ਕਲਾ ਦੀ ਛੂਹ ਨਾਲ ਸ਼ਿੰਗਾਰਿਆ । ਇਸ ਤੋਂ ਬਾਅਦ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਪੰਜਾਬ ਦੀ ਵਿਰਾਸਤ ਨੂੰ ਚਿੱਤਰਿਆ । ਗੁਰਦੁਆਰਾ ਮੈਹਦੇਆਣਾ ਸਾਹਿਬ, ਜਗਰਾਉਂ ਅਤੇ ਗਦਰ ਪਾਰਟੀ ਮੈਮੋਰੀਅਲ ਮਿਊਜ਼ੀਅਮ ਲਈ ਵੀ ਉਨ੍ਹਾਂ ਬੇਸ਼ਕੀਮਤੀ ਚਿੱਤਰ ਕੌਮ ਦੀ ਝੋਲੀ ਵਿੱਚ ਪਾਏ । ਹਮੇਸ਼ਾ ਕਾਲੇ ਬਸਤਰਾਂ ਨੂੰ ਧਾਰਨ ਕਰਨ ਵਾਲੇ ਸ. ਕ੍ਰਿਪਾਲ ਸਿੰਘ ਆਰਟਿਸਟ ਨੂੰ ਅਨੇਕਾਂ ਸੰਸਥਾਵਾਂ ਨੇ ਸਮੇਂ-ਸਮੇਂ ਬਹੁਤ ਸਾਰੇ ਮਾਣ-ਸਨਮਾਨ ਦਿੱਤੇ । ਪੰਜਾਬ ਆਰਟਸ ਕੌਂਸਲ ਵੱਲੋਂ ਸਰਵੋਤਮ ਚਿੱਤਰਕਾਰ ਵਜੋਂ 1981 ਵਿੱਚ ਸਨਮਾਨਿਤ ਕੀਤਾ ਗਿਆ । ਆਪਣੇ ਆਖਰੀ ਸਾਹਾਂ ਤੱਕ ਇਹ ਮਹਾਨ ਚਿੱਤਰਕਾਰ ਕਲਾ ਨੂੰ ਸਮਰਪਿਤ ਹੋ ਕੇ ਜੀਵਿਆ । ਚਿੱਤਰਕਾਰੀ ਦੇ ਖੇਤਰ ਵਿੱਚ ਜਿਹੜਾ ਮਾਣ ਸ। ਕ੍ਰਿਪਾਲ ਸਿੰਘ ਨੇ ਪ੍ਰਾਪਤ ਕੀਤਾ, ਉਹ ਵਿਰਲੇ ਪੰਜਾਬੀਆਂ ਦੇ ਹਿੱਸੇ ਆਇਆ ਹੈ । 26 ਅਪ੍ਰੈਲ, 1990 ਨੂੰ ਪੰਜਾਬੀ ਜੀਵਨ ਦਾ ਇਹ ਮਹਾਨ ਚਿਤੇਰਾ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਿਆ । ਉਸ ਦੀ ਕਲਾ ਨੂੰ ਸਾਡਾ ਪ੍ਰਣਾਮ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਨਥੇਹਾ ਦੀ ਪੰਚਾਇਤ ਨੇ ਅੱਖਾਂ ਦਾ ਕੈਂਪ ਲਾ ਕੇ ਪਿੰਡ ਲਈ ਕੰਮ ਕੀਤਾ ਸ਼ੁਰੂ





**ਤਲਵੰਡੀ ਸਾਬੋ, 9 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਕਸਬੇ ਦੇ ਪਿੰਡ ਨਥੇਹਾ ਦੀ ਪੰਚਾਇਤ ਨੇ ਪਿੰਡ ਦਾ ਕਾਰਜ ਸੰਭਾਲਣ ਤੋਂ ਬਾਅਦ ਕੰਮਾਂ ਦੀ ਸ਼ੁਰੂਆਤ ਸਰਪੰਚ ਰਾਜ ਰਾਣੀ ਤੇ ਸਮਾਜ ਸੇਵੀ ਆਗੂ ਸੁਖਪਾਲ ਸਿੰਘ ਦੀ ਅਗਵਾਈ 'ਚ ਪਿੰਡ ਵਾਸੀਆਂ ਲਈ ਮੁਫ਼ਤ ਅੱਖਾਂ ਦਾ ਕੈਂਪ ਬਾਬਾ ਰਾਮਦੇਵ ਜੀ ਦੇ ਮੰਦਿਰ 'ਤੇ ਲਾ ਕੇ ਪਿੰਡ ਵਿਚ ਕੰਮ ਕਰਨ ਦੀ ਸ਼ੁਰੂਆਤ ਕੀਤੀ ਗਈ। ਜਿਸ ਵਿਚ ਰਾਮਾਂ ਮੰਡੀ ਦੇ ਏਕਜੋਤ ਅੱਖਾਂ ਦੇ ਹਸਪਤਾਲ ਦੇ ਡਾਕਟਰ ਇਮਰਾਨ ਖਾਨ ਸਮੇਤ ਪੀ.ਆਰ.ਓ ਮਲਕੀਤ ਸਿੰਘ ਅਤੇ ਸਟਾਫ਼ ਨੇ ਆਪਣੀਆਂ ਸੇਵਾਵਾਂ ਦਿੱਤੀਆਂ, ਜਿਸ ਵਿਚ 375 ਮਰੀਜ਼ਾਂ ਦੀ ਜਾਂਚ ਕੀਤੀ ਅਤੇ ਸੈਂਕੜੇ ਮਰੀਜ਼ਾਂ ਦੇ ਮੁਫ਼ਤ ਅਪਰੇਸ਼ਨ ਕਰਨ ਲਈ ਛਾਂਟੇ ਗਏ, ਜਿਸ ਦਾ ਰਾਮਾਂ ਮੰਡੀ ਦੇ ਹਸਪਤਾਲ ਵਿਚ ਮੁਫ਼ਤ ਅਪਰੇਸ਼ਨ ਕੀਤਾ ਜਾਵੇਗਾ। ਇਸ ਮੌਕੇ ਸਰਪੰਚ ਰਾਜ ਰਾਣੀ ਨੇ ਦੱਸਿਆ ਕਿ ਸਮੁੱਚੀ ਪੰਚਾਇਤ ਵਲੋਂ ਪਿੰਡ ਦੇ ਵਿਕਾਸ ਕਾਰਜਾਂ ਦੀ ਲੜੀ ਨੂੰ ਸ਼ੁਰੂ ਕਰਨ ਤੋਂ ਪਹਿਲਾਂ ਸਮਾਜ ਸੇਵਾ ਦਾ ਕੰਮ ਅੱਖਾਂ ਦਾ ਮੁਫ਼ਤ ਕੈਂਪ ਲਾ ਕੇ ਕੀਤਾ ਗਿਆ। ਜਿਸ ਵਿਚ ਪਿੰਡ ਨਥੇਹਾ ਅਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਲਈ ਮੁਫ਼ਤ ਅੱਖਾਂ ਦੀ ਚੈੱਕਅਪ, ਐਨਕਾਂ, ਦਵਾਈਆਂ ਦਿੱਤੀਆਂ ਗਈਆਂ, ਜਦੋਂ ਕਿ ਛਾਂਟੇ ਮਰੀਜ਼ਾਂ ਦੇ ਅਪਰੇਸ਼ਨ ਮੁਫ਼ਤ ਕੀਤੇ ਜਾਣਗੇ, ਜਿਸ ਦਾ ਸਾਰਾ ਖਰਚਾ ਪੰਚਾਇਤ ਵਲੋਂ ਕੀਤਾ ਜਾਵੇਗਾ। ਜਿਸ ਦੀ ਸਮਾਜ ਸੇਵੀ ਆਗੂ ਸੁਖਪਾਲ ਸਿੰਘ, ਚਰਨਜੀਤ ਸਿੰਘ ਪੰਚ, ਮਲਕੀਤ ਸਿੰਘ ਪੰਚ, ਬਿੱਕਰ ਸਿੰਘ ਪੰਚ, ਪਰਮਜੀਤ ਕੌਰ ਪੰਚ, ਕਿਰਨਪਾਲ ਕੌਰ ਪੰਚ, ਸ਼ਿੰਦਰਪਾਲ ਕੌਰ ਪੰਚ, ਜਗਦੇਵ ਸਿੰਘ ਪੰਚ, ਭੋਲਾ ਸਿੰਘ ਪੰਚ, ਨਾਜ਼ਰ ਰਾਮ ਪੰਚ, ਡਾ. ਨਛੱਤਰ ਸਿੰਘ ਨਥੇਹਾ, ਜਸਵੀਰ ਸਿੰਘ ਚਾਹਲ, ਪਰਮਜੀਤ ਸਿੰਘ ਥਾਣੇਦਾਰ, ਸਾਬਕਾ ਸਰਪੰਚ ਪਵਨ ਕੁਮਾਰ ਨੇ ਸ਼ਲਾਘਾ ਕੀਤੀ। ਉਧਰ ਕੈਂਪ ਦੀ ਸ਼ਲਾਘਾ ਸਾਬਕਾ ਡੀ.ਆਈ.ਜੀ. ਹਰਿੰਦਰ ਸਿੰਘ ਚਾਹਲ, ਸਾਬਕਾ ਸਰਪੰਚ ਜਗਸੀਰ ਸਿੰਘ, ਡਾ. ਸੁਖਜਿੰਦਰ ਸਿੰਘ ਨਥੇਹਾ, ਮਹੰਤ ਜਰਨੈਲ ਸਿੰਘ ਮਿੱਠੂ ਨੇ ਵੀ ਕੀਤੀ। ਇਸ ਮੌਕੇ ਲੰਗਰ ਦਾ ਪ੍ਰਬੰਧ ਪੰਚਾਇਤ ਵਲੋਂ ਕੀਤਾ, ਪਰ ਇਸ ਨੂੰ ਬਣਾਉਣ ਅਤੇ ਛਕਾਉਣ ਦੀ ਸੇਵਾ ਦਾ ਪ੍ਰਬੰਧ ਰਾਮਦੇਵ ਮੰਦਿਰ ਦੀ ਕਮੇਟੀ ਵਲੋਂ ਕੀਤਾ ਗਿਆ। ਕੈਂਪ ਦੇ ਅਖੀਰ ਵਿਚ ਪਿੰਡ ਨਥੇਹਾ ਦੀ ਸਰਪੰਚ ਅਤੇ ਪੰਚਾਇਤ ਨੇ ਕੈਂਪ ਵਿਚ ਯੋਗਦਾਨ ਪਾਉਣ ਵਾਲੇ ਡਾ. ਇਮਰਾਨ ਖਾਨ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਸਮੇਤ ਪਿੰਡ ਦੀ ਮੰਦਿਰ ਕਮੇਟੀ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰਦੀਪ ਸਿੰਘ, ਸੰਦੀਪ ਸਿੰਘ, ਗੁਰਪ੍ਰੀਤ ਸਿੰਘ, ਮਨੀ ਸਿੰਘ ਪਿੰਡ ਦੇ ਨੌਜਵਾਨਾਂ ਨੇ ਕੈਂਪ ਨੂੰ ਸਫਲ ਬਣਾਉਣ ਲਈ ਪੂਰਾ ਯੋਗਦਾਨ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਰੰਘਰੇਟਾ ਗੁਰੂ ਕਾ ਬੇਟਾ ੧ੴ ਸਤਿਗੁਰ ਪ੍ਰਸਾਦਿ ॥ ਰੰਘਰੇਟਾ ਗੁਰੂ ਕਾ ਬੇਟਾ

# ਤਿਲਕ ਜੰਞੂ ਦੇ ਰਾਖੇ ਹਿੰਦ ਦੀ ਚਾਦਰ ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲ ਸ਼ਹੀਦੀ ਸਤਾਬਦੀ ਸਮਾਗਮ ਨੂੰ ਸਮਰਪਿਤ

ਅਤੇ ਗੁਰੂ ਸਾਹਿਬ ਜੀ ਦੇ ਨਾਲ ਸ਼ਹੀਦੀ ਪ੍ਰਾਪਤ ਕਰਨ ਵਾਲੇ ਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਮਹਾਨ ਸਹਾਦਤ ਨੂੰ ਸਮਰਪਿਤ ਅਮਰ ਸ਼ਹੀਦ ਸ਼੍ਰੋਮਣੀ ਜਰਨੈਲ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਦੇ ਦਿੱਲੀ (ਚਾਂਦਨੀ ਚੌਂਕ) ਤੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ (ਪਾਵਨ ਸੀਸ ) ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਉਣ ਦੇ ਮਹਾਨ ਦਿਨ ਨੂੰ ਯਾਦ ਕਰਦਿਆਂ

## ਸਮੁੱਚੀਆਂ ਰੰਘਰੇਟਾ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਿਸ਼ਾਨ ਸਾਹਿਬ ਅਤੇ ਨਗਾਰਿਆਂ ਦੀ ਗੂੰਜ ਵਿੱਚ

ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ



# ਮਹਾਨ ਸੀਸ ਭੇਟਾ ਵਿਸ਼ਾਲ ਨਗਰ ਕੀਰਤਨ

ਆਪ ਸਭ ਸੰਗਤਾਂ ਨੂੰ ਹੱਥ ਜੋੜ ਕੇ ਬੇਨਤੀ ਹੈ ਕਿ ਇਸ ਮਹਾਨ ਪਰ ਉਪਕਾਰ ਵਾਲੇ ਦਿਨ ਨੂੰ ਯਾਦ ਕਰਦਿਆਂ ਵੱਧ ਤੋਂ ਵੱਧ ਸੰਗਤਾਂ ਸੀਸ ਭੇਟ ਯਾਤਰਾ ਦੇ ਵਿਸ਼ਾਲ ਨਗਰ ਕੀਰਤਨ ਵਿੱਚ ਆਪੋ ਆਪਣੀਆਂ ਗੱਡੀਆਂ ਲੈ ਕੇ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ।

## ਯਾਤਰਾ ਦਾ ਰੂਟ ਵੇਰਵਾ:-

ਆਵਾਜ਼ਿ ਕੌਮ AWAZE QAUM International Newspaper & WEB TV

**ਮਿਤੀ 6-12-24 ਦਿਨ ਸ਼ੁੱਕਰਵਾਰ ਨੂੰ**

ਗੁ: ਸੀਸ ਗੰਜ ਸਾਹਿਬ ਦਿੱਲੀ ਤੋਂ ਸਵੇਰੇ 8:00 ਵਜੇ ਆਰੰਭ ਹੋਵੇਗਾ ।
ਗੁ: ਸ੍ਰੀ ਨਾਨਕ ਪਿਆਉ ਦੇ ਰਸਤੇ ਸੋਨੀਪਤ, ਪਾਣੀਪਤ, ਕਰਨਾਲ ਬਾਈਪਾਸ, ਗ ਲੰਗਰ ਮਾਤਾ ਸਾਹਿਬ ਦੇਵਾਂ ਜੀ।
ਨਾਨਕਸਰ ਕਰਨਾਲ ਦੇ ਰਸਤੇ ਵਿਸ਼ਰਾਮ ਗੁ: ਸੀਸ ਗੰਜ ਸਾਹਿਬ ਤਰਾਵੜੀ ਵਿਖੇ ਹੋਵੇਗਾ ।

**ਮਿਤੀ 7-12-24 ਦਿਨ ਸ਼ਨੀਵਾਰ ਨੂੰ**

ਗੁ: ਸੀਸ ਗੰਜ ਸਾਹਿਬ ਤੋਂ ਤਰਾਵੜੀ ਤੋਂ ਆਰੰਭ ਹੋ ਕੇ ਵਾਇਆ ਕੁਰਕਸ਼ੇਤਰ ਵਿਖੇ, ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਤੇ ਪਿੱਪਲੀ ਸੰਪਰਦਾ ਨੀਲ ਧਾਰੀ ਤੋਂ ਸ਼ਾਹਬਾਦ ਦੇ ਰਸਤੇ ਗੁ: ਮੰਜੀ ਸਾਹਿਬ ਪਾਤਿਸ਼ਾਹੀ ਛੇਵੀਂ ਅੰਬਾਲਾ ਤੋਂ ਹੁੰਦਾ ਹੋਇਆ ਰਾਤ ਦਾ ਵਿਸ਼ਰਾਮ ਗੁ: ਨਾਭਾ ਸਾਹਿਬ ਜੀਰਕਪੁਰ ਵਿਖੇ ਹੋਵੇਗਾ ।

**ਮਿਤੀ 8-12-24 ਦਿਨ ਐਤਵਾਰ ਨੂੰ**

ਗੁ: ਨਾਭਾ ਸਾਹਿਬ ਜੀਰਕਪੁਰ ਤੋਂ ਆਰੰਭ ਹੋ ਕੇ ਏਅਰਪੋਰਟ ਰੋਡ ਤੋਂ ਆਈਸਰ ਕੰਪਨੀ ਤੋਂ ਹੁੰਦਾ ਹੋਇਆ ਫੇਜ਼ 11 ਵਿਖੇ
ਗੁ: ਸਿੰਘ ਸਭਾ ਤੋਂ ਗੁ: ਬਾਬਾ ਨਾਮਦੇਵ ਜੀ ਫੇਜ਼ 10 ਤੋਂ ਗੁ: ਸਿੰਘ ਸ਼ਹੀਦਾਂ ਸੁਹਾਣਾਂ ਤੋਂ ਗੁ ਅੰਬ ਸਾਹਿਬ ਫੇਜ਼ 8 ਤੋਂ
ਗੁ: ਸਿੰਘ ਸਭਾ ਤੋਂ ਗੁ ਰਵੀਦਾਸ ਟੈਂਪਲ ਫੇਜ਼ 7 ਤੋਂ ਗੁ ਸਾਚਾ ਧੰਨ ਫੇਜ ਤਬੀ 1 ਤੇ ਹੁੰਦਾ ਹੋਇਆ ਗੁ ਰਾਮਗੜੀਆਂ ਸਾਹਿਬ
3 ਬੀ 1 ਤੋਂ ਹੁੰਦਾ ਹੋਇਆ ਗੁ: ਬਾਬਾ ਜੀਵਨ ਸਿੰਘ ਫੇਜ 3 ਏ ਖੇਰ ਲਾਂਡਰਾ ਰਸਤੇ ਹੁੰਦਾ ਹੋਇਆ
ਰਾਤ ਵਿਸ਼ਰਾਮ ਸ੍ਰੀ ਫਤਹਿਗੜ ਸਾਹਿਬ ਸਰਹੰਦ ਵਿਖੇ ਹੋਵੇਗਾ ।

**ਮਿਤੀ 9-12-24 ਦਿਨ ਸੋਮਵਾਰ ਨੂੰ**

ਗੁ: ਫਤਿਹਗੜ ਸਾਹਿਬ ਤੋਂ ਅਰੰਭ ਹੋ ਕੇ ਚਾਇਆ ਮੋਰਿੰਡਾਂ ਹੁੰਦਾ ਹੋਇਆ ਗੁ ਕੀਤਵਾਲੀ ਸਾਹਿਬ ਤੇ ਹੁੰਦਾ ਹੋਇਆ ਗੁ ਸ੍ਰੀ ਚਮਕੌਰ ਸਾਹਿਬ ਹੁੰਦਾ ਹੋਇਆ ਗੁ: ਸ਼ਹੀਦ ਬਾਬਾ ਦੀਪ ਸਿੰਘ ਸੇਲਖੀਆਂ, ਗੁ: ਭੱਠਾ ਸਾਹਿਬ ਪਾਤਿਸ਼ਾਹੀ ਦਸਵੀਂ ਤੋਂ ਗੁ ਸਦਾਬਰਤ ਸਾਹਿਬ ਤੋਂ ਸਾਹੀ ਟਿੱਬੀ ਤੋਂ ਗੁ: ਨਿਰਮੋਹਗੜ੍ਹ ਦੇ ਰਸਤੇ ਗੁ: ਕੀਰਤਪੁਰ ਸਾਹਿਬ ਰੋਪੜ ਵਿਖੇ ਰਾਤ ਦਾ ਵਿਸ਼ਰਾਮ

**ਮਿਤੀ 10-12-24 ਦਿਨ ਮੰਗਲਵਾਰ ਨੂੰ**

ਸਵੇਰੇ 7:00 ਵਜੇ ਗੁ: ਬਿਬਾਣਗੜ੍ਹ ਸਾਹਿਬ ਅਰੰਭ ਹੋ ਕੇ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਮੂਹ ਸੰਗਤਾਂ ਨਗਰ ਕੀਰਤਨ ਨੂੰ ਜੀ ਆਇਆ ਕਰਨ ਤੇ ਵਿਸ਼ਾਲ ਨਗਰ ਕੀਰਤਨ ਰਾਹੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਸੰਗਤਾਂ ਵੱਲੋਂ

## ਗੁ: ਸੀਸ ਗੰਜ਼ ਸਾਹਿਬ (ਸ੍ਰੀ ਅਨੰਦਪੁਰ ਸਾਹਿਬ) ਵਿਖੇ ਕੀਰਤਨ ਦਰਬਾਰ ਹੋਵੇਗਾ ਅਤੇ ਨਗਰ ਕੀਰਤਨ ਸਮਾਪਤੀ ਦੀ ਅਰਦਾਸ ਕੀਤੀ ਜਾਵੇਗੀ ।



ਜਥੇਦਾਰ ਬਾਬਾ ਮੇਜਰ ਸਿੰਘ ਸੋਢੀ
ਮੁੱਖੀ ਦਸਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ਮਿਸਲ
1300 ਘੋੜ ਸਵਾਰ ਸ਼ਹੀਦ ਬਾਬਾ ਬੀਰ ਸਿੰਘ ਰੰਘਰੇਟਾ
ਸ੍ਰੀ ਅੰਮ੍ਰਿਤਸਰ ਸਾਹਿਬ





ਮਹਿਤਾ ਚੌਂਕ



ਭਾਈ ਸੁਖਦੇਵ ਸਿੰਘ ਜੀ
ਮੁੱਖ ਬੁਲਾਰੇ ਦਮਦਮੀ ਟਕਸਾਲ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


ਨਗਰ ਜਨਸੂਆ ਅਤੇ ਹਲਕਾ ਨਿਵਾਸੀ ਸਾਧ ਸੰਗਤ ਵਲੋਂ
ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ
ਦੇ ਸ਼ਹੀਦੀ ਦਿਵਸ ਦੇ ਸਬੰਧ ਵਿੱਚ
ਮਹਾਨ ਗੁਰਮਤਿ ਸਮਾਗਮ
21-22 ਦਿਸੰਬਰ 2024
ਦਿਨ ਸ਼ਨੀਵਾਰ ਅਤੇ ਐਤਵਾਰ
ਨਗਰ ਜਨਸੂਆ
ਜਿਲਾ ਅੰਬਾਲਾ
ਸਵੇਰੇ 10.00 ਵਜੇ ਤੋਂ ਸ਼ਾਮ 4.00 ਵਜੇ ਤਕ
ਸਿੰਘ ਸਾਹਿਬ ਗਿ. ਰਘਬੀਰ ਸਿੰਘ ਜੀ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਧਰਮ ਪ੍ਰਚਾਰ ਕਮੇਟੀ HSGMC
ਸਿੰਘ ਸਾਹਿਬ ਗਿ. ਰਣਜੀਤ ਸਿੰਘ ਜੀ
ਗਿ. ਪ੍ਰੇਮ ਸਿੰਘ ਜੀ
ਭਾਈ ਦਵਿੰਦਰ ਸਿੰਘ ਜੀ
ਪਰਮਪ੍ਰੀਤ ਸਿੰਘ ਜੀ
ਭਾਈ ਨਰਵਿੰਦਰ ਸਿੰਘ ਜੀ
ਗਿ. ਸੁਖਜਿੰਦਰ ਸਿੰਘ ਨੂਰ
ਭਾਈ ਜਤਿੰਦਰ ਸਿੰਘ ਨੂਰਪੁਰੀ
ਭਾਈ ਮਨਪ੍ਰੀਤ ਸਿੰਘ ਜੀ
ਭਾਈ ਗੁਰਮੇਲ ਸਿੰਘ ਜੀ


ਸ੍ਰੀ ਅਕਾਲ ਜੀ ਸਹਾਇ
ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਮਾਤਾ ਗੁਜਰ ਕੌਰ ਜੀ,
ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਸ਼ਹਾਦਤ ਨੂੰ ਮੁੱਖ ਰੱਖਦਿਆਂ
ਸ਼ਹੀਦੀ ਸਭਾ
24 ਅਤੇ 25 ਦਸੰਬਰ 2024 ਸਵੇਰੇ 9 ਵੱਜੇ ਤੋਂ
ਗੁ. ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਅੰਬਾਲਾ ਸ਼ਹਿਰ
ਸਭਾ ਦੌਰਾਨ ਗੁਰੂ ਸਾਹਿਬ ਜੀ ਦੀ ਲਾਡਲੀਆਂ ਫੌਜ਼ਾ (ਬੱਚੇ ਅਤੇ ਬੱਚੀਆਂ) ਕਿਸੇ ਵੀ ਮੁਕਾਬਲੇ ਵਿੱਚ ਭਾਗ ਲੈ ਸਕਦੇ ਹਨ ਜੀ
24 ਦਸੰਬਰ
ਤੀਰ ਅੰਦਾਜ਼ੀ ਅਤੇ ਸ਼ੁਟਿੰਗ
ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਨੂੰ ਬੇਸਿਕ ਗਿਆਨ ਹੋਣਾ ਜ਼ਰੂਰੀ ਹੈ ਜੀ।
ਦਸਤਾਰ ਮੁਕਾਬਲਾ
ਦੁਮਾਲਾ ਮੁਕਾਬਲਾ
ਸਿੱਖ ਇਤਿਹਾਸਕ ਕਲਰਿੰਗ ਅਤੇ ਪੇਂਟਿੰਗ
(ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਪ੍ਰਤੀਭਾਗੀ ਕਾਰਡ ਬੋਰਡ ਅਤੇ ਕਲਰ ਨਾਲ ਲੈ ਕੇ ਆਉਣ ਜੀ)
ਕਵਿਤਾ
ਵਿਸ਼ਾ : ਸ਼ਹੀਦੀ ਇਤਿਹਾਸ ਸਬੰਧਿਤ 3 ਤੋਂ 5 ਮਿੰਟ
ਖੋ-ਖੋ
(ਇਸ ਮੁਕਾਬਲੇ ਵਿਚ ਕੇਵਲ ਸੱਦਾ ਦਿਤੀ ਗਈ ਟੀਮ ਹੀ ਭਾਗ ਲੈ ਸਕਦੀ ਹੈ।)
ਰੱਸੀ ਟੱਪਣਾ
(ਕੇਵਲ ਲੜਕੀਆਂ 1 4ਸਾ ਲ ਤੱਕ)
ਟਰਾਈ ਸਾਇਕਲ ਰੇਸ
ਇਸ ਰੇਸ ਵਿੱਚ 7 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਧਿਮੀ ਸਾਇਕਲ ਰੇਸ
ਇਸ ਰੇਸ ਵਿੱਚ 10 ਤੋਂ 13 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ।
ਰੱਸਾ ਖਿਚਣਾ
15 ਸਾਲ ਤੱਕ ਦੀ 8 ਮੈਂਬਰੀ ਟੀਮ
25 ਦਸੰਬਰ
ਗੁਰਬਾਣੀ ਕੰਠ
ਬਾਣੀ : ਸਲੋਕ ਮਹਲਾ ਨੌਵਾਂ ਅਤੇ ਸ਼ਬਦ (ਨੌਵੇਂ ਪਾਤਸ਼ਾਹ)
5 ਤੋਂ 8 ਸਾਲ ਪਹਿਲੇ 10 ਸ਼ਲੋਕ ਅਤੇ ਇਕ ਸ਼ਬਦ
9 ਤੋਂ 15 ਸਾਲ ਪਹਿਲੇ 25 ਸ਼ਲੋਕ ਅਤੇ ਦੋ ਸ਼ਬਦ
16 ਤੋਂ 25 ਸਾਲ 57 ਸ਼ਲੋਕ, ਚਾਰ ਸ਼ਬਦ ਅਤੇ ਤ੍ਵ ਪ੍ਰਸਾਦਿ ਸਵੱਯੇ
ਅਵਾਰਡ ਚੰਗੇਰੇ ਮਾਪੇ
ਗਤਕਾ ਪ੍ਰਦਰਸ਼ਨ
(ਵਿਅਕਤੀਗਤ : ਫਾਇਟ ਫਰੀ-ਸੋਟੀ, ਡਬਲ ਕਿਰਪਾਨ ਅਤੇ ਚੱਕਰ)
ਅੰਬਾਲਾ ਗਤਕਾ ਅਕੈਡਮੀ
ਵਲੋਂ ਸ਼ਸਤ੍ਰ ਵਿਦਿਆ ਦਾ ਸਾਂਝਾ ਪ੍ਰਦਸ਼ਨ ਕਿਤਾ ਜਾਵੇਗਾ ਜੀ
ਸਿੱਖੀ ਸਰੂਪ ਮੇਰਾ ਅਸਲੀ ਰੂਪ
ਕਵੀਜ਼ ਮੁਕਾਬਲਾ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ 7988264621, 8929111683, 9812032041, 7988513083, 9466408747, 7404112798
ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸੇਵਾ ਸੋਸਾਇਟੀ (ਰਜਿ.), ਅੰਬਾਲਾ ਸ਼ਹਿਰ
ਪ੍ਰਧਾਨ ਅਤੇ ਸਮੂਹ ਮੈਂਬਰਾਨ
ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਦਾਸਰੇ: ਮੈਨੇਜਰ
ਗੁ. ਮੰਜੀ (ਬਾਉਲੀ) ਸਾਹਿਬ, ਪਾ.੬ਵੀਂ, ੧੦ਵੀਂ
ਅੰਬਾਲਾ ਸ਼ਹਿਰ 0171-2446949
ਭੁਪਿੰਦਰ ਸਿੰਘ ਅਸੰਧ ਪ੍ਰਧਾਨ HSGMC
ਸ. ਹਰਪਾਲ ਸਿੰਘ ਕੰਬੋਜ ਮੈਂਬਰ, HSGMC
ਸ. ਇੰਦਰਜੀਤ ਸਿੰਘ ਮੈਂਬਰ, HSGMC
ਸ. ਰਜਿੰਦਰ ਸਿੰਘ ਮੈਂਬਰ, HSGMC
ਕੈਪਟਨ ਦਿਲਬਾਗ ਸਿੰਘ ਮੈਂਬਰ, HSGMC
ਜ. ਬਲਜੀਤ ਸਿੰਘ ਦਾਦੂਵਾਲ ਚੇਅਰਮੈਨ, ਧਰਮ ਪ੍ਰਚਾਰ ਕਮੇਟੀ, HSGMC

### ਸਿੰਘ ਸਾਹਿਬਾਨ ਸੁਖਬੀਰ ਸਿੰਘ ਬਾਦਲ ਬਾਰੇ ਕੀਤੇ ਫ਼ੈਸਲੇ ਲਾਗੂ ਕਰਾਉਣ ਲਈ ਦ੍ਰਿੜ੍ਹ ਹੋਣ- ਪ੍ਰੋ. ਸਰਚਾਂਦ ਸਿੰਘ

# 'ਤਨਖ਼ਾਹ' ਦੀ ਸੰਪੂਰਨਤਾ ਦੀ ਅਰਦਾਸ ਕਰਨ ਅਤੇ ਸਰਟੀਫਿਕੇਟ ਦੇਣ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਸਿੰਘ ਅਤੇ ਅਰਦਾਸੀਏ ਸਿੰਘਾਂ ਨੂੰ ਸੁਚੇਤ ਕਰਨ ਦੀ ਕੀਤੀ ਅਪੀਲ



**ਅੰਮ੍ਰਿਤਸਰ 9 ਦਸੰਬਰ (ਆਵਾਜ਼ਿ ਕੌਮ ਬਿਊਰੋ)**- ਸਿੱਖ ਸਟੂਡੈਂਟਸ ਫੈਡਰੇਸ਼ਨ (ਮਹਿਤਾ) ਦੇ ਸਾਬਕਾ ਕਾਰਜਕਾਰੀ ਪ੍ਰਧਾਨ, ਪ੍ਰੋ.ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ,ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਸਿੰਘ ਸਾਹਿਬਾਨ ਨੂੰ ਸੁਖਬੀਰ ਸਿੰਘ ਬਾਦਲ ਬਾਰੇ ਕੀਤੇ ਆਪਣੇ ਫ਼ੈਸਲੇ ਨੂੰ ਲਾਗੂ ਕਰਾਉਣ ਲਈ ਦ੍ਰਿੜ੍ਹ ਹੋਣ ਪਵੇਗਾ। ਅਕਾਲੀ ਲੀਡਰਸ਼ਿਪ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਆਦੇਸ਼ ਦੀ ਪੂਰਤੀ ਪ੍ਰਤੀ ਕਦੀ ਵੀ ਸੰਜੀਦਗੀ ਨਹੀਂ ਦਿਖਾਈ।

ਪ੍ਰੋ. ਸਰਚਾਂਦ ਸਿੰਘ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇਕ ਪੱਤਰ ਲਿਖਦਿਆਂ ਪੰਥਕ ਰਵਾਇਤਾਂ 'ਤੇ ਪਹਿਰਾ ਦੇਣ ਨੂੰ ਯਕੀਨੀ ਬਣਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਦਿੱਤੇ ਗਏ ਆਦੇਸ਼ ਦੀ ਪੂਰਤੀ ਕੀਤੇ ਬਿਨਾ ਸੁਖਬੀਰ ਸਿੰਘ ਬਾਦਲ ਅਤੇ ਸਾਥੀਆਂ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 'ਤਨਖ਼ਾਹ' ਦੀ ਸੰਪੂਰਨਤਾ ਦੀ ਅਰਦਾਸ ਕਰਨ ਅਤੇ ਸਰਟੀਫਿਕੇਟ ਦੇਣ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬਾਨ ਅਤੇ ਅਰਦਾਸੀਏ ਸਿੰਘਾਂ ਨੂੰ ਸੁਚੇਤ ਕਰਨ ਦੀ ਅਪੀਲ ਕੀਤੀ ਹੈ। ਅਕਾਲੀ ਦਲ ਦਾ ਦਾਅਵਾ ਹੈ ਕਿ ਸੁਖਬੀਰ ਸਿੰਘ ਬਾਦਲ ਤੇ 6 ਸਾਥੀ ਤਨਖ਼ਾਹ ਪੂਰੀ ਕਰਕੇ 13 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਨਖ਼ਾਹ ਦੀ ਸੰਪੂਰਨਤਾ ਦੀ ਅਰਦਾਸ ਕਰਾਉਣ ਆ ਰਹੇ ਹਨ।

ਪ੍ਰੋ. ਸਰਚਾਂਦ ਸਿੰਘ ਜੋ ਕਿ ਪੰਜਾਬ ਭਾਜਪਾ ਦੇ ਬੁਲਾਰੇ ਵੀ ਹਨ, ਨੇ ਕਿਹਾ ਕਿ 2 ਦਸੰਬਰ 2024 ਨੂੰ ਸੁਖਬੀਰ ਸਿੰਘ ਬਾਦਲ ਸਮੇਤ ਅਕਾਲੀ ਲੀਡਰਸ਼ਿਪ ਵੱਲੋਂ ਅਤੀਤ ਦੌਰਾਨ ਦਿਖਾਈ ਗਈ ਪੰਥ ਵਿਰੋਧੀ ਭੂਮਿਕਾ ਨੂੰ ਕਬੂਲ ਕਰਨ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਅਕਾਲੀ ਲੀਡਰਸ਼ਿਪ ਵਿਰੁੱਧ ਸੁਣਾਈ ਗਈ 'ਤਨਖ਼ਾਹ' ਭਾਵੇਂ ਉਸ ਵਕਤ ਸਿਰ ਮੱਥੇ ਪ੍ਰਵਾਨ ਕਰ ਲਿਆ ਗਿਆ ਅਤੇ ਅਗਲੇ ਹੀ ਦਿਨ ਤੋਂ 'ਤਨਖ਼ਾਹ' ਪੂਰੀ ਕੀਤੀ ਜਾਣ ਲੱਗੀ।

ਪਰ ਪੰਜ ਸਿੰਘ ਸਾਹਿਬਾਨ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੁਣਾਏ ਗਏ ਆਦੇਸ਼ ਵਿਚ ਸੁਖਬੀਰ ਸਿੰਘ ਬਾਦਲ ਸਮੇਂ ਅਸਤੀਫ਼ਾ ਦੇਣ ਵਾਲਿਆਂ ਦਾ ਤਿੰਨ ਦਿਨ ਦੇ ਅੰਦਰ ਅਸਤੀਫ਼ਾ ਪ੍ਰਵਾਨ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਰਿਪੋਰਟ ਕਰਨ ਅਤੇ ਸੌਦਾ ਸਾਧ ਦੀ ਮੁਆਫ਼ੀ ਨੂੰ ਸਹੀ ਠਹਿਰਾਉਣ ਲਈ ਅਖ਼ਬਾਰਾਂ ਵਿਚ ਸ਼੍ਰੋਮਣੀ ਕਮੇਟੀ ਦੀ ਤਰਫ਼ੋਂ ਇਸ਼ਿਤਹਾਰ ਲਗਵਾਉਣ ਦੇ ਮਾਮਲੇ 'ਚ ਗੁਰੂ ਕੇ ਖ਼ਜ਼ਾਨੇ ਦੀ ਭਰਪਾਈ ਲਈ ਸੁਖਬੀਰ ਸਿੰਘ ਬਾਦਲ ਸਮੇਤ ਉਨ੍ਹਾਂ ਦੇ ਨਜ਼ਦੀਕੀਆਂ ਜਿਨ੍ਹਾਂ 'ਚ ਸੁਖਦੇਵ ਸਿੰਘ ਢੀਂਡਸਾ, ਸੁੱਚਾ ਸਿੰਘ ਲੰਗਾਹ, ਹੀਰਾ ਸਿੰਘ ਗਾਬੜੀਆ, ਬਲਵਿੰਦਰ ਸਿੰਘ ਭੂੰਦੜ, ਗੁਲਜ਼ਾਰ ਸਿੰਘ ਰਣੀਕੇ ਅਤੇ ਦਲਜੀਤ ਸਿੰਘ ਚੀਮਾ ਸ਼ਾਮਿਲ ਹਨ, ਨੂੰ ਇਸ਼ਿਤਹਾਰਾਂ ਦੀ ਲਾਗਤ ਰਕਮ ਵਿਆਜ ਸਮੇਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਜਮਾ ਕਰਾਉਣ ਦਾ ਵੀ ਆਦੇਸ਼ ਦਿੱਤਾ ਗਿਆ। ਜਿਸ ਦੀ ਪੂਰਤੀ ਹੁਣ ਤਕ ਵੀ ਨਹੀਂ ਕੀਤੀ ਗਈ ਹੈ। ਇਸੇ ਤਰਾਂ ਹੀ ਸੁਖਬੀਰ ਸਿੰਘ ਬਾਦਲ ਅਤੇ ਅਸਤੀਫ਼ਾ ਦੇਣ ਵਾਲਿਆਂ ਦਾ ਅਸਤੀਫ਼ਾ ਵੀ ਤੈਅ ਸਮੇਂ ਅੰਦਰ ਮਨਜ਼ੂਰ ਨਹੀਂ ਕੀਤਾ ਗਿਆ, ਸਗੋਂ ਅਕਾਲੀ ਆਗੂ ਦਲਜੀਤ ਸਿੰਘ ਚੀਮਾ ਦੇ ਹਵਾਲੇ ਨਾਲ ਇਹ ਗਲ ਸਾਹਮਣੇ ਆ ਰਹੀ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅਕਾਲੀ ਦਲ ਵਰਕਿੰਗ ਕਮੇਟੀ ਨੂੰ ਅਸਤੀਫ਼ਿਆਂ ਦੀ ਪ੍ਰਵਾਨਗੀ ਲਈ 20 ਦਸੰਬਰ ਤਕ ਦਾ ਸਮਾਂ ਦੇ ਦਿੱਤਾ ਗਿਆ ਹੈ। ਇਸ ਲਈ ਅਕਾਲੀ ਲੀਡਰਸ਼ਿਪ ਅਕਾਲ ਤਖ਼ਤ ਸਾਹਿਬ ਦੇ ਆਦੇਸ਼ 'ਤੇ ਪੂਰਨ ਰੂਪ 'ਚ ਪਹਿਰਾ ਦੇਣ ਦੀ ਥਾਂ ਕੁਤਾਹੀ ਅਤੇ ਹੇਰਾ ਫੇਰੀ ਕਰਕੇ ਪੰਥ ਨੂੰ ਭੰਬਲਭੂਸੇ 'ਚ ਪਾਇਆ ਜਾ ਰਿਹਾ ਹੈ। ਇਸ ਸਮੇਂ ਪੰਥ ਲਈ ਵਿਡੰਬਣਾ ਹੈ ਕਿ ਸੁਖਬੀਰ ਸਿੰਘ ਬਾਦਲ ਸਮੇਤ ਅਕਾਲੀ ਲੀਡਰਸ਼ਿਪ ਦੀ ਇਹ ਮਾਨਸਿਕਤਾ ਬਣ ਚੁੱਕੀ ਹੈ ਕਿ ਸਤਾ ਲਈ ਸਾਨੂੰ ਕਲੀਨ ਚਿੱਟ ਦੇ ਦਿਓ। ਬਾਕੀ ਅਸੀਂ ਜਾਣੀਏ ਤੇ ਸਾਡਾ ਕੰਮ। ਅਕਾਲੀ ਦਲ ਲਈ ਅਕਾਲ ਤਖ਼ਤ ਸਾਹਿਬ ਦੀ ਕਿਸੇ ਤਰਾਂ ਦੀ ਦਖ਼ਲ ਅੰਦਾਜ਼ੀ ਸਾਨੂੰ ਪਰਵਾਨ ਨਹੀਂ। ਜਿਸ ਅਕਾਲੀ ਦਲ ਨੂੰ ਖ਼ਤਮ ਕਰਨ ਦਾ ਤਹੱਈਆ ਅਸੀਂ ਕਰ ਚੁੱਕੇ ਹਾਂ ਉਸ ਨੂੰ ਮੁੜ ਸਥਾਪਿਤ ਕਰਨ ਦਾ ਯਤਨ ਅਕਾਲ ਤਖ਼ਤ ਸਾਹਿਬ ਤੋਂ ਕਿਉਂ ਕੀਤਾ ਜਾ ਰਿਹਾ ਹੈ?

ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪੰਜਾਬ ਦੀ ਪੰਥਕ ਪਾਰਟੀ ਸ਼੍ਰੋਮਣੀ ਅਕਾਲੀ ਦਲ, ਜਿਸ' 'ਤੇ ਸਿੱਖਾਂ ਦੇ ਹਿੱਤਾਂ ਦੀ ਰਾਖੀ ਕਰਨ ਦੀ ਜ਼ਿਮੀਦਾਰੀ ਰਹੀ, ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਸਮੇਤ ਉਨ੍ਹਾਂ ਦੇ ਨਜ਼ਦੀਕੀ ਸਿਆਸੀ ਵਿਅਕਤੀਆਂ ਤੋਂ ਉਨ੍ਹਾਂ ਵੱਲੋਂ ਰਾਜ ਭਾਗ ਦੌਰਾਨ ਸਿੱਖੀ ਸਰੋਕਾਰਾਂ ਨਾਲ ਸੰਬੰਧਿਤ ਅਸਲ ਮੁੱਦਿਆਂ ਤੋਂ ਪਾਸੇ ਹੋ ਕੇ ਕੇਵਲ ਰਾਜਸੀ ਸੱਤਾ ਦਾ ਸੁਖ ਮਾਣਦਿਆਂ ਹੋਇਆ ਪੰਥਕ ਹਿੱਤਾਂ ਨੂੰ ਨਾ ਕੇਵਲ ਪਿੱਠ ਦਿਖਾਉਣ, ਸਗੋਂ ਪੰਥ ਵਿਰੋਧੀ ਕਾਰਜ ਵੀ ਕੀਤੇ ਜਾਣ ਦਾ ਲੇਖਾ ਜੋਖਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਖ਼ਾਲਸਾ ਪੰਥ ਦੀ ਭਰੀ ਕਚਹਿਰੀ 'ਚ ਕੀਤਾ ਗਿਆ ਤਾਂ ਉਨ੍ਹਾਂ ਨੇ ਆਪਣੇ ਸੰਗੀਨ 'ਗੁਨਾਹ' ਕਬੂਲ ਕੀਤੇ। ਗੁਨਾਹ ਦੇ ਪੱਧਰ ਅਨੁਸਾਰ ਉਨ੍ਹਾਂ ਖਿਲਾਫ ਪੰਥਕ ਰਵਾਇਤਾਂ ਮੁਤਾਬਕ ਪੰਜ ਸਿੰਘ ਸਾਹਿਬਾਨ ਵੱਲੋਂ ਤਨਖ਼ਾਹ ਲਾਉਣ ਦੀ ਦ੍ਰਿੜ੍ਹਤਾ ਪੂਰਨ ਫ਼ੈਸਲਾ ਅਤੇ ਇਤਿਹਾਸਕ ਵਰਤਾਰੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਥਾਰਿਟੀ ਅਤੇ ਸਰਵਉੱਚਤਾ ਦੀ ਪ੍ਰਸੰਗਿਕਤਾ ਨੇ ਸੰਸਾਰ ਦੇ ਲੋਕਾਂ ਦਾ ਧਿਆਨ ਖਿੱਚਿਆ ਅਤੇ ਸਿੱਖਾਂ ਅਤੇ ਗੈਰ ਸਿੱਖਾਂ ਅੰਦਰ ਸਿੱਖੀ ਪ੍ਰਤੀ ਇਕ ਅਲੱਗ, ਵਿਲੱਖਣ ਅਤੇ ਹਾਂ ਪੱਖੀ ਨਵੀਂ ਸੋਚ ਦਾ ਸੁਨੇਹਾ ਦਿੱਤਾ। ਉਕਤ ਵਰਤਾਰੇ ਨਾਲ ਬਣੇ ਮਾਹੌਲ ਨੇ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦਾ ਆਭਾ ਅਤੇ ਰੁਤਬੇ ਨੂੰ ਵੀ ਮੁੜ ਸਥਾਪਿਤ ਕੀਤਾ।

### "ਡਾ. ਗੁਰਦਿਆਲ ਸਿੰਘ ਫੁੱਲ" ਯਾਦਗਾਰੀ ਮੇਲੇ ਵਿੱਚ

# ਸ੍ਰੀ ਗੁਰੂ ਰਾਮਦਾਸ ਸੀਨੀ. ਸੈਕੰ. ਸਕੂਲ ਦੇ ਵਿਦਿਆਰਥੀ ਜੇਤੂ




**ਚੌਂਕ ਮਹਿਤਾ 9 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਬੀਤੇ 4,5,6 ਅਤੇ 7 ਦਸੰਬਰ ਨੂੰ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਮੰਚ ਲੋਕ ਸੰਸਥਾ ਵੱਲੋਂ ਕਰਵਾਏ ਗਏ ਚਾਰ ਦਿਨਾਂ "33ਵੇਂ ਡਾ. ਗੁਰਦਿਆਲ ਸਿੰਘ ਫੁੱਲ" ਯਾਦਗਾਰੀ ਸੱਭਿਆਚਾਰਕ ਮੁਕਾਬਲਿਆਂ ਵਿੱਚ ਸ੍ਰੀ ਗੁਰੂ ਰਾਮਦਾਸ ਸੀਨੀ. ਸੈਕੰ. ਸਕੂਲ ਨਾਥ ਦੀ ਖੂਹੀ ਦੇ ਵਿਦਿਆਰਥੀਆਂ ਜੇਤੂ ਸਥਾਨ ਪ੍ਰਾਪਤ ਕੀਤੇ। ਸਕੂਲ ਦੇ ਹੋਣਹਾਰ ਵਿਦਿਆਰਥੀ ਪ੍ਰਨਾਜਪ੍ਰੀਤ ਕੌਰ ਨੇ ਕਵਿਤਾ ਮੁਕਾਬਲੇ ਵਿੱਚ ਪਹਿਲਾ ਸਥਾਨ,ਸਰਤਾਜਜੀਤ ਸਿੰਘ ਤੇ ਸਾਥੀਆਂ ਕਵੀਸ਼ਰੀ ਮੁਕਾਬਲੇ ਵਿੱਚ ਪਹਿਲਾ ਸਥਾਨ, ਹਰਮਨਜੀਤ ਸਿੰਘ ਨੇ ਚਿੱਤਰਕਲਾ ਮੁਕਾਬਲੇ ਵਿੱਚ ਤੀਸਰਾ ਸਥਾਨ, ਸੁਪ੍ਰੀਤ ਕੌਰ ਤੇ ਸਾਥਣਾਂ ਨੇ ਮੈਡਮ ਸਨਦੀਪ ਕੌਰ ਦੀ ਅਗਵਾਈ ਵਿੱਚ ਗਿੱਧਾ ਮੁਕਾਬਲੇ ਵਿਚੋ ਤੀਸਰਾ ਅਤੇ ਸਹਿਜਪ੍ਰੀਤ ਕੌਰ ਨੇ ਸੋਲੋ ਡਾਂਸ ਮੁਕਾਬਲੇ ਵਿੱਚ ਚੌਥਾ ਸਥਾਨ ਹਾਸਿਲ ਕੀਤਾ। ਹੋਣਹਾਰ ਵਿਦਿਆਰਥਣਾਂ ਨਿਮਰਤ ਕੌਰ ਅਤੇ ਮਨਪ੍ਰੀਤ ਕੌਰ ਨੂੰ ਮੰਚ ਲੋਕ ਸੰਸਥਾ ਵੱਲੋਂ ਬਾਲ ਪ੍ਰਤਿਭਾ ਅਵਾਰਡ ਦਿੱਤਾ ਗਿਆ। ਇਸੇ ਤਰਾਂ ਸਕੂਲ ਦੀ ਅਧਿਆਪਕਾ ਸ੍ਰੀਮਤੀ ਗੁਰਦੀਪ ਕੌਰ ਨੂੰ ਸਿੱਖਿਆ ਦੇ ਖੇਤਰ ਵਿੱਚ ਵਧੀਆ ਸੇਵਾਵਾਂ ਲਈ ਅਧਿਆਪਕ ਪ੍ਰਤਿਭਾ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਸ੍ਰੀਮਤੀ ਗੁਰਦੀਪ ਕੌਰ ਵੱਲੋਂ ਵਿਦਿਆਰਥੀਆਂ ਦੀ ਵਧੀਆ ਕਾਰਗੁਜ਼ਾਰੀ ਲਈ ਵਧਾਈ ਦਿੱਤੀ ਗਈ। ਇਸ ਮੌਕੇ ਸਕੂਲ ਡਾਇਰੈਕਟਰ ਸ. ਸ਼ਿਵਚਰਨ ਸਿੰਘ, ਪ੍ਰਿੰਸੀਪਲ ਸ੍ਰੀਮਤੀ ਗੁਰਦੀਪ ਕੌਰ, ਵਾਈਸ ਪ੍ਰਿੰਸੀਪਲ ਸ੍ਰੀਮਤੀ ਰਮਨਪ੍ਰੀਤ ਕੌਰ , ਸ. ਅਜਮੇਰ ਸਿੰਘ ਤੇ ਅਧਿਆਪਕ ਹਾਜ਼ਰ ਸਨ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਛੇਵਾਂ ਸਾਲਾਨਾ ਕੀਰਤਨ ਸਮਾਗਮ ਕਰਵਾਇਆ



**ਚੌਂਕ ਮਹਿਤਾ, 9 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ੍ਰੀ ਗੁਰੂ ਹਰਗੋਬਿੰਦ ਸਾਹਿਬ ਸੇਵਕ ਸਭਾ ਹਰਗੋਬਿੰਦ ਐਵੇਨਿਊ ਛੇਹਰਟਾ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਛੇਵਾਂ ਸਾਲਾਨਾ ਕੀਰਤਨ ਸਮਾਗਮ ਟ੍ਰਿਬਿਊਨਲ ਵਾਲੀ ਪਾਰਕ ਛੇਹਰਟਾ ਵਿਖੇ ਕਰਵਾਇਆ ਗਿਆ। ਅਖੰਡ ਪਾਠ ਦੇ ਭੋਗ ਉਪਰੰਤ ਸਜਾਏ ਗਏ ਧਾਰਮਿਕ ਦੀਵਾਨ ਵਿੱਚ ਕਥਾਵਾਚਕ ਭਾਈ ਗੁਰਚਰਨ ਸਿੰਘ ਭਲਾਈ ਕੇਂਦਰ ਵਾਲੇ, ਭਾਈ ਜਸਵਿੰਦਰ ਸਿੰਘ ਭਲਾਈ ਕੇਂਦਰ ਵਾਲੇ, ਭਾਈ ਦਿਲਬਾਗ ਸਿੰਘ ਭਿੱਟੇਵੱਡ, ਭਾਈ ਧਰਮਵੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਵਾਲਿਆਂ ਨੇ ਕਥਾ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਬਾਰੇ ਚਾਨਣਾ ਪਾਇਆ। ਗੁਰੂ ਜੀ ਦੇ ਲੰਗਰ ਅਟੁੱਟ ਵਰਤਾਏ ਗਏ।

# ਉਮੀਦਵਾਰ ਨਿਤਾਸ਼ਾ ਗਿੱਲ ਦੇ ਹੱਕ ਵਿੱਚ ਇਲਾਕਾ ਨਿਵਾਸੀਆਂ ਦਿੱਤਾ ਸਮਰਥਨ



**ਚੌਂਕ ਮਹਿਤਾ, 9 ਦਸੰਬਰ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਵਿੱਚ ਵਿਲੱਖਣ ਪਹਿਚਾਣ ਬਣਾਉਣ ਵਾਲੇ ਨਿਤਾਸ਼ਾ ਗਿੱਲ ਧਰਮ ਪਤਨੀ ਉੱਗੇ ਸਮਾਜ ਸੇਵਕ ਕਮਲ ਕੁਮਾਰ ਪੂਰੇ ਇਲਾਕੇ ਵਿੱਚੋਂ ਸ਼ਾਨਦਾਰ ਜਿੱਤ ਨਾਲ ਕਾਰਪੋਰੇਸ਼ਨ ਵਿੱਚ ਭੇਜਿਆ ਜਾਵੇਗਾ ਇਹ ਵਿਚਾਰ ਅਸ਼ੋਕ ਵਿਹਾਰ ਵਿਖੇ ਕਾਰਪੋਰੇਸ਼ਨ ਦੀਆਂ ਆਗਾਮੀ ਚੋਣਾਂ ਨੂੰ ਲੈ ਕੇ ਇੱਕ ਮੀਟਿੰਗ ਦੌਰਾਨ ਸਿਰ ਕੱਢ ਆਗੂਆਂ ਆਪਣੇ ਬਿਆਨ ਸਾਂਝੇ ਕੀਤੇ ਇਸ ਮੌਕੇ ਮਹਿਲ ਸਿੰਘ ਗਿੱਲ ਟਹਿਲ ਸਿੰਘ ਗਿੱਲ ਗਿਆਨ ਸਿੰਘ ਜਸਵਿੰਦਰ ਸਿੰਘ ਲਾਡੀ ਬਲਜੀਤ ਸਿੰਘ ਅਨੋਖ ਸਿੰਘ ਰੋਸ਼ਨ ਭਗਤ ਅਮਰ ਕਲਿਆਣ ਮੁਨੀਸ਼ ਗਿੱਲ ਪ੍ਰਦੀਪ ਕੁਮਾਰ ਸੋਨੂ ਸ਼ਰਮਾ ਬਲਵਿੰਦਰ ਸਿੰਘ ਕੋਲਾ ਡਾਕਟਰ ਜਗਦੀਪ ਸਿੰਘ ਹੇਰ ਵੱਲੋਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਂਝੇ ਕੀਤੇ ਉਹਨਾਂ ਕਿਹਾ ਕਿ ਵਾਰਡ ਨੰਬਰ 85 ਦੇ ਸੰਭਾਵੀ ਉਮੀਦਵਾਰ ਉੱਗੇ ਨਿਤਾਸ਼ਾ ਗਿੱਲ ਪਤਨੀ ਸਮਾਜ ਸੇਵਕ ਕਮਲ ਕੁਮਾਰ ਦੀ ਬੜੀ ਵੱਡੀ ਪੂਰੀ ਮਾਨਵਤਾ ਨੂੰ ਦੇਣ ਹੈ ਜਿੱਥੇ ਉਹਨਾਂ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਕਰੋਨਾ ਕਾਲ ਦੇ ਸਮੇਂ ਸ਼ੁਰੂ ਕੀਤਾ ਲਗਾਤਾਰ ਰਾਸ਼ਨ ਜੋ ਅਜੇ ਤੱਕ ਲੜੀਵਾਰ ਜਾਰੀ ਹੈ ਜਿੱਥੇ ਸਰਦ ਰੁੱਤ ਵਿੱਚ ਲੋੜਵੰਦ ਬੇਸਹਾਰਾ ਪਰਿਵਾਰਾਂ ਨੂੰ ਗਰਮ ਕੰਬਲ ਬਿਸਤਰੇ ਲਾਵਾਰਸ ਲਾਸ਼ਾਂ ਦੇ ਦੇਹ ਸਸਕਾਰ ਕਰਕੇ ਮਨੁੱਖਤਾ ਦੇ ਭਲੇ ਲਈ ਹਰ ਸਮੇਂ ਪਹਿਰਾ ਦਿੱਤਾ ਹੈ ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਪਿੰਡ ਮਾਹਲ ਅਨਮੋਲ ਇਨਕਲੇਵ ਅਸ਼ੋਕ ਵਿਹਾਰ ਜਾਗੋਆਣਾ ਕਲੋਨੀ ਮੰਦਰ ਮਾਤਾ ਰਾਣੀ ਜੈਪਾਲ ਐਵਨਿਊ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇਲਾਕਾ ਨਿਵਾਸੀਆਂ ਵੱਲੋਂ ਹਾਈ ਕਮਾਂਡ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਜੇਕਰ ਵਾਰਡ ਨੰਬਰ 85 ਤੋਂ ਟਿਕਟ ਨਾਲ ਨਿਵਾਜਿਆ ਜਾਵੇ ਉਹ ਨਿਤਾਸ਼ਾ ਗਿੱਲ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਉਹ ਵੱਡੀ ਲੀਡ ਨਾਲ ਜਿਤਾ ਕੇ ਭੇਜਣਗੇ।

# ਤੇਜ ਰਫਤਾਰ ਕਾਰ ਨੇ ਨੌਜਵਾਨ ਦੀ ਲਈ ਜਾਨ

**ਚੌਂਕ ਮਹਿਤਾ, 9 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨੇੜਲੇ ਪਿੰਡ ਖੱਬੇਰਾਜਪੂਤਾਂ ਦੇ ਇਕ ਨੌਜਵਾਨ ਵਿਅਕਤੀ ਦੀ ਸ਼ੜਕ ਹਾਦਸੇ ਦੌਰਾਨ ਮੌਤ ਹੋਣ ਦੀ ਖ਼ਬਰ ਹੈ। ਪ੍ਰਾਪਤ ਜਾਣਕਾਰੀ ਮੁਤਾਬਿਕ ਮ੍ਰਿਤਕ ਨੌਜਵਾਨ ਰਵਿੰਦਰ ਸਿੰਘ ਆਪਣੇ ਘਰ ਦੇ ਬਾਹਰ ਖੜਾ ਸੀ, ਇੰਨੇ ਨੂੰ ਮਹਿਤਾ ਚੌਂਕ ਦੀ ਤਰਫ਼ੋਂ ਇਕ ਸਵਿਫਟ ਕਾਰ ਆਈ, ਜਿਸ ਨੂੰ ਮੋਨਾ ਨੌਜਵਾਨ ਚਲਾ ਰਿਹਾ ਸੀ। ਬਿਨਾ ਹਾਰਨ ਦਿੱਤੇ ਇਸ ਤੇਜ ਰਫਤਾਰ ਕਾਰ ਨੇ ਰਵਿੰਦਰ ਸਿੰਘ ਨੂੰ ਲਪੇਟ ਵਿਚ ਲੈ ਲਿਆ ਅਤੇ 300 ਮੀਟਰ ਦੂਰ ਤਕ ਆਪਣੇ ਨਾਲ ਘਸੀਟ ਕੇ ਲੈ ਗਈ। ਜਿਸ ਦੌਰਾਨ ਰਵਿੰਦਰ ਸਿੰਘ ਦੀ ਮੌਕੇ ਤੇ ਮੌਤ ਹੋ ਗਈ। ਇਥੇ ਮੌਜੂਦ ਲੋਕਾਂ ਵੱਲੋਂ ਕਾਰ ਚਾਲਕ ਨੂੰ ਕਾਬੂ ਕਰ ਲਿਆ ਗਿਆ। ਉਧਰ ਥਾਣਾ ਮਹਿਤਾ ਦੀ ਪੁਲਿਸ ਨੇ ਮੌਕੇ ਤੇ ਪਹੁੰਚ ਕੇ ਘਟਨਾ ਦਾ ਜਾਇਜ਼ਾ ਲਿਆ ਅਤੇ ਕਾਰ ਡਰਾਇਵਰ ਪ੍ਰਭਜੀਤ ਸਿੰਘ ਵਿਰੁੱਧ ਮੁਕਦਮਾ ਦਰਜ ਕਰ ਲਿਆ ਹੈ।



### ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਵਿਦਿਆਰਥੀਆਂ ਨੇ

# ਵਿੱਦਿਅਕ ਅਤੇ ਧਾਰਮਿਕ ਟੂਰ ਲਗਾਇਆ







ਕੁਰੂਕਸ਼ੇਤਰ/ਹਰਿਆਣਾ -(ਵਰਿਆਮ ਹਠੂਰ) ਜ਼ਿਲ੍ਹਾ ਬਰਨਾਲਾ ਦੇ ਪਿੰਡ ਦੀਵਾਨਾ ਵਿਖੇ ਸਥਿੱਤ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਨੇ ਵਿੱਦਿਅਕ ਅਤੇ ਧਾਰਮਿਕ ਟੂਰ ਲਗਾਇਆ, ਸਕੂਲ ਸਟਾਫ਼ ਅਤੇ ਬੱਚਿਆਂ ਵੱਲੋਂ ਸਭ ਤੋਂ ਪਹਿਲਾ ਪਰਮੇਸ਼ਰ ਦੁਆਰ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ, ਉਸ ਤੋਂ ਬਾਅਦ ਪਿਪਲੀ ਚਿੜੀਆ ਘਰ (ਕੁਰੂਕਸ਼ੇਤਰ) ਵਿੱਚ ਬੱਚਿਆਂ ਅਤੇ ਸਟਾਫ਼ ਨੇ ਵੱਖ-ਵੱਖ ਜਾਨਵਰਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ, ਇਸ ਤੋਂ ਬਾਅਦ ਪਨੋਰਮਾ ਅਤੇ ਵਿਗਿਆਨ ਕੇਂਦਰ ਵਿੱਚ ਬੱਚਿਆਂ ਨੂੰ ਮਹਾਂਭਾਰਤ ਦੇ ਯੁੱਧ ਬਾਰੇ ਅਤੇ ਸਾਇੰਸ ਬਾਰੇ ਜਾਣਕਾਰੀ ਦਿੱਤੀ ਗਈ ਜਿਸ ਵਿੱਚ ਬੱਚਿਆਂ ਨੂੰ ਸਾਇੰਸ ਬਾਰੇ ਸ਼ੋਅ ਵੀ ਦਿਖਾਇਆ ਗਿਆ ਜਿਸ ਵਿੱਚ ਬੱਚਿਆਂ ਨੇ ਪ੍ਰੈਕਟੀਕਲ ਰਾਹੀਂ ਸਾਇੰਸ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਗੱਲਬਾਤ ਕਰਦਿਆਂ ਸਕੂਲ ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ ਨੇ ਕਿਹਾ ਕਿ ਇਸ ਟੂਰ ਵਿੱਚ ਬੱਚਿਆਂ ਲਈ ਸਕੂਲ ਵੱਲੋਂ ਰਿਫਰੈਸ਼ਮੈਂਟ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਅਤੇ ਬੱਚਿਆਂ ਲਈ ਇਹ ਟੂਰ ਮਨੋਰੰਜਨ ਦੇ ਨਾਲ ਨਾਲ ਗਿਆਨ ਭਰਪੂਰ ਵੀ ਸੀ। ਸਾਡੇ ਸਕੂਲ ਵੱਲੋਂ ਸਮੇਂ ਸਮੇਂ ਤੇ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰ ਅਤੇ ਖੇਡ ਗਤੀਵਿਧੀਆਂ ਵੱਲ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ ਤਾਂ ਕਿ ਬੱਚਿਆਂ ਦਾ ਸਰਵਪੱਖੀ ਵਿਕਾਸ ਹੋ ਸਕੇ , ਬੱਚਿਆਂ ਨੇ ਖ਼ੂਬ ਮਨੋਰੰਜਨ ਕੀਤਾ, ਅਤੇ ਲੋੜਵੰਦ ਜਾਣਕਾਰੀ ਹਾਸਿਲ ਕੀਤੀ, ਵੱਖ ਵੱਖ ਬੱਚਿਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਸਕੂਲ ਸਟਾਫ਼ ਦਾ ਧੰਨਵਾਦ ਕਰਦੇ ਹਨ ਜੋ ਸਾਨੂੰ ਚੰਗੀ ਵਿੱਦਿਆ ਦੇ ਨਾਲ ਨਾਲ ਧਾਰਮਿਕ ਅਤੇ ਵਿੱਦਿਅਕ ਟੂਰ ਲਵਾਉਣ ਦੇ ਨਾਲ ਨਾਲ ਖੇਡਾਂ ਨਾਲ ਵੀ ਜੋੜਦੇ ਹਨ। ਗੱਲਬਾਤ ਕਰਦਿਆਂ ਸਕੂਲ ਦੀਆਂ ਟੀਚਰਾਂ ਨੇ ਕਿਹਾ ਕਿ ਬੱਚਿਆਂ ਦੀ ਸੇਫਟੀ ਦਾ ਖ਼ਾਸ ਧਿਆਨ ਰੱਖਿਆ ਗਿਆ ਹੈ। ਤੇ ਬੱਚਿਆਂ ਨੂੰ ਖਾਣ ਪੀਣ ਵਾਲੀਆਂ ਵਸਤੂਆਂ ਦੇ ਵੀ ਪ੍ਰਬੰਧ ਕੀਤੇ ਗਏ ਹਨ। ਤੇ ਬੱਚੇ ਬਹੁਤ ਖੁਸ਼ ਨਜ਼ਰ ਆ ਰਹੇ ਹਨ। ਇਸ ਟੂਰ ਦੇ ਖਾਸ ਮੌਕੇ ਤੇ ਸਮੂਹ ਸਕੂਲ ਸਟਾਫ਼ ਅਤੇ ਬੱਚੇ ਹਾਜ਼ਿਰ ਸੀ।

### ਸਕੂਲ ਦੇ ਬੱਚਿਆਂ ਨੇ ਟੂਰ ਦੌਰਾਨ ਸਾਇੰਸ ਸ਼ੋਅ ਵੀ ਵੇਖਿਆ : ਪ੍ਰਿੰਸੀਪਲ ਮੱਖਣ ਸਿੰਘ

# ਗਲੀ ਗਲੀ ਵਿੱਚ ਖੁੱਲ ਗਏ ਨੇ ਵੀਜ਼ਾ ਮਾਰਟ... !



**ਹਰ ਪਿੰਡ**, ਗਲੀ, ਅਤੇ ਸ਼ਹਿਰ ਵਿੱਚ ਇੱਕ ਨਹੀਂ, ਕਈ ਅਜਿਹੇ ਦਫ਼ਤਰ ਖੁਲ੍ਹ ਗਏ ਹਨ ਜਿਨ੍ਹਾਂ ਦੇ ਬਾਹਰ ਬੋਲਤੇ ਇਸ਼ਿਤਹਾਰਾਂ ਤੇ ਲਿਖਿਆ ਹੁੰਦਾ ਹੈ, "ਸੱਤ ਦਿਨਾਂ ਵਿੱਚ ਵੀਜ਼ਾ ਪੱਕਾ " । ਅੱਜ ਦੇ ਸਮਾਜ ਵਿੱਚ ਵੀਜ਼ਾ ਏਜੰਟਾਂ ਦੀ ਭਰਮਾਰ ਕੁਝ ਇਸ ਤਰ੍ਹਾਂ ਵਧ ਗਈ ਹੈ ਕਿ ਜਿਥੇ ਪਹਿਲਾਂ ਵਪਾਰੀਆਂ ਦੀਆਂ ਦੁਕਾਨਾਂ ਹੁੰਦੀਆਂ ਸਨ, ਉੱਥੇ ਹੁਣ "ਵੀਜ਼ਾ ਮਾਰਟ" ਦੀਆਂ ਵੱਡੀਆਂ-ਵੱਡੀਆਂ ਦੁਕਾਨਾਂ ਖੁੱਲ ਗਈਆਂ ਹਨ। ਜਿਵੇਂ ਕਿਸੇ ਜ਼ਮਾਨੇ ਵਿੱਚ ਸੈਲਰੀ ਵਾਲੇ ਦਿਨ 'ਤੇ ਲੋਕਾਂ ਨੂੰ ਪਿੰਡ ਵਿੱਚ ਵਣਜਾਰੇ ਵੰਗਾਂ ਚੜਾਉਣ ਲਈ ਆਵਾਜ਼ ਲਾਉਂਦਾ ਸੀ, ਅਜ-ਕੱਲ ਕਾਲੇ ਕੋਟ ਵਾਲੇ ਵੀਜ਼ਾ ਏਜੰਟ ਆਪਣੇ ਵਾਹ-ਵਾਹੀ ਦੇ ਚੋਚਲੇ ਨਾਲ ਬੁਲਾਉਂਦੇ ਹਨ, "ਵੀਜ਼ੇ ਵਾਲਾ ਆਇਆ, ਵੀਜ਼ੇ ਲੈ ਲਓ!" ਅੱਜ ਦੇ ਸਮਾਜ ਵਿੱਚ ਜਿਥੇ ਗਲੀ ਗਲੀ ਵਿੱਚ ਗੋਲ-ਗੱਪਿਆਂ ਦੇ ਖੋਕੇ ਜਾਂ ਚਾਹ ਦੇ ਢਾਬੇ ਮਿਲਦੇ ਹਨ, ਉਥੇ ਹੀ ਹੁਣ "ਵੀਜ਼ਾ ਏਜੰਟਾਂ" ਦੇ ਛੋਟੇ ਛੋਟੇ ਖੋਕੇ ਵੀ ਹਰ ਮੋੜ ਤੇ ਖੁੱਲੇ ਦੇਖਣ ਨੂੰ ਮਿਲਦੇ ਹਨ। ਜਿਥੇ ਇਹਨਾਂ ਦੇ ਖੋਕਿਆਂ 'ਤੇ "ਵਿਦੇਸ਼ ਜਾਣ ਦੇ ਸੁਪਨੇ ਪੂਰੇ ਕਰਨ" ਦੀ ਗਰੰਟੀ ਮਿਲਦੀ ਹੈ, ਉਥੇ ਹੀ ਇਹਨਾਂ ਨੇ ਕਈ ਬੇਕਸੂਰ ਪਰਿਵਾਰਾਂ ਦੇ ਸੁਪਨੇ ਤੋੜਣ ਦਾ ਕੰਮ ਵੀ ਸ਼ੁਰੂ ਕੀਤਾ ਹੈ। ਇਹ "ਖੋਕੇ" ਇੱਕ ਵਧੀਆ ਠੱਗੀ ਦਾ ਮਾਡਲ ਬਣ ਗਏ ਹਨ। ਰੰਗ ਬਰੰਗੇ ਪੋਸਟਰਾਂ ਨਾਲ ਸਜੇ ਇਹ ਦਫ਼ਤਰ ਹਰ ਕਿਸੇ ਨੂੰ ਦਾਅਵਾ ਕਰਦੇ ਹਨ, "ਅੱਜ ਪੈਸਾ ਲਗਾਓ, ਕੱਲ੍ਹ ਵਿਦੇਸ਼ ਪਹੁੰਚ ਜਾਓ।" ਜਿਵੇਂ ਗਲੀ ਦੇ ਪਾਨ ਦੇ ਖੋਕੇ 'ਤੇ ਹਰ ਕਿਸਮ ਦੀ ਚੀਜ਼ ਮਿਲਦੀ ਹੈ, ਇਹ ਵੀਜ਼ਾ ਏਜੰਟ ਵੀ ਹਰ ਕਿਸਮ ਦੇ ਵੀਜ਼ੇ ਬਣਾਉਣ ਦੀ ਗਰੰਟੀ ਦਿੰਦੇ ਹਨ-ਟੂਰਿਸਟ, ਸਟੂਡੈਂਟ, ਤੇ ਕੰਮਕਾਜੀ ਵੀਜ਼ੇ। ਪਰ ਅਸਲੀਅਤ ਇਹ ਹੈ ਕਿ ਕਈ ਵਾਰ ਇਹ ਗਰੰਟੀ ਸਿਰਫ਼ ਕਾਗਜ਼ਾਂ 'ਤੇ ਹੀ ਰਹਿ ਜਾਂਦੀ ਹੈ। ਅੱਜ ਦੇ ਸਮਾਜ ਵਿੱਚ ਜਿੱਥੇ ਹਰ ਮੁੱਦੇ ਤੇ ਗਹਿਰਾਈ ਨਾਲ ਸੋਚਣ ਦੀ ਲੋੜ ਹੈ, ਉੱਥੇ ਇੱਕ ਮੁੱਦਾ ਜੋ ਹਰ ਪਿੰਡ, ਕਸਬੇ, ਤੇ ਸ਼ਹਿਰ ਦੇ ਹਰ ਕੋਨੇ 'ਚ ਦਿਖਾਈ ਦੇ ਰਿਹਾ ਹੈ, ਉਹ ਹੈ "ਵੀਜ਼ਾ ਮਾਰਟਾਂ" ਦੀ ਬੇਤਹਾਸ਼ਾ ਭਰਮਾਰ। ਹਰ ਗਲੀ 'ਚ ਕੋਈ ਨਾ ਕੋਈ ਦਫ਼ਤਰ ਸਜਾਈ ਬੈਠਾ ਹੈ, ਜਿਸ ਦੇ ਬਾਹਰ ਰੰਗੀਨ ਇਸ਼ਿਤਹਾਰਾਂ 'ਤੇ ਵੱਡੇ ਸ਼ਬਦਾਂ ਵਿੱਚ ਲਿਖਿਆ ਹੁੰਦਾ ਹੈ, "ਤੁਹਾਡਾ ਸੁਪਨਾ ਸਾਡੀ ਜ਼ਿੰਮੇਵਾਰੀ।"

ਇਹ ਵਿਸ਼ਾ ਕਿਤੇ ਤਾਂ ਮਨੋਰੰਜਕ ਅਤੇ ਕਿਤੇ ਵਿਅੰਗਮਈ ਬਣ ਜਾਂਦਾ ਹੈ। ਕਦੇ ਕੌਡੀਆਂ ਦੇ ਮੁਲ੍ਹਾਂ ਵਿੱਚ ਵੀਜ਼ਾ ਲਵਾਉਣ ਦੀ ਗਰੰਟੀ ਦਿੱਤੀ ਜਾਂਦੀ ਹੈ, ਤਾਂ ਕਦੇ ਯੂਰਪ, ਯੂਕੇ, ਕੈਨੇਡਾ ਤੇ ਆਸਟ੍ਰੇਲੀਆ ਜਿਹੇ ਦੇਸ਼ਾਂ ਦੇ ਸੁਪਨੇ ਵੇਚੇ ਜਾਂਦੇ ਹਨ। ਬਾਹਰ ਜਾਣ ਦੇ ਸੁਪਨੇ ਵੇਖਣ ਦੀ ਗੱਲ ਪਿਛਲੇ ਕੁਝ ਸਾਲਾਂ ਵਿੱਚ ਸਮਾਜ ਦਾ ਅਟੁੱਟ ਹਿੱਸਾ ਬਣ ਗਈ ਹੈ। ਪਰ ਇਹ ਬੇਹਿਸਾਬ ਵੀਜ਼ਾ ਮਾਰਟ ਖੁੱਲਣ ਸਮਾਜ ਵਿੱਚ ਕਈ ਤਰ੍ਹਾਂ ਦੇ ਖਤਰੇ ਜੰਮਦੇ ਦਿਖਾਈ ਦਿੰਦੇ ਹਨ। ਵੀਜ਼ਾ ਏਜੰਟਾਂ ਦੀ ਸਭ ਤੋਂ ਵੱਡੀ ਚਾਲਾਕੀ ਸੁਪਨਿਆਂ ਨੂੰ ਹਕੀਕਤ ਦੇ ਰੂਪ ਵਿੱਚ ਪੇਸ਼ ਕਰਨਾ ਹੈ। ਉਹ ਅਜਿਹੇ ਰੰਗੀਨ ਦਾਅਵੇ ਕਰਦੇ ਹਨ ਕਿ ਆਮ ਇਨਸਾਨ ਨੂੰ ਲੱਗੇ, "ਬੱਸ ਇਹੀ ਹੈ ਜੋ ਸਾਡੀ ਕਿਸਮਤ ਬਦਲ ਸਕਦਾ ਹੈ।" ਹਰ ਕੋਨੇ 'ਤੇ ਇੱਕ ਨਵੇਂ ਏਜੰਟ ਦਾ ਦਫਤਰ ਖੁਲ੍ਹ ਰਿਹਾ ਹੈ ਜੋ ਕਹਿੰਦਾ ਹੈ, "ਕੈਨੇਡਾ ਜਾਂਓ, ਸੁੰਦਰ ਜ਼ਿੰਦਗੀ ਜੀਓ।" ਪਰ ਇਹਨਾਂ ਸੁਪਨਿਆਂ ਦੇ ਪਿੱਛੇ ਕਈ ਵਾਰ ਧੋਖੇ ਅਤੇ ਬਰਬਾਦੀ ਦੀਆਂ ਕਹਾਣੀਆਂ ਦਬੀਆਂ ਹੋਈਆਂ ਹਨ। ਜਿਵੇਂ ਪਹਿਲਾਂ ਵੰਗਾਂ ਚੜਾਉਣ ਵਾਲੇ ਪੇਸ਼ੇਵਰ ਗੱਲ-ਬਾਤ ਵਿੱਚ ਨਿਪੁੰਨ ਹੁੰਦੇ ਸਨ, ਅਜ ਇਹ ਹੀ ਕੁਸ਼ਲਤਾ ਇਹ ਵੀਜ਼ਾ ਮਾਰਟ ਦੇ ਦਲਾਲਾਂ ਵਿੱਚ ਵੇਖੀ ਜਾਂਦੀ ਹੈ। ਉਨ੍ਹਾਂ ਦੀਆਂ ਮਿੱਠੀਆਂ ਗੱਲਾਂ ਲੋਕਾਂ ਨੂੰ ਇਹ ਲਗਣ 'ਤੇ ਮਜਬੂਰ ਕਰ ਦਿੰਦੀਆਂ ਹਨ ਕਿ ਵਿਦੇਸ਼ ਜਾਣਾ ਹੀ ਸੁਖੀ ਜੀਵਨ ਦਾ ਇਕਲੌਤਾ ਰਸਤਾ ਹੈ। ਇਹਨਾਂ ਗੱਲਾਂ ਦਾ ਨਤੀਜਾ ਹੁੰਦਾ ਹੈ ਕਿ ਮਾਤਾ-ਪਿਤਾ ਆਪਣੀਆਂ ਜਮਾਂ ਪੂੰਜੀਆਂ ਤੱਕ ਲੁਟਾ ਦਿੰਦੇ ਹਨ।

ਪਿਛਲੇ ਕੁਝ ਸਾਲਾਂ ਵਿੱਚ, ਹਰ ਪਿੰਡ ਵਿੱਚ ਇੱਕ ਵੀਜ਼ਾ ਮਾਹਿਰ ਪੈਦਾ ਹੋ ਗਿਆ ਹੈ। ਉਹ ਕਹਿੰਦੇ ਹਨ, "ਸਾਡੇ ਕੋਲ ਆਓ, ਅਸੀਂ ਤੁਹਾਡਾ ਸਪਨਾ ਪੂਰਾ ਕਰਾਂਗੇ।" ਕਿਸੇ ਵੀ ਤਰ੍ਹਾਂ ਗਾਹਕਾਂ ਨੂੰ ਫਸਾਉਣਾ, ਉਹਨਾਂ ਦਾ ਮੁੱਖ ਉਦੇਸ਼ ਹੁੰਦਾ ਹੈ । ਕਈ ਵਾਰ ਇਹ ਮਾਹਰ ਝੂਠੇ ਦਸਤਾਵੇਜ਼ ਬਣਾਉਣ ਦੀ ਕਲਾ 'ਚ ਵੀ ਪਰਫ਼ੈਕਟ ਹੁੰਦੇ ਹਨ। ਵੀਜ਼ਾ ਲੈਣ ਦੀ ਲਾਲਸਾ ਕਈ ਵਾਰ ਇੰਨੀ ਹਾਸੋਜਨਕ ਹੋ ਜਾਂਦੀ ਹੈ ਕਿ ਬਿਨਾ ਕੋਈ ਯੋਗਤਾ, ਬਿਨਾ ਕੋਈ ਦਸਤਾਵੇਜ਼, ਲੋਕ ਕਹਿੰਦੇ ਹਨ, "ਸਾਨੂੰ ਵੀ ਕੋਈ ਜੁਗਾੜ ਲਗਾ ਕੇ ਬਾਹਰ ਲੰਘਾ ਦੋ !" ਇਹਨਾਂ ਵੀਜ਼ਾ ਮਾਰਟਾਂ ਨੇ ਵੀਜ਼ਾ ਪ੍ਰਕਿਰਿਆ ਨੂੰ ਇੱਕ ਹਾਸੇਜਨਕ ਰੂਪ ਦੇ ਦਿੱਤਾ ਹੈ। ਇਹ ਸਭ ਕੁਝ ਸਮਾਜ 'ਤੇ ਡੂੰਘਾ ਪ੍ਰਭਾਵ ਪਾ ਰਿਹਾ ਹੈ। ਨੌਜਵਾਨ ਮਿਹਨਤ ਕਰਕੇ ਆਪਣੀ ਮੌਜੂਦਾ ਜ਼ਿੰਦਗੀ ਸੁਧਾਰਣ ਦੀ ਥਾਂ ਵਿਦੇਸ਼ ਜਾਣ ਦੇ ਸੁਪਨੇ ਦੇ ਪਿੱਛੇ ਭੱਜ ਰਹੇ ਹਨ। ਇਹ ਵੀਜ਼ਾ ਮਾਰਟਾਂ ਦੇ ਝੂਠੇ ਦਾਅਵੇ ਨਾ ਸਿਰਫ਼ ਆਰਥਿਕ ਬਰਬਾਦੀ ਲੈਕੇ ਆਉਂਦੇ ਹਨ, ਸਗੋਂ ਨੌਜਵਾਨਾਂ ਦੇ ਭਵਿੱਖ ਨੂੰ ਵੀ ਅਣਜਾਣੇ ਸੰਕਟਾਂ ਵਿੱਚ ਧੱਕ ਰਹੇ ਹਨ। ਸਮਾਜ ਦੀ ਹਰ ਗਲੀ ਵਿੱਚ ਕੋਈ ਨਾ ਕੋਈ "ਵੀਜ਼ਾ ਮਾਹਿਰ" ਮਿਲ ਜਾਂਦਾ ਹੈ। ਇਹਨਾਂ ਦੇ ਦਫ਼ਤਰ ਬਸ ਕਾਗਜ਼ੀ ਜ਼ਮੀਨ ਤੇ ਟਿਕੇ ਹੁੰਦੇ ਹਨ। ਕੰਮ ਕਰਨ ਦੀ ਥਾਂ 'ਤੇ ਇਨ੍ਹਾਂ ਦੀ ਕਲਾ ਲੋਕਾਂ ਨੂੰ ਗੁਮਰਾਹ ਕਰਕੇ ਪੈਸਾ ਕਮਾਉਣ ਦੀ ਹੁੰਦੀ ਹੈ। ਜਿਵੇਂ ਚਾਹ ਦੇ ਢਾਬੇ 'ਤੇ ਕੋਈ ਗਰੰਟੀ ਨਹੀਂ ਹੁੰਦੀ ਕਿ ਚਾਹ ਸੱਚਮੁੱਚ ਚੰਗੀ ਬਣੇਗੀ, ਇਹ ਵੀਜ਼ਾ ਏਜੰਟ ਵੀ ਕਿਸੇ ਦੀ ਕਿਸਮਤ ਸਵਾਰਣ ਦੀ ਗਰੰਟੀ ਨਹੀਂ ਦੇ ਸਕਦੇ। ਇਹਨਾਂ "ਖੋਕਿਆਂ" ਦੇ ਗਾਹਕ ਜ਼ਿਆਦਾਤਰ ਉਹ ਨੌਜਵਾਨ ਹੁੰਦੇ ਹਨ ਜਿਹਨਾਂ ਨੂੰ ਲਗਦਾ ਹੈ ਕਿ ਜ਼ਿੰਦਗੀ ਵਿੱਚ ਕੁਝ ਹਾਸਲ ਕਰਨ ਲਈ ਵਿਦੇਸ਼ ਜਾਣਾ ਜ਼ਰੂਰੀ ਹੈ। ਪਰਿਵਾਰ ਆਪਣੇ ਘਰ, ਜਮੀਨ, ਅਤੇ ਸੰਪਤੀਆਂ ਤੱਕ ਵੇਚ ਕੇ ਵੀ ਇਹਨਾਂ ਖੋਕਿਆਂ 'ਤੇ ਵਿਸ਼ਵਾਸ ਕਰ ਲੈਂਦਾ ਹੈ। ਫਲਸਫ਼ਾ ਸਿਰਫ਼ ਇੱਕ ਹੁੰਦਾ ਹੈ-÷ਚਲੋ ਕੁਝ ਹੋਵੇ ਨਾ ਹੋਵੇ, ਸੁਪਨਾ ਤਾਂ ਦੇਖ ਹੀ ਲੈਂਦੇ ਹਾਂ।" ਇਹ "ਖੋਕੇ" ਸੋਸ਼ਲ ਮੀਡੀਆ ਦੇ ਪਲੇਟਫਾਰਮਾਂ 'ਤੇ ਆਪਣਾ ਜਾਲ ਵੀ ਸਿਰਜਦੇ ਹਨ। ਇੰਸਟਾਗ੍ਰਾਮ ਅਤੇ ਫੇਸਬੁੱਕ ਤੇ "ਸਿਰਫ਼ ਸੱਤ ਦਿਨਾਂ ਵਿੱਚ ਵੀਜ਼ਾ" ਵਾਲੇ ਇਸ਼ਿਤਹਾਰ ਵਾਇਰਲ ਹੁੰਦੇ ਹਨ। ਗਾਹਕ ਪੂਰੇ ਭਰੋਸੇ ਨਾਲ ਉਹਨਾਂ ਕੋਲ ਪਹੁੰਚਦਾ ਹੈ, ਪਰ ਜਦੋਂ ਸੱਚ ਸਾਹਮਣੇ ਆਉਂਦਾ ਹੈ, ਤਦ ਤੱਕ ਕਾਫ਼ੀ ਦੇਰ ਹੋ ਚੁਕੀ ਹੁੰਦੀ ਹੈ। ਯੂਰਪ,ਯੂਕੇ,ਕਨੇਡਾ, ਅਸਟ੍ਰੇਲੀਆ ਦਾ ਵੀਜ਼ਾ ਕੋਈ ਏਜੰਟ 20 ਲੱਖ ਵਿੱਚ ਵੇਚ ਰਿਹਾ ਹੈ, ਕੋਈ ਏਜੰਟ ਉਸੇ ਵੀਜ਼ੇ ਨੂੰ 50 ਹਜ਼ਾਰ ਵਿੱਚ ਵੇਚ ਰਿਹਾ ਹੈ। ਹੁਣ ਕਿਸੇ ਨੂੰ ਸਹੀ ਮੰਨੀਏ ਤੇ ਕਿਸ ਨੂੰ ਠੱਗ ? ਇਹ ਵੀਜ਼ਾ ਖੋਕੇ ਇੱਕ ਸੰਕੇਤ ਹਨ ਕਿ ਕਿਵੇਂ ਸਮਾਜ ਵਿੱਚ ਲਾਲਚ ਅਤੇ ਅਵਸਰਵਾਦ ਦੀ ਭਰਮਾਰ ਹੋ ਚੁਕੀ ਹੈ। ਨੌਜਵਾਨ ਵਿਦੇਸ਼ ਜਾਣ ਦੇ ਭਰਮ ਵਿੱਚ ਆਪਣੀ ਸਿੱਖਿਆ ਅਤੇ ਕੌਸ਼ਲਵਿਕਾਸ ਨੂੰ ਪਿੱਛੇ ਛੱਡ ਰਹੇ ਹਨ। ਇਸ ਨਾਲ ਨਾ ਸਿਰਫ਼ ਉਹਨਾਂ ਦਾ ਭਵਿੱਖ ਖਰਾਬ ਹੋ ਰਿਹਾ ਹੈ, ਸਗੋਂ ਦੇਸ਼ ਦੀ ਉੱਨਤੀ ਵੀ ਰੁਕ ਰਹੀ ਹੈ।

ਇਸ ਹਾਲਾਤ ਨੂੰ ਦੇਖਦੇ ਹੋਏ ਸਰਕਾਰ ਨੂੰ ਸਖ਼ਤ ਕਦਮ ਚੁੱਕਣ ਦੀ ਲੋੜ ਹੈ। ਸਮਾਜ ਨੂੰ ਵੀ ਇਹ ਸੋਚਣਾ ਚਾਹੀਦਾ ਹੈ ਕਿ ਕੀ ਅਸੀਂ ਸਾਡੇ ਨੌਜਵਾਨਾਂ ਨੂੰ ਸਹੀ ਦਿਸ਼ਾ 'ਚ ਗਾਈਡ ਕਰ ਰਹੇ ਹਾਂ ਜਾਂ ਝੂਠੇ ਸੁਪਨਿਆਂ ਦੇ ਹੱਥ ਵਿੱਚ ਧੱਕ ਰਹੇ ਹਾਂ। ਇਸ ਤਰ੍ਹਾਂ ਦੇ ਨਕਲੀ ਵੀਜ਼ਾ ਖੋਕਿਆਂ ਨੂੰ ਬੰਦ ਕਰਨ ਲਈ ਸਰਕਾਰ ਨੂੰ ਸਖ਼ਤ ਨਿਯਮ ਲਾਗੂ ਕਰਨ ਦੀ ਲੋੜ ਹੈ। ਜਿਵੇਂ ਸਿਹਤ ਭਾਗ ਵਿੱਚ ਜਾਅਲੀ ਡਾਕਟਰਾਂ ਖ਼ਿਲਾਫ਼ ਕਾਰਵਾਈ ਹੁੰਦੀ ਹੈ, ਇਨ੍ਹਾਂ ਵੀਜ਼ਾ ਏਜੰਟਾਂ ਤੇ ਵੀ ਨਜ਼ਰ ਰੱਖਣ ਦੀ ਲੋੜ ਹੈ। ਇਹ ਸਿਰਫ਼ ਹਾਸੇ ਦਾ ਵਿਸ਼ਾ ਨਹੀਂ, ਸਗੋਂ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ, ਜਿਸ 'ਤੇ ਧਿਆਨ ਦੇਣਾ ਲਾਜ਼ਮੀ ਹੈ। "ਛੋਟੇ ਛੋਟੇ ਖੋਕਿਆਂ ਵਾਂਗ ਵੀਜ਼ਾ ਏਜੰਟ ਸਮਾਜ ਵਿੱਚ ਫੈਲ ਗਏ ਹਨ" ਇਹ ਗੱਲ ਹਾਸੇਜਨਕ ਹੋ ਸਕਦੀ ਹੈ, ਪਰ ਇਸ ਹਾਸੇ ਦੇ ਪਿੱਛੇ ਇੱਕ ਕਾਲੀ ਹਕੀਕਤ ਲੁਕੀ ਹੋਈ ਹੈ। ਇਹ ਗੱਲ ਸਮਾਜ ਦੇ ਹਰ ਵਰਗ ਨੂੰ ਸੋਚਣ 'ਤੇ ਮਜਬੂਰ ਕਰਦੀ ਹੈ ਕਿ ਕੀ ਅਸੀਂ ਸੱਚਮੁੱਚ ਅੱਗੇ ਵੱਧ ਰਹੇ ਹਾਂ ਜਾਂ ਆਪਣੇ ਹੀ ਸੁਪਨਿਆਂ ਦਾ ਮਜ਼ਾਕ ਬਣਾਉਣ ਲੱਗ ਪਏ ਹਾਂ।

-ਸੰਦੀਪ ਕੁਮਾਰ
ਐਮ.ਸੀ.ਏ, ਐਮ.ਏ ਮਨੋਵਿਗਿਆਨ, ਰੂਪਨਗਰ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇੱਕ ਨਜ਼ਰ ...



### ਸੰਤ ਬਾਬਾ ਭਰਪੂਰ ਸਿੰਘ ਸੇਖਾਂ ਜਲੂਰ ਵਾਲਿਆਂ ਨੇ ਸੰਤ ਭੂਰੀ ਵਾਲਿਆਂ ਦੇ ਅਸਥਾਨ ਤੇ ਕੀਰਤਨ ਦੀ ਹਾਜ਼ਰੀ ਭਰੀ

ਸ਼ੇਰਪੁਰ, 9 ਦਸੰਬਰ (ਰਣਜੀਤ ਸਿੰਘ ਪੇਧਨੀ)- ਬ੍ਰਹਮ ਗਿਆਨੀ ਸੱਚਖੰਡ ਵਾਸੀ ਸ੍ਰੀਮਾਨ ਸ੍ਰੀ ਸ੍ਰੀ 1008 ਸ੍ਰੀ ਸਤਿਗੁਰ ਬ੍ਰਹਮ ਸਾਗਰ ਜੀ ਭੂਰੀ ਵਾਲਿਆਂ ਦੀ 77 ਵੀ ਬਰਸੀਂ ਨਿਰਵਾਨ ਅਸਥਾਨ ਕੁਟੀਆ ਜਲੂਰ ਧਾਮ ਸਾਹਿਬ ਵਿਖੇ ਸ੍ਰੀ ਮਾਨ ਸ੍ਰੀ ਅੰਮ੍ਰਿਤ ਅਨੰਦ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬੜੀ ਹੀ ਸਰਧਾ ਭਾਵਨਾਂ ਨਾਲ ਮਨਾਇਆ ਗਿਆ ਅਤੇ ਜਿਸ ਵਿੱਚ ਅਨੇਕਾਂ ਹੀ ਮਹਾਂ ਪੁਰਸਾਂ ਵੱਲੋਂ ਹਾਜ਼ਰੀ ਭਰੀ ਗਈ। ਸੱਚਖੰਡ ਵਾਸੀ ਸ੍ਰੀਮਾਨ ਸੰਤ ਬਾਬਾ ਨਰਾਇਣ ਸਿੰਘ ਮੋਨੀ ਜੀ ਦੇ ਤਪ ਅਸਥਾਨ ਤੇ ਮੁੱਖ ਸੇਵਾਦਾਰ ਸੰਤ ਬਾਬਾ ਭਰਪੂਰ ਸਿੰਘ ਜੀ ਸੇਖਾ ਜਲੂਰ ਵਾਲਿਆਂ ਵੱਲੋਂ ਕੀਰਤਨ ਦੀ ਹਾਜ਼ਰੀ ਭਰੀ ਗਈ। ਇਸ ਮੌਕੇ ਸੰਤ ਬਾਬਾ ਭਰਪੂਰ ਸਿੰਘ ਜੀ ਸੇਖਾਂ ਜਲੂਰ ਵਾਲਿਆਂ ਨੇ ਸੰਗਤਾਂ ਨੂੰ ਸਤਿਗੁਰੂ ਬ੍ਰਹਮ ਸਾਗਰ ਭੂਰੀ ਵਾਲਿਆਂ ਦੇ ਇਤਿਹਾਸ ਅਤੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਇਤਿਹਾਸ ਦੀਆਂ ਕਥਾ ਵਿਚਾਰਾਂ ਦੇ ਨਾਲ ਸੰਗਤਾਂ ਨੂੰ ਜੋੜਨਾ ਕੀਤਾ ਗਿਆ।

### ਸਮਾਜ ਸੇਵੀ ਭਾਨ ਸਿੰਘ ਜੱਸੀ ਰਾਹੀਂ ਲੋੜਵੰਦ ਬੱਚੇ ਦੀ ਹੋਈ 10 ਹਜਾਰ ਰੁਪਏ ਮਦਦ

#### ਗੰਭੀਰ ਰੂਪ ਵਿੱਚ ਹਸਪਤਾਲ ਵਿੱਚ ਦਾਖਲਾ ਹੈ ਬੱਚਾ



ਸ਼ੇਰਪੁਰ, 9 ਦਸੰਬਰ (ਰਣਜੀਤ ਸਿੰਘ ਪੇਧਨੀ)- ਸਥਾਨਕ ਪਿੰਡ ਪੱਤੀ ਖਲੀਲ ਦੇ ਮੱਖਣ ਸਿੰਘ ਮਜ਼ਦੂਰ ਦੇ ਸਪੁੱਤਰ ਹਰਮਨ ਸਿੰਘ ਜਿਨ੍ਹਾਂ ਦਾ ਬੀਤੇ ਦਿਨੀ ਐਕਸੀਡੈਂਟ ਹੋ ਗਿਆ ਸੀ। ਉਹ ਕਈ ਦਿਨਾਂ ਤੋਂ ਗੰਭੀਰ ਸਥਿਤੀ ਵਿੱਚ ਬਠਿੰਡੇ ਦੇ ਏਮਜ ਹਸਪਤਾਲ ਵਿੱਚ ਦਾਖਲ ਹੈ, ਇਸ ਮੌਕੇ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਉਸ ਬੱਚੇ ਨੂੰ ਇਲਾਜ ਲਈ 5 ਹਜਾਰ ਆਪਣੇ ਵੱਲੋਂ ,5 ਹਜਾਰ ਆਪਣੇ ਦੋਸਤ ਵੱਲੋਂ ਦਿੱਤੇ ਗਏ ਅਤੇ ਹੋਰਨਾਂ ਵੀਰਾਂ, ਭੈਣਾਂ ਨੂੰ ਪ੍ਰੇਰਦਿਆਂ ਉਸ ਲੋੜਵੰਦ ਬੱਚੇ ਦੀ ਮਦਦ ਕੀਤੀ ਜਾਵੇ। ਪਰਿਵਾਰਕ ਮੈਂਬਰਾਂ ਨੂੰ ਸਹਾਇਤਾ ਰਾਸੀ ਸੌਂਪਣ ਉਪਰੰਤ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੁੱਖ ਪ੍ਰਗਟ ਕੀਤਾ ਕਿ ਅੱਜ ਮਜ਼ਦੂਰ ਵਰਗ ਦੇ ਲੋਕਾਂ ਦੀ ਜ਼ਿੰਦਗੀ ਬਹੁਤ ਖਤਰਨਾਕ ਦੌਰ ਵਿੱਚ ਪਹੁੰਚ ਚੁੱਕੀ ਹੈ ਉਹ ਆਪਣੇ ਬੱਚਿਆਂ ਦਾ ਇਲਾਜ ਕਰਾਉਣ ਤੋਂ ਵੀ ਅਸਮਰੱਥ ਹਨ । ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਰਾਜਨੀਤਿਕ ਤੰਗ ਦਿਲੀਆਂ ਅਤੇ ਵਿਅਕਤੀਗਤ ਬੇਈਮਾਨੀਆਂ ਤੋਂ ਉੱਪਰ ਉੱਠ ਕੇ ਬਾਬੇ ਨਾਨਕ ਜੀ ਦੇ ਸਰਬੱਤ ਦੇ ਭਲੇ ਦੇ ਸੰਕਲਪ ਨੂੰ ਅਮਲਾਂ ਵਿੱਚ ਲਾਗੂ ਕਰਨ ਦੇ ਯਤਨ ਵਜੋਂ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣ । ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਵਿੰਦਰ ਸਿੰਘ ਮਿੰਟੂ ,ਮਿਸਤਰੀ ਨਾਹਰ ਸਿੰਘ , ਰਾਮਦਾਸ ਬਿੱਟੂ , ਡਾ: ਪਾਲੀ ਹਾਜਰ ਸਨ।

### ਚਿੱਪ ਵਾਲੇ ਮੀਟਰ ਪਿੰਡਾਂ ਵਿੱਚ ਨਾ ਲਗਾਏ ਜਾਣ: ਭਾਰਤੀ ਕਿਸਾਨ ਯੂਨੀਅਨ ਉਗਰਾਹਾਂ



ਧੂਰੀ, 9 ਦਸੰਬਰ ( ਰਣਜੀਤ ਸਿੰਘ ਪੇਧਨੀ)- ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਬਲਾਕ ਧੂਰੀ ਦੇ ਜਰਨਲ ਸਕੱਤਰ ਹਰਪਾਲ ਸਿੰਘ ਪੇਧਨੀ ਦੀ ਅਗਵਾਈ ਹੇਠ ਬਿਜਲੀ ਬੋਰਡ ਦੇ ਅਧਿਕਾਰੀਆਂ ਨੂੰ ਇਕ ਮੰਗ ਪੱਤਰ ਦਿੱਤਾ ਗਿਆ । ਜਿਸ ਵਿੱਚ ਬਿਜਲੀ ਬੋਰਡ ਅਧਿਕਾਰੀਆਂ ਵੱਲੋਂ ਇਨ੍ਹਾਂ ਪਿੰਡਾਂ ਵਿੱਚ ਚਿੱਪ ਵਾਲੇ ਮੀਟਰ ਨਾ ਲਗਾਏ ਜਾਣ ਉਨ੍ਹਾਂ ਦਾ ਵੇਰਵਾ ਇਸ ਪਰਕਾਰ ਹੈ ਪਿੰਡ ਪੇਧਨੀ ਕਲਾਂ, ਕੱਕੜਵਾਲ,ਕਾਂਝਲੀ, ਲੱਡਾ,ਬੇਨਤਾ,ਰਣੀਕੇ,ਬਾਦਸ਼ਾਹਪੁਰ,ਬੁਗਰਾ,ਸੁਲਤਾਨਪੁਰ,ਮੂਲੋਵਾਲ,ਰਾਜੋਮਾਜਰਾ,ਭਲਵਾਨ,ਭੁੱਲਰਹੇੜੀ, ਢਢੋਗਲ,ਬੁਰਜ ਸੇਢਾ ,ਕੰਧਾਰਗੜ੍ਹ ਛੰਨਾ,ਅਲਾਲ,ਭਸੌੜ,ਬਨਭੌਰੀ,ਬਰੜਵਾਲ,ਧਾਂਦਰਾ,ਬਮਾਲ,ਚਾਂਗਲੀ, ਘਨੌਰੀ ਕਲਾਂ, ਕਾਤਰੋਂ' ਆਦਿ ਪਿੰਡ ਸਾਮਿਲ ਹਨ। ਇਸ ਮੌਕੇ ਬਲਾਕ ਆਗੂ ਰਾਮ ਸਿੰਘ ਕੱਕੜਵਾਲ, ਕਰਮਜੀਤ ਸਿੰਘ ਬੇਨੜਾ, ਕ੍ਰਿਪਾਲ ਸਿੰਘ ਧੂਰੀ, ਕਰਮਜੀਤ ਸਿੰਘ ਭਲਵਾਨ, ਜੋਰਾ ਸਿੰਘ ਕੰਧਾਰਗੜ੍ਹ ਛੰਨਾ, ਮਹਿੰਦਰ ਸਿੰਘ ਭਸੌੜ, ਬਾਬੂ ਸਿੰਘ ਮੁਲੇਵਾਲ, ਦਰਸ਼ਨ ਸਿੰਘ ਕਿਲਾ ਹਕੀਮਾ, ਗੁਰਜੰਟ ਸਿੰਘ ਸਾਰੋਂ,ਰੂਪ ਸਿੰਘ ਈਸੜਾ, ਹਮੀਰ ਸਿੰਘ ਬੰਗਾਵਾਲੀ, ਨਿਰਮਲ ਸਿੰਘ ਰਣੀਕੇ, ਗੁਰਵਿੰਦਰ ਸਿੰਘ ਰਣੀਕੇ, ਪਵਿੱਤਰ ਸਿੰਘ ਭੁੱਲਰਹੇੜੀ, ਪੂਰਨ ਸਿੰਘ, ਮਲਕੀਤ ਸਿੰਘ ਕਿਲਾ ਹਕੀਮਾਂ ਹਾਜਰ ਸਨ।

#### ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਹੋਈ ਅੰਤ੍ਰਿੰਗ ਕਮੇਟੀ ਦੀ ਉਚੇਚੀ ਇਕੱਤਰਤਾ ਵਿੱਚ

## ਨਰਾਇਣ ਸਿੰਘ ਚੌੜਾ ਨੂੰ ਪੰਥ 'ਚੋਂ ਛੇਕਣ ਵਾਸਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਕੀਤੀ ਅਪੀਲ



ਨਵੀਂ ਦਿੱਲੀ, 9 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੱਜ ਹੋਈ ਅੰਤ੍ਰਿੰਗ ਕਮੇਟੀ ਦੀ ਉਚੇਚੀ ਇਕੱਤਰਤਾ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪ੍ਰਵੇਸ਼ ਦੁਆਰ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲੱਗੀ ਸੇਵਾ ਨਿਭਾਅ ਰਹੇ ਸੇਵਾਦਾਰ ਉੱਤੇ 4 ਦਸੰਬਰ ਨੂੰ ਨਰਾਇਣ ਸਿੰਘ ਚੌੜਾ ਵੱਲੋਂ ਗੋਲੀਆਂ ਨਾਲ ਹਮਲਾ ਕਰਨ ਅਤੇ ਸਿੱਖਾਂ ਦੇ ਪਾਵਨ ਅਸਥਾਨ ਦੇ ਸ਼ਾਂਤਮਈ ਤੇ ਰੂਹਾਨੀ ਵਾਤਾਵਰਨ ਨੂੰ ਭੰਗ ਕਰਨ ਦੀ ਕਰੜੀ ਨਿੰਦਾ ਕਰਦਿਆਂ, ਦੋਸ਼ੀ ਨੂੰ ਪੰਥ ਵਿੱਚੋਂ ਛੇਕਣ ਲਈ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਪੀਲ ਕੀਤੀ ਗਈ। ਇੱਕਨੁਕਾਤੀ ਏਜੰਡੇ 'ਤੇ ਸੱਦੀ ਗਈ ਇਸ ਇਕੱਤਰਤਾ ਦੌਰਾਨ ਉਕਤ ਮਾਮਲੇ ਦਾ ਨੋਟਿਸ ਲੈਂਦਿਆਂ ਇੱਕ ਵਿਸ਼ੇਸ਼ ਨਿੰਦਾ ਮਤਾ ਪਾਸ ਕਰਕੇ ਜਿੱਥੇ ਸਾਰੇ ਮਾਮਲੇ ਦੀ ਪੜਤਾਲ ਵਾਸਤੇ ਇੱਕ ਕਮੇਟੀ ਬਣਾਈ ਗਈ ਹੈ, ਉੱਥੇ ਹੀ ਇਸ ਘਟਨਾ ਨੂੰ ਡੂੰਘੀ ਸਾਜ਼ਸ਼ ਵੀ ਕਰਾਰ ਦਿੱਤਾ ਗਿਆ। ਇਕੱਤਰਤਾ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਅੰਤ੍ਰਿੰਗ ਕਮੇਟੀ ਅਹੁਦੇਦਾਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਪਾਸ ਕੀਤਾ ਗਿਆ ਮਤਾ ਸੌਂਪਿਆ ਅਤੇ ਨਰਾਇਣ ਸਿੰਘ ਚੌੜਾ ਨੂੰ ਪੰਥ ਵਿੱਚੋਂ ਛੇਕਣ ਦੀ ਮੰਗ ਕੀਤੀ। ਮੀਡੀਆ ਨੂੰ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਆਖਿਆ ਕਿ ਬੀਤੇ ਦਿਨੀਂ ਲੱਗੀ ਸੇਵਾ ਨਿਭਾਅ ਰਹੇ ਸ. ਸੁਖਬੀਰ ਸਿੰਘ ਬਾਦਲ ਉੱਤੇ ਕੀਤੇ ਗਏ ਹਮਲੇ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਡਿਊਢੀ 'ਤੇ ਗੋਲੀ ਲੱਗਣ ਨਾਲ ਪੂਰੇ ਵਿਸ਼ਵ ਦੀਆਂ ਸੰਗਤਾਂ ਦੇ ਮਨਾਂ ਨੂੰ ਭਾਰੀ ਠੇਸ ਪੁੱਜੀ ਹੈ ਅਤੇ ਇਸ ਨਾਲ ਸੰਗਤ ਅੰਦਰ ਡਰ ਦਾ ਮਾਹੌਲ ਵੀ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਤੌਹੀਨ ਹੋਣ ਦੇ ਨਾਲ ਨਾਲ ਮੀਰੀ ਪੀਰੀ ਦੇ ਸਿਧਾਂਤ, ਪੰਥਕ ਮਾਣ ਮਰਯਾਦਾ ਅਤੇ ਸਿੱਖ ਮਾਨਤਾਵਾਂ 'ਤੇ ਵੀ ਸੱਟ ਹੈ। ਉਨ੍ਹਾਂ ਕਿਹਾ ਕਿ ਅੰਤ੍ਰਿੰਗ ਕਮੇਟੀ ਨੇ ਇਸ ਦਾ ਕਰੜਾ ਨੋਟਿਸ ਲੈਂਦਿਆਂ ਬਹੁਸੰਮਤੀ ਨਾਲ ਨਿੰਦਾ ਮਤਾ ਪਾਸ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕਾਰਵਾਈ ਮੰਗੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਨੇ ਦੋਸ਼ੀ ਵਿਅਕਤੀ ਤੋਂ ਇਲਾਵਾ ਇਸ ਘਟਨਾ ਵਿੱਚ ਸ਼ਾਮਲ ਹੋਰ ਪੰਥ ਦੋਖੀਆਂ ਅਤੇ ਸਾਜ਼ਸ਼ਕਾਰਾਂ, ਸੁਰੱਖਿਆ ਵਿੱਚ ਖਾਮੀਆਂ, ਅੰਦਰੂਨੀ ਤੇ ਬਾਹਰੀ ਮਿਲੀਭੁਗਤ ਦੇ ਨਾਲ-ਨਾਲ ਪੁਲਿਸ ਪ੍ਰਸ਼ਾਸਨ ਦੀ ਮਾੜੀ ਕਾਰਗੁਜ਼ਾਰੀ ਦੀ ਘੋਖ ਦੀ ਲੋੜ ਨੂੰ ਵੀ ਮਹਿਸੂਸ ਕੀਤਾ ਹੈ। ਇਸ ਵਾਸਤੇ ਮੁਕੰਮਲ ਪੜਤਾਲ ਲਈ ਸ. ਰਘੂਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸ. ਸ਼ੇਰ ਸਿੰਘ ਮੰਡਵਾਲਾ ਜਨਰਲ ਸਕੱਤਰ, ਸ. ਸੁਖਹਰਪ੍ਰੀਤ ਸਿੰਘ ਰੋਡੇ ਅੰਤ੍ਰਿੰਗ ਮੈਂਬਰ, ਸ. ਕੁਲਵੰਤ ਸਿੰਘ ਮੰਨਣ ਮੁੱਖ ਸਕੱਤਰ ਅਤੇ ਸ. ਪ੍ਰਤਾਪ ਸਿੰਘ ਸਕੱਤਰ (ਕੋਆਰਡੀਨੇਟਰ) ਦੇ ਅਧਾਰਿਤ ਇੱਕ ਕਮੇਟੀ ਬਣਾਈ ਹੈ ਜੋ ਤਿੰਨ ਹਫ਼ਤਿਆਂ ਵਿੱਚ ਆਪਣੀ ਰਿਪੋਰਟ ਦੇਵੇਗੀ। ਉਨ੍ਹਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਅਪੀਲ ਕੀਤੀ ਕਿ ਉਹ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮਾਣ ਸਤਿਕਾਰ ਨੂੰ ਲੱਗੀ ਢਾਅ ਦੇ ਮੱਦੇਨਜ਼ਰ ਇਸ ਮਾਮਲੇ ਵਿੱਚ ਦੋਸ਼ੀ ਖਿਲਾਫ਼ ਕਾਰਵਾਈ ਕਰਦਿਆਂ ਉਸ ਨੂੰ ਪੰਥ ਵਿੱਚੋਂ ਛੇਕਣ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਾਲ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਕਮੇਟੀ ਮੈਂਬਰ ਸ. ਅਮਰੀਕ ਸਿੰਘ ਵਛੋਆ, ਸ. ਪਰਮਜੀਤ ਸਿੰਘ ਖ਼ਾਲਸਾ, ਸ. ਸੁਰਜੀਤ ਸਿੰਘ ਗੜ੍ਹੀ, ਸ. ਬਲਦੇਵ ਸਿੰਘ ਕਾਇਮਪੁਰ, ਸ. ਦਲਜੀਤ ਸਿੰਘ ਭਿੰਡਰ, ਸ. ਸੁਖਹਰਪ੍ਰੀਤ ਸਿੰਘ ਰੋਡੇ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਜਸਵੰਤ ਸਿੰਘ ਪੁੜੈਨ, ਸ. ਪਰਮਜੀਤ ਸਿੰਘ ਰਾਏਪੁਰ, ਸਕੱਤਰ ਸ. ਸੁਖਮਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ ਅਤੇ ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ ਮੌਜੂਦ ਸਨ।

## ਦਸੰਬਰ ਸ਼ਹੀਦ ਦਿਹਾੜਿਆ ਦੇ ਵੱਡੇ ਮਹੱਤਵ ਨੂੰ ਨਜਰਅੰਦਾਜ ਕਰਕੇ, ਮਿਊਸੀਪਲ ਕੌਸਲਾਂ ਤੇ ਕਾਰਪੋਰੇਸਨਾਂ ਦੀਆਂ ਚੋਣਾਂ ਕਰਵਾਉਣਾ ਅਤਿ ਦੁੱਖਦਾਇਕ : ਟਿਵਾਣਾ



ਨਵੀਂ ਦਿੱਲੀ, 9 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): "ਕੇਵਲ ਪੰਜਾਬ ਅਤੇ ਸੈਟਰ ਦੀਆਂ ਸਰਕਾਰਾਂ ਨੂੰ ਹੀ ਇਸ ਗੱਲ ਦੀ ਜਾਣਕਾਰੀ ਨਹੀ ਬਲਕਿ ਬਾਹਰਲੇ ਮੁਲਕਾਂ ਦੀਆਂ ਹਕੂਮਤਾਂ ਤੇ ਉਥੇ ਵੱਸਣ ਵਾਲੀਆ ਵੱਖ-ਵੱਖ ਕੌਮਾਂ ਨੂੰ ਵੀ ਜਦੋ ਇਸ ਗੱਲ ਦੀ ਭਰਪੂਰ ਜਾਣਕਾਰੀ ਹੈ ਕਿ ਸਿੱਖ ਕੌਮ ਦੇ ਸਭ ਤੋ ਛੋਟੀ ਉਮਰ ਦੇ ਸਾਹਿਬਜਾਦਿਆ ਸ਼ਹੀਦ ਬਾਬਾ ਜੋਰਾਵਰ ਸਿੰਘ, ਸ਼ਹੀਦ ਬਾਬਾ ਫਤਹਿ ਸਿੰਘ, ਮਾਤਾ ਗੁਜਰ ਕੌਰ ਜੀ ਦੇ ਦਸੰਬਰ ਦੇ ਮਹੀਨੇ ਵਿਚ ਸਹੀਦੀ ਦਿਹਾੜਿਆ ਦੀਆਂ ਸਭਾਵਾਂ ਵੱਖ-ਵੱਖ ਸਥਾਨਾਂ ਤੇ ਚੱਲਦੀਆਂ ਹੋਈਆ ਖਾਲਸਾ ਪੰਥ ਆਪਣੇ ਸ਼ਹੀਦਾਂ ਨੂੰ ਨਤਮਸਤਕ ਹੁੰਦੇ ਹੋਏ ਸਰਧਾ ਦੇ ਫੁੱਲ ਭੇਟ ਕਰਦਾ ਹੈ ਅਤੇ ਇਹ ਦਿਨ ਕੇਵਲ ਖਾਲਸਾ ਪੰਥ ਲਈ ਹੀ ਨਹੀ ਬਲਕਿ ਸਮੁੱਚੀ ਮਨੁੱਖਤਾ ਲਈ ਬਹੁਤ ਹੀ ਮਹੱਤਵਪੂਰਨ ਹੁੰਦੇ ਹਨ ਅਤੇ ਖਾਲਸਾ ਪੰਥ ਇਨ੍ਹਾਂ ਦਿਹਾੜਿਆ ਉਤੇ ਆਪਣੇ ਸਹੀਦਾਂ ਨੂੰ ਨਤਮਸਤਕ ਹੋਣ ਲਈ ਚਮਕੌਰ ਸਾਹਿਬ, ਭੱਠਾ ਸਾਹਿਬ, ਕਤਲਗੜ੍ਹ ਸਾਹਿਬ, ਮੋਰਿੰਡਾ, ਫਤਹਿਗੜ੍ਹ ਸਾਹਿਬ ਆਦਿ ਸ਼ਹੀਦੀ ਸਥਾਨਾਂ ਤੇ ਸਰਧਾ ਦੇ ਫੁੱਲ ਭੇਟ ਕਰਦਾ ਹੈ, ਫਿਰ ਇਨ੍ਹਾਂ ਦਿਨਾਂ ਵਿਚ ਜੇਕਰ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋ ਪੰਜਾਬ ਦੀਆਂ ਮਿਊਸੀਪਲ ਕਾਰਪੋਰੇਸਨਾਂ ਜਾਂ ਮਿਊਸੀਪਲ ਕੌਸਲਾਂ ਦੀਆਂ ਚੋਣਾਂ ਦਾ ਐਲਾਨ ਕੀਤਾ ਗਿਆ ਹੈ, ਤਾਂ ਇਹ ਖਾਲਸਾ ਪੰਥ ਦੀਆਂ ਦੁਸਮਣ ਜਮਾਤਾਂ ਵੱਲੋ ਬਹੁਤ ਹੀ ਸਰਮਨਾਕ ਅਤੇ ਇਨਸਾਨੀਅਤ ਵਿਰੋਧੀ ਅਮਲ ਕੀਤਾ ਜਾ ਰਿਹਾ ਹੈ । ਜਦੋਕਿ ਇਨ੍ਹਾਂ ਦਿਨਾਂ ਵਿਚ ਇਸ ਤਰ੍ਹਾਂ ਦੀਆਂ ਚੋਣਾਂ ਆਦਿ ਦਾ ਐਲਾਨ ਬਿਲਕੁਲ ਨਹੀ ਸੀ ਹੋਣਾ ਚਾਹੀਦਾ ।" ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸ. ਭਗਵੰਤ ਸਿੰਘ ਮਾਨ ਸਰਕਾਰ ਅਤੇ ਚੋਣ ਕਮਿਸਨ ਪੰਜਾਬ ਵੱਲੋ ਅਤਿ ਸੰਜੀਦਗੀ ਵਾਲੇ ਸ਼ਹੀਦੀ ਦਿਹਾੜਿਆ ਦੌਰਾਨ ਮਿਊਸੀਪਲ ਕਾਰਪੋਰੇਸਨਾਂ ਅਤੇ ਮਿਊਸੀਪਲ ਕੌਸਲਾਂ ਦੀਆਂ ਚੋਣਾਂ ਦੇ ਕੀਤੇ ਗਏ ਐਲਾਨ ਨੂੰ ਗੈਰ ਇਖਲਾਕੀ, ਗੈਰ ਇਨਸਾਨੀ ਅਤੇ ਖਾਲਸਾ ਪੰਥ ਦੇ ਵੱਡੇ ਮਹਾਨ ਸਹੀਦੀ ਦਿਹਾੜਿਆ ਦੇ ਮਹੱਤਵ ਨੂੰ ਨਜਰਅੰਦਾਜ ਕਰਕੇ ਕੀਤੇ ਜਾ ਰਹੇ ਅਮਲਾਂ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਪੰਜਾਬ ਸਰਕਾਰ ਅਤੇ ਚੋਣ ਕਮਿਸਨ ਪੰਜਾਬ ਨੂੰ ਇਸ ਕੀਤੇ ਗਏ ਅਸਹਿ ਫੈਸਲੇ ਉਤੇ ਮੁੜ ਵਿਚਾਰ ਕਰਦੇ ਹੋਏ ਇਨ੍ਹਾਂ ਚੋਣਾਂ ਨੂੰ ਮਨਸੂਖ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੋ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਆਪ ਨੂੰ ਪੰਜਾਬੀਆਂ ਤੇ ਸਿੱਖ ਕੌਮ ਦੀ ਹਿਤੈਸੀ ਸਾਬਤ ਕਰਨ ਲਈ ਅਕਸਰ ਹੀ ਮੀਡੀਏ ਵਿਚ ਪ੍ਰਚਾਰ ਕਰਦੀ ਆ ਰਹੀ ਹੈ, ਕੀ ਇਨ੍ਹਾਂ ਨੂੰ ਸਾਹਿਬਜਾਦਿਆ ਦੇ ਸਹੀਦੀ ਦਿਹਾੜਿਆ ਦੀ ਸੰਜੀਦਗੀ ਅਤੇ ਖਾਲਸਾ ਪੰਥ ਦੀਆਂ ਭਾਵਨਾਵਾ ਬਾਰੇ ਜਾਣਕਾਰੀ ਨਹੀ ਹੈ ? ਫਿਰ ਅਜਿਹੇ ਅਮਲ ਕਰਕੇ ਉਹ ਪੰਜਾਬੀਆਂ ਤੇ ਸਿੱਖ ਕੌਮ ਵਿਚ ਆਪਣੇ ਆਪ ਨੂੰ ਕਿਸ ਤਰ੍ਹਾਂ ਸਥਾਪਿਤ ਕਰ ਸਕੇਗੀ ? ਬਲਕਿ ਪੰਜਾਬ ਸਰਕਾਰ ਨੂੰ ਇਸ ਕੀਤੇ ਜਾ ਰਹੇ ਅਮਲ ਦਾ ਜੁਆਬ ਹਰ ਕੀਮਤ ਤੇ ਖਾਲਸਾ ਪੰਥ ਨੂੰ ਦੇਣਾ ਪਵੇਗਾ । ਇਸ ਲਈ ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਪੰਜਾਬ ਸਰਕਾਰ ਅਤੇ ਚੋਣ ਕਮਿਸਨ ਪੰਜਾਬ ਆਪਣੇ ਕੀਤੇ ਗਏ ਦੁੱਖਦਾਇਕ ਫੈਸਲੇ ਨੂੰ ਤੁਰੰਤ ਵਾਪਸ ਲੈਕੇ ਪੰਜਾਬੀਆਂ ਤੇ ਸਿੱਖ ਕੌਮ ਵਿਚ ਇਸ ਅਮਲ ਉਤੇ ਉੱਠੇ ਵਿਰੋਧ ਨੂੰ ਸਾਤ ਕਰੇ ਅਤੇ ਸਿੱਖ ਕੌਮ ਦੇ ਇਨ੍ਹਾਂ ਅਤਿ ਸੰਜੀਦਗੀ ਭਰੇ ਸਹੀਦੀ ਦਿਹਾੜਿਆ ਦੇ ਵੱਡੇ ਸੰਸਾਰ ਪੱਧਰ ਦੇ ਮਹੱਤਵ ਨੂੰ ਮੁੱਖ ਰੱਖਕੇ ਚੋਣ ਤਰੀਕਾਂ ਨੂੰ ਮਨਸੂਖ ਕਰਨਗੇ ।

## ਨਰੈਣ ਸਿੰਘ ਚੌੜਾ ਨੂੰ ਪੰਜਾਬ ਤੋਂ ਤਬਦੀਲ ਕਰਕੇ ਯੂਪੀ ਦੇ ਲਖੀਮਪੁਰ ਖੀਰੀ ਵਿਖੇ ਲਿਜਾਣ ਦੇ ਅਮਲ ਉਸਦੇ ਵਿਧਾਨਿਕ ਤੇ ਮਨੁੱਖੀ ਹੱਕਾਂ ਤੇ ਡਾਕਾ : ਮਾਨ



ਨਵੀਂ ਦਿੱਲੀ, 9 ਦਸੰਬਰ (ਮਨਪ੍ਰੀਤ ਸਿੰਘ ਖਾਲਸਾ): "ਅੰਮ੍ਰਿਤਸਰ ਵਿਖ਼ੇ ਸੁਖਬੀਰ ਗੋਲੀ ਕਾਂਡ ਨਾਲ ਸੰਬੰਧਤ ਸ. ਨਰੈਣ ਸਿੰਘ ਚੌੜਾ ਜੋ 72 ਸਾਲਾਂ ਦੇ ਬਜੁਰਗ ਵਿਦਵਾਨ ਤੇ ਖਾਲਸਾ ਪੰਥ ਦੇ ਆਗੂ ਹਨ, ਉਨ੍ਹਾਂ ਨਾਲ ਸੈਂਟਰ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀਆਂ ਸਰਕਾਰਾਂ ਕਿਸੇ ਮੰਦਭਾਵਨਾ ਭਰੀ ਸੋਚ ਅਧੀਨ ਗੈਰ ਵਿਧਾਨਿਕ ਅਤੇ ਗੈਰ ਇਨਸਾਨੀਅਤ ਢੰਗਾਂ ਰਾਹੀ ਵਿਵਹਾਰ ਕਰਨ ਦੇ ਅਮਲ ਇਸ ਕਰਕੇ ਸਾਹਮਣੇ ਆ ਰਹੇ ਹਨ ਕਿ ਉਨ੍ਹਾਂ ਨੂੰ ਪੰਜਾਬ ਤੋ ਤਬਦੀਲ ਕਰਕੇ ਯੂਪੀ ਦੇ ਲਖੀਮਪੁਰ ਖੀਰੀ ਜ਼ਿਲ੍ਹੇ ਵਿਚ ਭੇਜਕੇ ਬੰਦੀ ਬਣਾ ਦਿੱਤਾ ਹੈ । ਜੇਕਰ ਉਨ੍ਹਾਂ ਦੀ ਜਿੰਦਗੀ ਨਾਲ ਕਿਸੇ ਤਰ੍ਹਾਂ ਦੀ ਕੋਈ ਅਣਹੋਣੀ ਘਟਨਾ ਵਾਪਰੀ ਤਾਂ ਸੈਟਰ ਦੀ ਮੋਦੀ ਹਕੂਮਤ ਅਤੇ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਸਿੱਧੇ ਤੌਰ ਤੇ ਜਿੰਮੇਵਾਰ ਹੋਣਗੀਆ । ਜਿਸ ਜੱਜ ਨੇ ਉਨ੍ਹਾਂ ਦਾ ਰਿਮਾਂਡ ਦੇ ਕੇ ਦੂਸਰੇ ਸੂਬੇ ਯੂਪੀ ਵਿਚ ਭੇਜਿਆ ਹੈ, ਜੋ ਕਿ ਮੁਤੱਸਵੀ ਸੋਚ ਵਾਲਾ ਫੈਸਲਾ ਹੈ । ਜੇਕਰ ਉਨ੍ਹਾਂ ਦਾ ਕਿਸੇ ਤਰ੍ਹਾਂ ਦਾ ਕੋਈ ਸਰੀਰਕ ਨੁਕਸਾਨ ਹੋਇਆ ਤਾਂ ਸੰਬੰਧਤ ਜੱਜ ਵੀ ਖਾਲਸਾ ਪੰਥ ਦਾ ਸਿੱਧੇ ਤੌਰ ਤੇ ਜਿੰਮੇਵਾਰ ਹੋਵੇਗਾ । ਕਿਉਂਕਿ ਪੰਜਾਬੀਆਂ ਅਤੇ ਸਿੱਖਾਂ ਦੇ ਮਸਲਿਆ ਨੂੰ ਸਹਿਜਤਾ ਨਾਲ ਹੱਲ ਕਰਨ ਦੀ ਬਜਾਇ ਇਹ ਦੋਵੇ ਸਰਕਾਰਾਂ ਪੰਜਾਬ ਦੇ ਮਾਹੌਲ ਨੂੰ ਕਿਸੇ ਸੋਚੀ ਸਮਝੀ ਸਾਜਿਸ ਅਧੀਨ ਗੰਧਲਾ ਵੀ ਕਰ ਰਹੀਆ ਹਨ ਅਤੇ ਪੰਜਾਬੀਆਂ ਨੂੰ ਨਿਸਾਨਾਂ ਬਣਾਕੇ ਉਨ੍ਹਾਂ ਉਤੇ ਆਨੇਬਹਾਨੇ ਜ਼ਬਰ ਜੁਲਮ ਢਾਹੁਣ ਦੀਆਂ ਕਾਰਵਾਈਆ ਵੀ ਕਰਦੀਆ ਨਜਰ ਆ ਰਹੀਆ ਹਨ । ਸਮੁੱਚੇ ਖਾਲਸਾ ਪੰਥ ਦੀਆਂ ਨਜਰਾਂ ਸ. ਨਰੈਣ ਸਿੰਘ ਚੌੜਾ ਦੇ ਨਾਲ ਕੀਤੇ ਜਾ ਰਹੇ ਹਕੂਮਤੀ ਵਿਵਹਾਰ ਤੇ ਲੱਗੀਆ ਹੋਈਆ ਹਨ । ਇਸ ਲਈ ਦੋਵੇ ਸਰਕਾਰਾਂ ਇਸ ਗੱਲ ਤੇ ਸੁਚੇਤ ਰਹਿਣ ਕਿ ਜੇਕਰ ਉਨ੍ਹਾਂ ਨਾਲ ਕੋਈ ਗੈਰ ਵਿਧਾਨਿਕ ਜਾਂ ਗੈਰ ਸਮਾਜਿਕ ਅਮਲ ਹੋਇਆ ਤਾਂ ਖਾਲਸਾ ਪੰਥ ਸਹਿਣ ਨਹੀ ਕਰੇਗਾ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸ. ਨਰੈਣ ਸਿੰਘ ਚੌੜਾ ਨੂੰ ਅੰਮ੍ਰਿਤਸਰ ਪੁਲਿਸ ਕਸਟੱਡੀ ਵਿਚੋ ਕੱਢਕੇ ਯੂਪੀ ਦੀ ਲਖੀਮਪੁਰ ਖੀਰੀ ਜੇਲ ਵਿਚ ਭੇਜਣ ਦੀ ਸਾਜਿਸ ਉਤੇ ਗਹਿਰਾ ਦੁੱਖ ਅਤੇ ਹੈਰਾਨੀ ਜਾਹਰ ਕਰਦੇ ਹੋਏ ਅਤੇ ਕਿਸੇ ਕਿਸਮ ਦਾ ਉਸਦਾ ਨੁਕਸਾਨ ਹੋਣ ਤੇ ਸੈਟਰ ਤੇ ਪੰਜਾਬ ਦੀਆਂ ਸਰਕਾਰਾਂ ਨੂੰ ਖਬਰਦਾਰ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜੋ ਬਾਦਲ ਅਕਾਲੀ ਦਲ ਦੇ ਪਠਾਨਕੋਟ ਦੇ ਯੂਥ ਪ੍ਰਧਾਨ ਵੱਲੋ ਗੋਲੀ ਕਾਂਡ ਵਾਲੇ ਦਿਨ ਸ. ਨਰੈਣ ਸਿੰਘ ਚੌੜਾ ਦੀ ਗ੍ਰਿਫਤਾਰੀ ਹੋਣ ਤੇ ਵੀ ਉਨ੍ਹਾਂ ਦੀ ਅਪਮਾਨਜਨਕ ਢੰਗ ਨਾਲ ਜ਼ਬਰੀ ਦਸਤਾਰ ਲਾਹੀ ਗਈ ਅਤੇ ਉਨ੍ਹਾਂ ਦੇ ਕੇਸਾਂ ਦੀ ਬੇਅਦਬੀ ਕੀਤੀ ਗਈ, ਉਸ ਵਿਰੁੱਧ ਕੇਵਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਹੀ ਨਹੀ ਬਲਕਿ ਧਾਰਾ 295 ਅਧੀਨ ਸਰਕਾਰ ਵੀ ਅਗਲੇਰੀ ਕਾਰਵਾਈ ਕਰਦੇ ਹੋਏ ਦਸਤਾਰ ਅਤੇ ਕੇਸਾਂ ਦੀ ਤੋਹੀਨ ਕਰਨ ਵਾਲੇ ਦੋਸੀ ਨੂੰ ਸਜ਼ਾ ਦੇਣ ਦਾ ਪ੍ਰਬੰਧ ਕਰੇ । ਉਨ੍ਹਾਂ ਕਿਹਾ ਕਿ ਉਹ ਜਦੋ ਵੱਡੇਰੀ ਉਮਰ ਦੇ ਬਜੁਰਗ ਹਨ, ਤਾਂ ਉਨ੍ਹਾਂ ਨੂੰ ਸਰੀਰਕ ਤਸੱਦਦ ਜੁਲਮ ਕਰਨ ਦੀ ਬਜਾਇ ਉਨ੍ਹਾਂ ਤੋ ਜੁਬਾਨੀ ਤੌਰ ਤੇ ਪੁੱਛਤਾਛ ਕੀਤੀ ਜਾਵੇ ਅਤੇ ਉਨ੍ਹਾਂ ਦੇ ਰਹਿਣ, ਖਾਣ-ਪੀਣ ਦਾ ਵਿਸੇਸ ਧਿਆਨ ਜੇਲ ਵਿਚ ਵੀ ਰੱਖਿਆ ਜਾਵੇ ।

## ਇੱਕ ਨਜ਼ਰ . . .



## ਸਰਕਾਰ ਜੀ ਇੱਧਰ ਸੜਕ ਵੱਲ ਵੀ ਧਿਆਨ ਦਿਉ ਜੀ, ਅੱਡਾ ਨਾਥ ਦੀ ਖੂੰਹੀ ਚੰਨਣਕੇ ਤੋਂ ਭੋਏਵਾਲ ਅਤੇ ਅਰਜਨ ਮਾਂਗਾ

ਚੌਕ ਮਹਿਤਾ, 9 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਭਾਵੇਂ ਸੈਂਟਰਲ ਸਰਕਾਰ ਅਤੇ ਪੰਜਾਬ ਸਰਕਾਰ ਬਹੁਤ ਵੱਡੇ ਵੱਡੇ ਹਾਈਵੇਅ ਸੜਕਾਂ ਬਣਾ ਰਹੀ ਹੈ। ਪਰ ਹਲਕਾ ਮਜੀਠਾ ਜਿਲਾ ਅੰਮ੍ਰਿਤਸਰ ਤਹਿਸੀਲ ਬਾਬਾ ਬਕਾਲਾ ਸਾਹਿਬ ਬਲਾਕ ਤਰਸਿੱਕਾ ਦੇ ਪਿੰਡ ਨਾਥ ਦੀ ਖੂੰਹੀ ਤੋਂ ਚੰਨਣਕੇ ਤੋਂ ਅਰਜਨ ਮਾਂਗਾ ਅਤੇ ਭੋਏਵਾਲ ਦੀ ਲਿੰਕ ਸੜਕਾਂ ਦਾ ਬਹੁਤ ਮਾੜਾ ਹਾਲ ਹੈ। ਸੜਕਾ ਵਿੱਚ ਬਹੁਤ ਡੂੰਗੇ ਟੋਏ, ਲੋਕਾਂ ਦੇ ਵਾਹਨਾ ਨੂੰ ਨੁਕਸਾਨ ਪਹੁੰਚਾਉਣ ਦੇ ਹਨ। ਉੱਥੇ ਵੱਡੇ ਵੱਡੇ ਹਾਦਸੇ ਨੂੰ ਆਵਾਜਾ ਮਾਰਦੇ ਹਨ। ਜਿਗਰ ਯੋਗ ਹੈ ਕਿ ਅੱਡਾ ਨਾਥ ਦੀ ਖੂੰਹੀ ਵਿੱਖੇ ਵੱਡੇ ਸਕੂਲ ਵੀ ਹਨ ਸਵੇਰੇ ਸਾਮ ਬੱਚਿਆਂ ਨੂੰ ਇਨ੍ਹਾਂ ਟੁਟੀਆਂ ਹੋਈਆਂ ਸੜਕਾਂ ਉੱਪਰ ਲੰਗਣ ਸਮੇ ਭਾਰੀ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਸੜਕਾਂ ਇਤਹਾਸਕ ਗੁਰਦੁਆਰਾ ਸਾਹਿਬ, ਮੰਦਰਾਂ ਨੂੰ ਵੀ ਜੋੜਦੀਆਂ ਹਨ। ਸਮੂਹ ਇਲਾਕੇ ਦੀਆਂ ਪੰਚਾਇਤਾਂ ਅਤੇ ਲੋਕਾਂ, ਬੱਚਿਆਂ ਵੱਲੋਂ ਸੈਂਟਰਲ ਅਤੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਸੜਕਾਂ ਬਹੁਤ ਜਲਦੀ ਚੌੜੀਆਂ ਨਵੀਆ ਬਣਾਈਆਂ ਜਾਣ।

## ਗੁਰਦੁਆਰਾ ਟਾਹਲਾ ਸਾਹਿਬ ਤਰਸਿੱਕਾ ਵਿੱਖੇ 18 ਜਨਵਰੀ ਤੋਂ 13 ਫਰਵਰੀ ਤੱਕ ਸ਼੍ਰੀ ਅਖੰਡ ਪਾਠਾ ਦੀ ਲੜੀ ਆਰੰਭ: ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ



ਚੌਕ ਮਹਿਤਾ, 9 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਗੁਰਦੁਆਰਾ ਟਾਹਲਾ ਸਾਹਿਬ ਤਰਸਿੱਕਾ ਦੇ ਮੁੱਖੀ ਸੰਤ ਬਾਬਾ ਗੁਰਦੀਪ ਸਿੰਘ ਤਰਸਿੱਕਾ ਦੀ ਅਗਵਾਈ ਹੇਠ ਹਰ ਸਾਲ ਦੀ ਤਰ੍ਹਾਂ 18 ਜਨਵਰੀ 2025 ਨੂੰ ਸ੍ਰੀ ਆਖੰਡ ਪਾਠ ਸਾਹਿਬ ਦੀ ਲੜੀ ਇਲਾਕਾ ਨਿਵਾਸੀ ਅਤੇ ਦੇਸਾ ਵਿਦੇਸਾ ਦੀ ਸੰਗਤ ਦੇ ਸਹਿਯੋਗ ਨਾਲ ਆਰੰਭ ਕੀਤੀ ਜਾਵੇਗੀ। ਅਤੇ 13 ਫਰਵਰੀ 2025 ਨੂੰ ਸ੍ਰੀ ਆਖੰਡ ਪਾਠਾ ਦੀ ਲੜੀ ਦੇ ਭੋਗ ਪੈਣਗੇ। ਉਪਰੰਤ ਸਾਰੀ ਦਿਹਾੜੀ ਦੀਵਾਨ ਸਜਣਗੇ। ਜਿਸ ਵਿੱਚ ਸੰਤ ਮਹਾਪੁਰਸ਼, ਨਿਹੰਗ ਸਿੰਘ ਦਲ ਪੰਥ, ਧਾਰਮਿਕ, ਰਾਜਨੀਤਕ, ਸਮਾਜ ਸੇਵੀ, ਦੇਸਾ ਵਿਦੇਸਾ ਦੀਆਂ ਸੰਗਤਾਂ ਹਾਜਰੀ ਭਰਨਗੀਆ। ਸਿੱਖ ਪੰਥ ਦੇ ਉੱਚ ਕੋਟੀ ਰਾਗੀ, ਢਾਡੀ, ਕਵੀਸਰ, ਕਥਾਵਾਚਕ ਗੁਰਮੱਤ ਵਿਚਾਰਾਂ ਦੀ ਸਾਂਝ ਪਾਉਣਗੇ। ਗੁਰੂ ਜੀ ਲੰਗਰ ਆਟੁਤ ਵਰਤਿਆ ਜਾਵੇਗਾ।

## ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਗਰੀਬ ਤੇ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ



ਫ਼ਿਰੋਜ਼ਪੁਰ, 9 ਦਸੰਬਰ (ਮਨੋਹਰ ਲਾਲ): ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਜਿਨ੍ਹਾਂ ਨੇ 1914 ਵਿਚ ਟਰੱਸਟ ਬਣਾਇਆ, ਉਨ੍ਹਾਂ ਲਈ ਅਰਦਾਸ ਕੀਤੀ ਕਿ ਉਨ੍ਹਾਂ ਨੇ ਆਪਣੀਆਂ ਜਮੀਨਾਂ ਜਾਇਦਾਦਾਂ ਵੇਖ ਕੇ ਇਹ ਟਰੱਸਟ ਨੂੰ ਕਾਇਮ ਰੱਖਿਆ, ਜ਼ੋ ਅੱਜ ਤੱਕ ਸਮਾਜ ਭਲਾਈ ਦੇ ਕੰਮਾਂ ਵਿਚ ਹਮੇਸ਼ਾ ਆਪਣਾ ਵਡਮੁੱਲਾ ਯੋਗਦਾਨ ਪਾ ਰਹੇ ਹਨ। ਇਸ ਮੌਕੇ ਤੇ ਟਰੱਸਟ ਸਦਾਵਰਤ ਦੇ ਅਹੁਦੇਦਾਰਾਂ ਜਿਨ੍ਹਾਂ ਵਿਚ ਸ੍ਰੀ ਪੀ.ਸੀ ਕੁਮਾਰ, ਔਮ ਪ੍ਰਕਾਸ਼ ਕੈਸ਼ੀਅਰ, ਰਜਨੀਸ਼ ਕਪੂਰ ਹਾਜ਼ਰ ਸਨ। ਇਸ ਮੌਕੇ ਤੇ ਸਪੈਸ਼ਲ ਤੌਰ ਤੇ ਯੂ.ਕੇ ਤੋਂ ਫ਼ਿਰੋਜ਼ਪੁਰ ਪੁੱਜੇ ਅਕਾਸ ਮਹਿੰਦੀ ਰੱਤਾ ਅਤੇ ਪੂਨਮ ਮਹਿੰਦੀ ਰੱਤਾ ਅਤੇ ਬੇਟੀ ਧਰਿਤੀ ਜਿਨ੍ਹਾਂ ਨੇ ਆਪਣੀ ਮਾਤਾ ਦਰਸ਼ਨਾ ਦੇਵੀ ਜ਼ੋ ਕਿ ਕੁਝ ਦਿਨ ਪਹਿਲਾਂ ਸਵਰਗਵਾਸ ਹੋ ਗਏ ਸੀ, ਉਨ੍ਹਾਂ ਦੀ ਯਾਦ ਵਿਚ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਘਰੇਲੂ ਖਾਣ—ਪੀਣ ਦਾ ਸਮਾਨ ਦਿੱਤਾ, ਜਿਸ ਵਿਚ ਚਾਵਲ, ਖੰਡ, ਚਾਹ—ਪੱਤੀ ਦਿੱਤੀ ਗਈ। ਇਸ ਮੌਕੇ ਤੇ ਅਕਾਸ਼ ਮਹਿਦੀਰੱਤਾ ਇੰਜੀਨੀਅਰ ਅਤੇ ਪੂਨਮ ਮਹਿੰਦੀ ਰੱਤਾ ਨੇ ਕਿਹਾ ਕਿ ਮੈਨੂੰ ਇਥੇ ਵੇਖ ਕੇ ਬਹੁਤ ਖੁਸ਼ੀ ਹੋਈ ਹੈ ਕਿ ਇਹੋ ਜਿਹੇ ਪੁੰਨ ਦੇ ਕੰਮ ਸਾਨੂੰ ਕਰਨੇ ਚਾਹੀਦੇ ਸਨ, ਸਾਨੂੰ ਸਮਾਜ ਭਲਾਈ ਦੇ ਕੰਮਾਂ ਵਿਚ ਆਪਣਾ ਵਡਮੁੱਲਾ ਯੋਗਦਾਨ ਪਾਉਣਾ ਚਾਹੀਦਾ ਹੈ। ਸਾਨੂੰ ਆਪਣੀ ਨੇਕ ਕਮਾਈ ਵਿਚੋਂ ਦਸਵੰਧ ਕੱਢ ਕੇ ਲੋਕ ਭਲਾਈ ਦੇ ਕੰਮਾਂ ਵਿਚ ਲਾਉਣਾ ਚਾਹੀਦਾ ਹੈ। ਇਸ ਮੌਕੇ ਤੇ ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰਾਂ ਨੇ ਉਨ੍ਹਾਂ ਨੂੰ ਜੀ ਆਇਆ ਆਖਿਆ ਅਤੇ ਉਨ੍ਹਾਂ ਦੀ ਚੜ੍ਹਦੀ ਕਲਾਂ ਦੀ ਕਾਮਨਾ ਕੀਤੀ ਤਾਂ ਜ਼ੋ ਉਹ ਭਵਿੱਖ ਵਿਚ ਵੀ ਇਸੀ ਤਰ੍ਹਾਂ ਜ਼ਰੂਰਤਮੰਦਾਂ ਦੀ ਮੱਦਦ ਕਰ ਸਕਣ।

## ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਬੀਬੀ ਦਰਸ਼ਨਾ ਦੇਵੀ ਦੇ ਅਕਾਲ ਚਲਾਣੇ ਤੇ ਪੀ.ਸੀ ਕੁਮਾਰ ਨਾਲ ਪ੍ਰਗਟਾਇਆ ਦੁੱਖ

ਫ਼ਿਰੋਜ਼ਪੁਰ, 9 ਦਸੰਬਰ (ਮਨੋਹਰ ਲਾਲ) :— ਟਰੱਸਟ ਸਦਾਵਰਤ ਪੰਚਾਇਤੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਬੀਬੀ ਦਰਸ਼ਨਾ ਦੇਵੀ ਦੇ ਅਕਾਲ ਚਲਾਣੇ ਤੇ ਸ੍ਰੀ ਪੀ.ਸੀ ਕੁਮਾਰ ਨਾਲ ਦੁੱਖ ਪ੍ਰਗਟ ਕਰਦਿਆਂ ਆਖਿਆ ਕਿ ਬੀਬੀ ਦਰਸ਼ਨਾ ਦੇਵੀ ਜ਼ੋ ਕਿ ਇਕ ਨੇਕ ਸੁਭਾਅ ਦੇ ਸਨ ਅਤੇ ਹਮੇਸ਼ਾ ਦਾਨ—ਪੁੰਨ ਤੇ ਜਿਆਦਾ ਵਿਸਵਾਸ਼ ਰੱਖਦੇ ਸਨ, ਇਸ ਮੌਕੇ ਤੇ ਸ੍ਰੀ ਅਸ਼ਵਨੀ ਕੁਮਾਰ ਬਜਾਜ, ਡੀ.ਕੇ ਬਜਾਜ, ਰਜਨੀਸ਼ ਕਪੂਰ, ਮਦਨ ਲਾਲ, ਔਮ ਪ੍ਰਕਾਸ਼ ਕੈਸ਼ੀਅਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮੈਂਬਰ ਹਾਜ਼ਰ ਸਨ। ਉਨ੍ਹਾਂ ਪ੍ਰਮਾਤਮਾ, ਭਗਵਾਨ, ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਉਹ ਬੀਬੀ ਦਰਸ਼ਨਾ ਦੇਵੀ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਪਿਛੇ ਸ੍ਰੀ ਪੀ.ਸੀ ਕੁਮਾਰ, ਤਿੰਨੇ ਬੇਟੀਆਂ, ਪਰਿਵਾਰ, ਰਿਸ਼ਤੇਦਾਰਾਂ, ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ।

### ਸਿੰਘ ਸਾਹਿਬਾਨ ਸੁਖਬੀਰ ਸਿੰਘ ਬਾਦਲ ਬਾਰੇ ਕੀਤੇ ਫ਼ੈਸਲੇ ਲਾਗੂ ਕਰਾਉਣ ਲਈ ਦ੍ਰਿੜ੍ਹ ਹੋਣ: ਪ੍ਰੋ. ਸਰਚਾਂਦ ਸਿੰਘ

## 'ਤਨਖ਼ਾਹ' ਦੀ ਸੰਪੂਰਨਤਾ ਦੀ ਅਰਦਾਸ ਕਰਨ ਅਤੇ ਸਰਟੀਫਿਕੇਟ ਦੇਣ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਸਿੰਘ ਅਤੇ ਅਰਦਾਸੀਏ ਸਿੰਘਾਂ ਨੂੰ ਸੁਚੇਤ ਕਰਨ ਦੀ ਕੀਤੀ ਅਪੀਲ



ਅੰਮ੍ਰਿਤਸਰ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)- ਸਿੱਖ ਸਟੂਡੈਂਟਸ ਫੈਡਰੇਸ਼ਨ (ਮਹਿਤਾ) ਦੇ ਸਾਬਕਾ ਕਾਰਜਕਾਰੀ ਪ੍ਰਧਾਨ, ਪ੍ਰੋ.ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ, ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਅਤੇ ਸਿੰਘ ਸਾਹਿਬਾਨ ਨੂੰ ਸੁਖਬੀਰ ਸਿੰਘ ਬਾਦਲ ਬਾਰੇ ਕੀਤੇ ਆਪਣੇ ਫ਼ੈਸਲੇ ਨੂੰ ਲਾਗੂ ਕਰਾਉਣ ਲਈ ਦ੍ਰਿੜ੍ਹ ਹੋਣ ਪਵੇਗਾ। ਅਕਾਲੀ ਲੀਡਰਸ਼ਿਪ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਆਦੇਸ਼ ਦੀ ਪੂਰਤੀ ਪ੍ਰਤੀ ਕਦੀ ਵੀ ਸੰਜੀਦਗੀ ਨਹੀਂ ਦਿਖਾਈ। ਪ੍ਰੋ. ਸਰਚਾਂਦ ਸਿੰਘ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਇਕ ਪੱਤਰ ਲਿਖਦਿਆਂ ਪੰਥਕ ਰਵਾਇਤਾਂ 'ਤੇ ਪਹਿਰਾ ਦੇਣ ਨੂੰ ਯਕੀਨੀ ਬਣਾਉਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਦਿੱਤੇ ਗਏ ਆਦੇਸ਼ ਦੀ ਪੂਰਤੀ ਕੀਤੇ ਬਿਨਾ ਸੁਖਬੀਰ ਸਿੰਘ ਬਾਦਲ ਅਤੇ ਸਾਥੀਆਂ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 'ਤਨਖ਼ਾਹ' ਦੀ ਸੰਪੂਰਨਤਾ ਦੀ ਅਰਦਾਸ ਕਰਨ ਅਤੇ ਸਰਟੀਫਿਕੇਟ ਦੇਣ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬਾਨ ਅਤੇ ਅਰਦਾਸੀਏ ਸਿੰਘਾਂ ਨੂੰ ਸੁਚੇਤ ਕਰਨ ਦੀ ਅਪੀਲ ਕੀਤੀ ਹੈ। ਅਕਾਲੀ ਦਲ ਦਾ ਦਾਅਵਾ ਹੈ ਕਿ ਸੁਖਬੀਰ ਸਿੰਘ ਬਾਦਲ ਤੇ 6 ਸਾਥੀ ਤਨਖ਼ਾਹ ਪੂਰੀ ਕਰਕੇ 13 ਦਸੰਬਰ 2024 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਨਖ਼ਾਹ ਦੀ ਸੰਪੂਰਨਤਾ ਦੀ ਅਰਦਾਸ ਕਰਾਉਣ ਆ ਰਹੇ ਹਨ। ਪ੍ਰੋ. ਸਰਚਾਂਦ ਸਿੰਘ ਜੋ ਕਿ ਪੰਜਾਬ ਭਾਜਪਾ ਦੇ ਬੁਲਾਰੇ ਵੀ ਹਨ, ਨੇ ਕਿਹਾ ਕਿ 2 ਦਸੰਬਰ 2024 ਨੂੰ ਸੁਖਬੀਰ ਸਿੰਘ ਬਾਦਲ ਸਮੇਤ ਅਕਾਲੀ ਲੀਡਰਸ਼ਿਪ ਵੱਲੋਂ ਅਤੀਤ ਦੌਰਾਨ ਦਿਖਾਈ ਗਈ ਪੰਥ ਵਿਰੋਧੀ ਭੂਮਿਕਾ ਨੂੰ ਕਬੂਲ ਕਰਨ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਪੰਜ ਸਿੰਘ ਸਾਹਿਬਾਨ ਵੱਲੋਂ ਅਕਾਲੀ ਲੀਡਰਸ਼ਿਪ ਵਿਰੁੱਧ ਸੁਣਾਈ ਗਈ 'ਤਨਖ਼ਾਹ' ਭਾਵੇਂ ਉਸ ਵਕਤ ਸਿਰ ਮੱਥੇ ਪ੍ਰਵਾਨ ਕਰ ਲਿਆ ਗਿਆ ਅਤੇ ਅਗਲੇ ਹੀ ਦਿਨ ਤੋਂ 'ਤਨਖ਼ਾਹ' ਪੂਰੀ ਕੀਤੀ ਜਾਣ ਲੱਗੀ। ਪਰ ਪੰਜ ਸਿੰਘ ਸਾਹਿਬਾਨ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੁਣਾਏ ਗਏ ਆਦੇਸ਼ ਵਿਚ ਸੁਖਬੀਰ ਸਿੰਘ ਬਾਦਲ ਸਮੇਂ ਅਸਤੀਫ਼ਾ ਦੇਣ ਵਾਲਿਆਂ ਦਾ ਤਿੰਨ ਦਿਨ ਦੇ ਅੰਦਰ ਅਸਤੀਫ਼ਾ ਪ੍ਰਵਾਨ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਰਿਪੋਰਟ ਕਰਨ ਅਤੇ ਸੌਦਾ ਸਾਧ ਦੀ ਮੁਆਫ਼ੀ ਨੂੰ ਸਹੀ ਠਹਿਰਾਉਣ ਲਈ ਅਖ਼ਬਾਰਾਂ ਵਿਚ ਸ਼੍ਰੋਮਣੀ ਕਮੇਟੀ ਦੀ ਤਰਫ਼ੋਂ ਇਸ਼ਤਿਹਾਰ ਲਗਵਾਉਣ ਦੇ ਮਾਮਲੇ 'ਚ ਗੁਰੂ ਕੇ ਖ਼ਜ਼ਾਨੇ ਦੀ ਭਰਪਾਈ ਲਈ ਸੁਖਬੀਰ ਸਿੰਘ ਬਾਦਲ ਸਮੇਤ ਉਨ੍ਹਾਂ ਦੇ ਨਜ਼ਦੀਕੀਆਂ ਜਿਨ੍ਹਾਂ 'ਚ ਸੁਖਦੇਵ ਸਿੰਘ ਢੀਂਡਸਾ, ਸੁੱਚਾ ਸਿੰਘ ਲੰਗਾਹ, ਹੀਰਾ ਸਿੰਘ ਗਾਬੜੀਆ, ਬਲਵਿੰਦਰ ਸਿੰਘ ਭੂੰਦੜ, ਗੁਲਜ਼ਾਰ ਸਿੰਘ ਰਣੀਕੇ ਅਤੇ ਦਲਜੀਤ ਸਿੰਘ ਚੀਮਾ ਸ਼ਾਮਿਲ ਹਨ, ਨੂੰ ਇਸ਼ਤਿਹਾਰਾਂ ਦੀ ਲਾਗਤ ਰਕਮ ਵਿਆਜ ਸਮੇਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਜਮਾ ਕਰਾਉਣ ਦਾ ਵੀ ਆਦੇਸ਼ ਦਿੱਤਾ ਗਿਆ। ਜਿਸ ਦੀ ਪੂਰਤੀ ਹੁਣ ਤਕ ਵੀ ਨਹੀਂ ਕੀਤੀ ਗਈ ਹੈ। ਇਸੇ ਤਰਾਂ ਹੀ ਸੁਖਬੀਰ ਸਿੰਘ ਬਾਦਲ ਅਤੇ ਅਸਤੀਫ਼ਾ ਦੇਣ ਵਾਲਿਆਂ ਦਾ ਅਸਤੀਫ਼ਾ ਵੀ ਤੈਅ ਸਮੇਂ ਅੰਦਰ ਮਨਜ਼ੂਰ ਨਹੀਂ ਕੀਤਾ ਗਿਆ, ਸਗੋਂ ਅਕਾਲੀ ਆਗੂ ਦਲਜੀਤ ਸਿੰਘ ਚੀਮਾ ਦੇ ਹਵਾਲੇ ਨਾਲ ਇਹ ਗਲ ਸਾਹਮਣੇ ਆ ਰਹੀ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਅਕਾਲੀ ਦਲ ਵਰਕਿੰਗ ਕਮੇਟੀ ਨੂੰ ਅਸਤੀਫ਼ਿਆਂ ਦੀ ਪ੍ਰਵਾਨਗੀ ਲਈ 20 ਦਸੰਬਰ ਤਕ ਦਾ ਸਮਾਂ ਦੇ ਦਿੱਤਾ ਗਿਆ ਹੈ। ਇਸ ਲਈ ਅਕਾਲੀ ਲੀਡਰਸ਼ਿਪ ਅਕਾਲ ਤਖ਼ਤ ਸਾਹਿਬ ਦੇ ਆਦੇਸ਼ 'ਤੇ ਪੂਰਨ ਰੂਪ 'ਚ ਪਹਿਰਾ ਦੇਣ ਦੀ ਥਾਂ ਕੁਤਾਹੀ ਅਤੇ ਹੇਰਾ ਫੇਰੀ ਕਰਕੇ ਪੰਥ ਨੂੰ ਭੰਬਲਭੂਸੇ 'ਚ ਪਾਇਆ ਜਾ ਰਿਹਾ ਹੈ। ਇਸ ਸਮੇਂ ਪੰਥ ਲਈ ਵਿਡੰਬਣਾ ਹੈ ਕਿ ਸੁਖਬੀਰ ਸਿੰਘ ਬਾਦਲ ਸਮੇਤ ਅਕਾਲੀ ਲੀਡਰਸ਼ਿਪ ਦੀ ਇਹ ਮਾਨਸਿਕਤਾ ਬਣ ਚੁੱਕੀ ਹੈ ਕਿ ਸਤਾ ਲਈ ਸਾਨੂੰ ਕਲੀਨ ਚਿੱਟ ਦੇ ਦਿਓ। ਬਾਕੀ ਅਸੀਂ ਜਾਣੀਏ ਤੇ ਸਾਡਾ ਕੰਮ। ਅਕਾਲੀ ਦਲ ਲਈ ਅਕਾਲ ਤਖ਼ਤ ਸਾਹਿਬ ਦੀ ਕਿਸੇ ਤਰਾਂ ਦੀ ਦਖ਼ਲ ਅੰਦਾਜ਼ੀ ਸਾਨੂੰ ਪਰਵਾਨ ਨਹੀਂ। ਜਿਸ ਅਕਾਲੀ ਦਲ ਨੂੰ ਖ਼ਤਮ ਕਰਨ ਦਾ ਤਹੱਈਆ ਅਸੀਂ ਕਰ ਚੁੱਕੇ ਹਾਂ ਉਸ ਨੂੰ ਮੁੜ ਸਥਾਪਿਤ ਕਰਨ ਦਾ ਯਤਨ ਅਕਾਲ ਤਖ਼ਤ ਸਾਹਿਬ ਤੋਂ ਕਿਉਂ ਕੀਤਾ ਜਾ ਰਿਹਾ ਹੈ? ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪੰਜਾਬ ਦੀ ਪੰਥਕ ਪਾਰਟੀ ਸ਼੍ਰੋਮਣੀ ਅਕਾਲੀ ਦਲ, ਜਿਸ' 'ਤੇ ਸਿੱਖਾਂ ਦੇ ਹਿੱਤਾਂ ਦੀ ਰਾਖੀ ਕਰਨ ਦੀ ਜ਼ਿਮੀਦਾਰੀ ਰਹੀ, ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਸਮੇਤ ਉਨ੍ਹਾਂ ਦੇ ਨਜ਼ਦੀਕੀ ਸਿਆਸੀ ਵਿਅਕਤੀਆਂ ਤੋਂ ਉਨ੍ਹਾਂ ਵੱਲੋਂ ਰਾਜ ਭਾਗ ਦੌਰਾਨ ਸਿੱਖੀ ਸਰੋਕਾਰਾਂ ਨਾਲ ਸੰਬੰਧਿਤ ਅਸਲ ਮੁੱਦਿਆਂ ਤੋਂ ਪਾਸੇ ਹੋ ਕੇ ਕੇਵਲ ਰਾਜਸੀ ਸੱਤਾ ਦਾ ਸੁਖ ਮਾਣਦਿਆਂ ਹੋਇਆ ਪੰਥਕ ਹਿੱਤਾਂ ਨੂੰ ਨਾ ਕੇਵਲ ਪਿੱਠ ਦਿਖਾਉਣ, ਸਗੋਂ ਪੰਥ ਵਿਰੋਧੀ ਕਾਰਜ ਵੀ ਕੀਤੇ ਜਾਣ ਦਾ ਲੇਖਾ ਜੋਖਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਖ਼ਾਲਸਾ ਪੰਥ ਦੀ ਭਰੀ ਕਚਹਿਰੀ 'ਚ ਕੀਤਾ ਗਿਆ ਤਾਂ ਉਨ੍ਹਾਂ ਨੇ ਆਪਣੇ ਸੰਗੀਨ 'ਗੁਨਾਹ' ਕਬੂਲ ਕੀਤੇ। ਗੁਨਾਹ ਦੇ ਪੱਧਰ ਅਨੁਸਾਰ ਉਨ੍ਹਾਂ ਖਿਲਾਫ ਪੰਥਕ ਰਵਾਇਤਾਂ ਮੁਤਾਬਕ ਪੰਜ ਸਿੰਘ ਸਾਹਿਬਾਨ ਵੱਲੋਂ ਤਨਖ਼ਾਹ ਲਾਉਣ ਦੀ ਦ੍ਰਿੜ੍ਹਤਾ ਪੂਰਨ ਫ਼ੈਸਲਾ ਅਤੇ ਇਤਿਹਾਸਕ ਵਰਤਾਰੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਥਾਰਿਟੀ ਅਤੇ ਸਰਵਉੱਚਤਾ ਦੀ ਪ੍ਰਸੰਗਿਕਤਾ ਨੇ ਸੰਸਾਰ ਦੇ ਲੋਕਾਂ ਦਾ ਧਿਆਨ ਖਿੱਚਿਆ ਅਤੇ ਸਿੱਖਾਂ ਅਤੇ ਗੈਰ ਸਿੱਖਾਂ ਅੰਦਰ ਸਿੱਖੀ ਪ੍ਰਤੀ ਇਕ ਅਲੱਗ, ਵਿਲੱਖਣ ਅਤੇ ਹਾਂ ਪੱਖੀ ਨਵੀਂ ਸੋਚ ਦਾ ਸੁਨੇਹਾ ਦਿੱਤਾ। ਉਕਤ ਵਰਤਾਰੇ ਨਾਲ ਬਣੇ ਮਾਹੌਲ ਨੇ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦਾ ਆਭਾ ਅਤੇ ਰੁਤਬੇ ਨੂੰ ਵੀ ਮੁੜ ਸਥਾਪਿਤ ਕੀਤਾ।

## ਸ਼ਹੀਦ ਊਧਮ ਸਿੰਘ ਦਾ ਆਦਮ ਕੱਦ ਬੁੱਤ ਸਥਾਪਿਤ, ਧਾਰਮਿਕ ਆਗੂਆਂ ਨੇ ਸ਼ਹੀਦ ਦਾ ਬੁੱਤ ਕੀਤਾ ਲੋਕ ਅਰਪਣ



ਫ਼ਿਰੋਜ਼ਪੁਰ, 9 ਦਸੰਬਰ (ਮਨੋਹਰ ਲਾਲ) :— ਬੀਤੇ ਕੁਝ ਮਹੀਨਿਆਂ ਤੋਂ ਕਰਵਾਏ ਜਾ ਰਹੇ ਸਥਾਨਕ ਸ਼ਹੀਦ ਊਧਮ ਸਿੰਘ ਚੌਂਕ ਦੇ ਨਵੀਨੀਕਰਨ ਮਗਰੋਂ ਐਤਵਾਰ ਨੂੰ ਚੌਂਕ ਵਿਚ ਸ਼ਹੀਦ ਦਾ ਨਵਾਂ ਆਦਮ ਕੱਦ ਬੁੱਤ ਸਥਾਪਿਤ ਕਰ ਦਿੱਤਾ ਗਿਆ। ਉਦਘਾਟਨ ਸਮਾਰੋਹ ਦੀ ਖੂਬਸੂਰਤੀ ਇਹ ਰਹੀ ਕਿ ਚੌਂਕ ਦਾ ਉਦਘਾਟਨ ਕਿਸੇ ਸਿਆਸੀ ਹਸਤੀ ਵੱਲੋਂ ਨਾ ਹੋ ਕੇ ਕਾਰ ਸੇਵਾ ਵਾਲੇ ਬਾਬਾ ਜਗਤਾਰ ਸਿੰਘ ਅਤੇ ਵੱਖ—ਵੱਖ ਧਰਮਾਂ ਦੀਆਂ ਉਚ ਧਾਰਮਿਕ ਸ਼ਖਸਿਅਤਾਂ ਵੱਲੋਂ ਕੀਤਾ ਗਿਆ। ਉਦਘਾਟਨੀ ਸਮਾਰੋਹ ਵਿਚ ਸਵਾਮੀ ਕਮਲ ਪੁਰੀ ਜੀ, ਮੌਲਵੀ ਰਹਿਮਤ ਇਮਾਮ ਖਾਂ, ਪਾਸਟਰ ਤਨਵੀਰ ਹੱਕ, ਬਾਬਾ ਸੁੱਚਾ ਸਿੰਘ ਛਾਂਗਾ ਵਾਲੇ, ਭਗਤ ਮਿਲਖਾ ਸਿੰਘ ਅਰਮਾਨਪੁਰਾ, ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਬਾਬਾ ਰਜਿੰਦਰ ਸਿੰਘ ਡੇਰਾ ਭਜਨਗੜ੍ਹ, ਬਾਬਾ ਮਲਕੀਤ ਨਾਥ, ਬਾਬਾ ਹਰਮੇਸ਼ ਦਾਸ, ਬਾਬਾ ਅਮਰਜੀਤ ਸਿੰਘ ਪਿੰਡੀ, ਬਾਬਾ ਬਜਾਜ ਜੀ ਅਤੇ ਬਾਬਾ ਬਲੰਬਰ ਸਿੰਘ ਵੱਲੋਂ ਸ਼ਹੀਦ ਦੇ ਬੁੱਤ ਨੂੰ ਲੋਕ ਅਰਪਣ ਕੀਤਾ ਗਿਆ। ਬੁੱਤ ਦੇ ਉਦਘਾਟਨ ਮਗਰੋਂ ਸਥਾਨਕ ਸ਼ਹੀਦ ਊਧਮ ਸਿੰਘ ਭਵਨ ਵਿਖੇ ਕਰਵਾਏ ਸੱਭਿਆਚਾਰਕ ਪ੍ਰੋਗਰਾਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਬਤੌਰ ਮੁੱਖ ਮਹਿਮਾਨ ਪਹੁੰਚੇ, ਉਨ੍ਹਾਂ ਤੋਂ ਇਲਾਵਾ ਸਮਾਗਮ ਵਿਚ ਫਿਰੋਜ਼ਪੁਰ ਦੇ ਸਾਂਸਦ ਸ਼ੇਰ ਸਿੰਘ ਘੁਬਾਇਆ, ਹਲਕਾ ਫਿਰੋਜ਼ਪੁਰ ਸ਼ਹਿਰੀ ਵਿਧਾਇਕ ਰਣਬੀਰ ਸਿੰਘ ਭੁੱਲਰ, ਵਿਧਾਇਕ ਰਜਨੀਸ਼ ਦਹੀਆ, ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ਼, ਵਿਧਾਇਕ ਫੌਜਾ ਸਿੰਘ ਸਰਾਰੀ, ਪੰਜਾਬ ਐਗਰੋ ਦੇ ਚੇਅਰਮੈਨ ਸ਼ਿਮੰਦਰ ਸਿੰਘ ਖਿੰਡਾ, ਆਪ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਥਿੰਦ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ, ਸਾਬਕਾ ਵਿਧਾਇਕ ਕੁਲਬੀਰ ਜ਼ੀਰਾ, ਸਾਬਕਾ ਵਿਧਾਇਕ ਰਮਿੰਦਰ ਆਂਵਲਾ, ਅਨੁਮੀਤ ਸਿੰਘ ਹੀਰਾ ਸੋਢੀ, ਸਾਬਕਾ ਕੈਬਨਿਟ ਮੰਤਰੀ ਹੰਸਰਾਜ ਜੋਸਨ, ਸਾਬਕਾ ਵਿਧਾਇਕ ਹਰਦਿਆਲ ਕੰਬੋਜ਼, ਸਾਬਕਾ ਵਿੱਤ ਮੰਤਰੀ ਮਰਹੂਮ ਬਲਵੰਤ ਸਿੰਘ ਦੇ ਲੜਕੇ ਰਾਜਨਬੀਰ ਸਿੰਘ, ਸੀਨੀਅਰ ਕਾਂਗਰਸੀ ਆਗੂ ਆਸ਼ੂ ਬਾਂਗੜ, ਅਕਾਲੀ ਆਗੂ ਮਾਂਟੂ ਵੋਹਰਾ, ਨਗਰ ਕੌਂਸਨ ਦੇ ਪ੍ਰਧਾਨ ਰਿੰਕੂ ਗਰੋਵਰ, ਰਾਜ ਬਖਸ਼ ਕੰਬੋਜ, ਸਾਬਕਾ ਸੈਸ਼ਨ ਜੱਜ ਪਰਮਿੰਦਰ ਪਾਲ ਸਿੰਘ ਹਾਂਡਾ, ਇਕਬਾਲ ਚੰਦ ਪਾਲਾ ਬੱਟੀ, ਤਿਲਕ ਰਾਜ ਕੰਬੋਜ ਨੇ ਉਚੇਚੇ ਤੋਰ 'ਤੇ ਪਹੁੰਚ ਕੇ ਸ਼ਹੀਦੀ ਸਮਾਗਮ ਵਿਚ ਹਾਜਰੀ ਲਗਵਾਈ। ਸ਼ਹੀਦੀ ਸਮਾਗਮ ਨੂੰ ਸੰਬੋਧਨ ਕਰਦਿਆਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਖਿਆ ਕਿ "ਸ਼ਹੀਦ ਕੌਮਾਂ ਦਾ ਸਰਮਾਇਆ ਹੁੰਦੇ ਹਨ। ਅੱਜ ਜੇ ਅਸੀਂ ਅਜਾਦ ਫਿਜ਼ਾ ਵਿਚ ਸਾਹ ਲੈ ਰਹੇ ਹਾਂ ਤਾ ਇਹ ਸ਼ਹੀਦਾਂ ਵੱਲੋਂ ਵਾਰੀਆਂ ਆਪਣੀਆਂ ਜਾਨਾਂ ਦੇ ਸਦਕੇ ਹੀ ਹੈ, ਇਸ ਲਈ ਸ਼ਹੀਦਾਂ ਦੀ ਸੋਚ ਨੂੰ ਦਿਲਾਂ ਵਿਚ ਵਸਾ ਕੇ ਆਪਾਂ ਜਿੰਨੀਂ ਵੀ ਦੇਸ਼ ਕੌਮ ਅਤੇ ਸਮਾਜ ਦੀ ਸੇਵਾ ਕਰ ਸਕਦੇ ਹਾਂ ਸਭ ਨੂੰ ਕਰਨੀ ਚਾਹੀਦੀ ਹੈ। ਇਸ ਸੱਭਿਆਚਾਰਕ ਸਮਾਗਮ ਦੌਰਾਨ ਪੰਜਾਬੀ ਦੇ ਮਸ਼ਹੂਰ ਗਾਇਕ ਰਵਿੰਦਰ ਗਰੇਵਾਲ ਅਤੇ ਪੰਮਾ ਡੂੰਮੇਵਾਲ ਵੱਲੋਂ ਜਿਥੇ ਹਾਜਰ ਹਜ਼ਾਰਾਂ ਦੀ ਤਾਦਾਦ ਵਿਚ ਸੰਗਤਾਂ ਦਾ ਮਨੋਰੰਜਨ ਕੀਤਾ, ਉਥੇ ਪੰਜਾਬ ਦੀ ਮਸ਼ਹੂਰ ਐਂਕਰ ਜੋੜੀ, ਕਾਮੇਡੀਅਨ ਅਤੇ ਫਿਲਮ ਕਲਾਕਾਰ ਹਰਿੰਦਰ ਭੁੱਲਰ ਅਤੇ ਗਾਮਾ ਸਿੱਧੂ ਤੋਂ ਇਲਾਵਾ ਰਵੀ ਇੰਦਰ ਸਿੰਘ ਨੇ ਬਾਖੂਬੀ ਨਿਭਾਈ। ਸੱਭਿਆਚਾਰਕ ਪ੍ਰੋਗਰਾਮ ਦੌਰਾਨ ਸਾਰਾ ਦਿਨ ਚਾਹ ਕੋਫੀ ਪਕੌੜਿਆਂ ਅਤੇ ਪਰਸ਼ਾਦਿਆਂ ਦਾ ਲੰਗਰ ਚੱਲਦਾ ਰਿਹਾ। ਸਮਾਗਮ ਦੌਰਾਨ ਲਗਾਏ ਗਏ ਖੂਨਦਾਨ ਕੈਂਪ ਵਿਚ 48 ਯੂਨਿਟ ਖੂਨਦਾਨ ਕੀਤਾ ਗਿਆ। ਇਸ ਮੌਕੇ ਸ਼ਹੀਦ ਊਧਮ ਸਿੰਘ ਯਾਦਗਾਰ ਕਮੇਟੀ ਦੇ ਪ੍ਰਧਾਨ ਭਗਵਾਨ ਸਿੰਘ ਸਾਮਾ ਨੇ ਸਮਾਗਮ ਵਿਚ ਸ਼ਿਰਕਤ ਕਰਨ ਵਾਲੀਆਂ ਸ਼ਖਸੀਅਤਾਂ ਦਾ ਧੰਨਵਾਦ ਕੀਤਾ।

## ਚੰਡੀਗੜ੍ਹ ਬਿਜਲੀ ਬੋਰਡ ਤੋੜਨ ਵਿਰੁੱਧ ਮੁਲਾਜ਼ਮਾਂ ਲਾਇਆ ਰੋਹ ਧਰਨਾ

ਫ਼ਿਰੋਜ਼ਪੁਰ, 9 ਦਸੰਬਰ (ਮਨੋਹਰ ਲਾਲ) :— ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ, ਬਿਜਲੀ ਮੁਲਾਜ਼ਮਾਂ ਨੇ ਸ਼ਹਿਰੀ ਮੰਡਲ ਫ਼ਿਰੋਜ਼ਪੁਰ ਕੈਂਟ ਵਿਖੇ ਵੱਡੀ ਗਿਣਤੀ ਵਿਚ ਗੇਟ ਰੈਲੀ ਕੀਤੀ। ਫ਼ਿਰੋਜ਼ਪੁਰ ਵਿਖੇ ਕੀਤੇ ਰੋਹ ਮੁਜ਼ਾਹਰਾ ਦੀ ਅਗਵਾਈ ਕਰਦਿਆਂ ਰਜੇਸ਼ ਦੱਤਾ ਨੇ ਕਿਹਾ ਕਿ ਜੁਆਇੰਟ ਫੋਰਮ ਅਤੇ ਏਕਤਾ ਮੰਚ ਦੇ ਸੱਦੇ ਤੇ ਪੂਰੇ ਪੰਜਾਬ ਅੰਦਰ ਬਿਜਲੀ ਦਫਤਰਾਂ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ ਹੈ ਅਤੇ ਇਨ੍ਹਾਂ ਰੋਹ ਮੁਜ਼ਾਹਰਿਆਂ ਦੌਰਾਨ ਕੇਂਦਰ ਸਰਕਾਰ ਦੀ ਚੰਡੀਗੜ੍ਹ ਬਿਜਲੀ ਬੋਰਡ ਨੂੰ ਤੋੜ ਕੇ ਨਿੱਜੀ ਹੱਥਾਂ ਵਿਚ ਸੌਂਪਣ ਦੀਆਂ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਵਿਰੋਧ ਕਰਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚੰਡੀਗੜ੍ਹ ਬਿਜਲੀ ਬੋਰਡ ਨੂੰ ਤੋੜਨ ਦੇ ਮਨੋਰਥ ਨਾਲ ਹਜ਼ਾਰਾਂ—ਕਰੋੜਾਂ ਮੁਨਾਫੇ ਵਾਲੇ ਚੰਡੀਗੜ੍ਹ ਬਿਜਲੀ ਬੋਰਡ ਨੂੰ ਘਾਟਾ ਦਸ ਕੇ ਪ੍ਰਾਈਵੇਟ ਕੀਤਾ ਜਾ ਰਿਹਾ ਹੈ। ਅੱਜ ਦੀ ਗੇਟ ਰੈਲੀ ਰਜੇਸ਼ ਦੱਤਾ ਦੀ ਪ੍ਰਧਾਨਗੀ ਹੇਠ ਕੀਤੀ ਗਈ, ਸਟੇਜ਼ ਦੀ ਕਾਰਵਾਈ ਸੁਖਚੈਨ ਸਿੰਘ ਪ੍ਰਧਾਨ ਵੱਲੋਂ ਚਲਾਈ ਗਈ। ਇਸ ਗੇਟ ਰੈਲੀ ਵਿਚ ਅਸ਼ਵਨੀ ਕੁਮਾਰ, ਤਰਲੋਚਨ ਸਿੰਘ, ਰਜੇਸ਼ ਦੱਤਾ, ਸੁਖਚੈਨ ਸਿੰਘ, ਸਹਿਲ ਚੱਬਲਾ, ਰੋਸ਼ਨ ਲਾਲ, ਰੋਹਿਤ ਕੁਮਾਰ, ਅਮੋਲਕ ਸਿੰਘ, ਪ੍ਰਦੀਪ ਕੁਮਾਰ, ਲੱਖਾ ਸਿੰਘ, ਰਾਮ ਸੁੱਖ, ਦਿਲਬਾਗ ਸਿੰਘ, ਅਵਤਾਰ ਸਿੰਘ, ਗੁਰਮੇਲ ਸਿੰਘ ਬਰਾਡ, ਬਲਵੀਰ ਸਿੰਘ, ਰਵੀ ਕੁਮਾਰ, ਤਰੁਣ ਟੰਡਨ ਆਦਿ ਸਾਥੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸਾਥੀਆਂ ਨੇ ਬੋਲਦੇ ਹੋਏ ਕਿਹਾ ਕਿ ਜੇਕਰ ਪੰਜਾਬ ਸਰਕਾਰ ਜਾਂ ਪਾਵਰਕੌਮ ਮੈਨੇਜਮੈਂਟ ਨੇ ਚੰਡੀਗੜ੍ਹ ਵਿਖੇ ਬਿਜਲੀ ਕਰਮਚਾਰੀਆਂ ਦੀਆਂ ਇਸ ਸਬੰਧ ਵਿਚ ਡਿਊਟੀਆਂ ਲਗਾਈਆਂ ਤਾਂ ਬਿਜਲੀ ਕਰਮਚਾਰੀ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਜਿਸ ਦੀ ਸਾਰੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਹੋਵੇਗੀ।

## ਇੱਕ ਨਜ਼ਰ...



# ਪਿੰਡ ਕੋਹਾਲੀ ਦੇ ਬੀ.ਐਸ.ਐਫ. ਜਵਾਨ ਦੀ ਜੰਮੂ ਵਿਖੇ ਹੋਈ ਦਿਲ ਦੇ ਦੌਰੇ ਨਾਲ ਮੌਤ

## ਪਿੰਡ ਕੋਹਾਲੀ ਵਿਖੇ ਕੀਤਾ ਗਿਆ ਜਵਾਨ ਦਾ ਅੰਤਿਮ ਸਸਕਾਰ

ਚੌਕ ਮਹਿਤਾ, 9 ਦਸੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ )- ਪਿੰਡ ਕੋਹਾਲੀ ਦੇ ਜੰਮਪਲ ਬੀ.ਐਸ.ਐਫ. ਦੇ ਜਵਾਨ ਸਾਹਿਬ ਸਿੰਘ (40)ਪੁੱਤਰ ਸ਼ਹੀਦ ਬਲਵੰਤ ਸਿੰਘ ਦੀ ਬੀਤੇ ਦਿਨੀਂ ਜੰਮੂ ਵਿਖੇ ਦਿਲ ਦੇ ਦੌਰੇ ਨਾਲ ਦੁਖਦਾਈ ਮੌਤ ਹੋਣ ਦੀ ਸੂਚਨਾ ਪ੍ਰਾਪਤ ਹੋਈ ਹੈ। ਜ਼ਿਕਰਯੋਗ ਹੈ ਕਿ ਉਹ 15 ਦਿਨ ਦੀ ਛੁੱਟੀ ਕੱਟ ਕੇ ਕਰੀਬ 20 ਦਿਨ ਪਹਿਲਾਂ ਹੀ ਪਿੰਡੋਂ ਪਰਿਵਾਰ ਸਮੇਤ ਆਪਣੀ ਡਿਊਟੀ ਤੇ ਹਾਜ਼ਰ ਹੋਇਆ ਸੀ। 107 ਬਟਾਲੀਅਨ ਦਾ ਜਵਾਨ ਸਾਹਿਬ ਸਿੰਘ ਪਿਛਲੇ 4-5 ਸਾਲ ਤੋਂ ਵੈਸਟ ਬੰਗਾਲ ਵਿੱਚ ਡਿਊਟੀ ਨਿਭਾ ਰਿਹਾ ਸੀ ਅਤੇ ਹੁਣ ਉਸਦੀ ਬਦਲੀ ਜੰਮੂ ਵਿਖੇ ਹੋ ਗਈ ਸੀ, ਜਿੱਥੇ ਉਹ ਆਪਣੀ ਪਤਨੀ ਅਤੇ 5 ਸਾਲ ਦੇ ਬੇਟੇ ਨਾਲ ਰਹਿ ਰਿਹਾ ਸੀ। 7 ਦਸੰਬਰ ਦੀ ਰਾਤ ਨੂੰ ਕਰੀਬ ਸਾਢੇ 12 ਵਜੇ ਉਸ ਨੂੰ ਦਿਲ ਦਾ ਦੌਰਾ ਪਿਆ, ਜੋ ਉਸ ਲਈ ਜਾਨ ਲੇਵਾ ਸਾਬਤ ਹੋਇਆ। ਬੀਤੀ ਰਾਤ ਕਰੀਬ 12 ਵਜੇ ਉਸਦੀ ਮ੍ਰਿਤਕ ਦੇਹ ਉਸ ਦੇ ਜੱਦੀ ਪਿੰਡ ਕੋਹਾਲੀ ਵਿਖੇ ਪਹੁੰਚੀ। ਅੱਜ ਪਿੰਡ ਕੋਹਾਲੀ ਦੇ ਸ਼ਮਸ਼ਾਨ ਘਾਟ ਵਿਖੇ ਉਸ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਤੇ 107 ਬਟਾਲੀਅਨ ਦੇ ਜਵਾਨਾਂ ਨੇ ਉਸ ਦੀ ਮ੍ਰਿਤਕ ਦੇਹ ਨੂੰ ਸਲਾਮੀ ਦਿੱਤੀ। ਦੱਸਿਆ ਜਾਂਦਾ ਹੈ ਕਿ ਮਿਰਤਕ ਜਵਾਨ ਦੇ ਪਿਤਾ ਸ਼ਹੀਦ ਬਲਵੰਤ ਸਿੰਘ ਏ.ਐਸ. ਆਈ. ਬੀ.ਐਸ.ਐਫ. ਦੀ ਵੀ ਕਾਰਗਿਲ ਵਿਖੇ ਸ਼ਹਾਦਤ ਹੋਈ ਸੀ। ਸਾਹਿਬ ਸਿੰਘ ਦੇ ਵੱਡੇ ਭਰਾ ਸਤਨਾਮ ਸਿੰਘ ਸਿੰਘ ਦੀ ਕੁਝ ਸਮਾਂ ਪਹਿਲਾਂ ਮੌਤ ਹੋ ਗਈ ਸੀ ਅਤੇ ਹੁਣ ਉਹ ਦੋ ਭੈਣਾਂ ਦਾ ਇਕਲੌਤਾ ਵੀਰ ਸੀ। ਉਸ ਦੀ ਇੱਕ ਭੈਣ ਸਰਬਜੀਤ ਕੌਰ ਸਰਕਾਰੀ ਐਲੀਮੈਂਟਰੀ ਸਕੂਲ ਪਟਿਆਲਾ ਵਿਖੇ ਮੁੱਖ ਅਧਿਆਪਕਾਂ ਦੇ ਤੌਰ ਤੇ ਜਿੰਮੇਵਾਰੀ ਨਿਭਾ ਰਹੇ ਹਨ ਅਤੇ ਇੱਕ ਭੈਣ ਆਸਟਰੇਲੀਆ ਵਿਖੇ ਹੈ।

# ਦਿੱਲੀ ਤੋਂ ਅਨੰਦਪੁਰ ਸਾਹਿਬ ਜਾ ਰਹੇ ਪੰਜ ਰੋਜ਼ਾ ਸੀਸ ਭੇਂਟ ਨਗਰ ਕੀਰਤਨ ਅੱਜ ਚੌਥੇ ਗੇੜ'ਚ ਗੁਰਦੁਆਰਾ ਫਤਹਿਗੜ੍ਹ ਸਾਹਿਬ ਤੋਂ ਪੰਜ ਪਿਆਰਿਆਂ ਦੀ ਅਗਵਾਈ 'ਚ ਆਰੰਭ ਹੋਇਆ



ਜੰਡਿਆਲਾ ਗੁਰੂ 9 ਦਸੰਬਰ ( ਕੁਲਵੰਤ ਸਿੰਘ ਵਿਰਦੀ) ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਤੇ ਸ਼ਹੀਦ ਬਾਬਾ ਜੀਵਨ ਸਿੰਘ ਜੀ ਭਾਈ ਜੈਤਾ ਜੀ ਦੀ ਕੁਰਬਾਨੀ ਸਬੰਧੀ ਸੰਗਤਾਂ ਨੂੰ ਜਾਗਰੂਕ ਕਰਨ ਸਬੰਧੀ 6 ਦਸੰਬਰ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਤੇ ਪੰਜ ਪਿਆਰਿਆਂ ਦੀ ਅਗਵਾਈ'ਚ ਸ਼ਾਨਦਾਰ ਨਗਰ ਕੀਰਤਨ ਸਜਾਇਆ ਗਿਆ ਸੀ, ਜਿਸ ਦਾ ਪਹਿਲਾਂ ਪੜਾਅ ਗੁਰਦੁਆਰਾ ਤਰਾਵੜੀ ਸਾਹਿਬ, ਦੂਜਾ ਪੜਾਅ ਗੁਰਦੁਆਰਾ ਨਾਭਾ ਸਾਹਿਬ ਚੰਡੀਗੜ੍ਹ,ਤੀਜਾ ਪੜਾਅ ਗੁਰਦੁਆਰਾ ਫਤਿਹਗੜ੍ਹ ਸਾਹਿਬ ਸਰਹੰਦ ਤੇ ਚੌਥੇ ਗੇੜ'ਚ ਗੁਰਦੁਆਰਾ ਫਤਹਿਗੜ੍ਹ ਸਾਹਿਬ ਤੋਂ ਅਰੰਭ ਹੋ ਕੇ ਵੱਖ ਵੱਖ ਪੜਾਵਾਂ ਰਾਹੀਂ ਰਾਤ ਕੀਰਤਪੁਰ ਸਾਹਿਬ ਪਹੁੰਚੇਗਾ ਅਤੇ ਪੰਜਵੇਂ ਤੇ ਆਖਰੀ ਗੇੜ'ਚ ਅਨੰਦਪੁਰ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੰਯੋਗ ਨਾਲ ਇੱਕ ਵੱਡਾ ਧਾਰਮਿਕ ਸਮਾਗਮ ਕਰਵਾਇਆ ਜਾਵੇਗਾ ਅਤੇ ਸੀਸ ਭੇਂਟ ਨਗਰ ਕੀਰਤਨ ਦੇ ਪ੍ਰਬੰਧਕਾਂ ਤੇ ਜਥੇਦਾਰ ਸਾਹਿਬਾਨਾਂ ਦਾ ਸਨਮਾਨ ਕੀਤਾ ਜਾਵੇਗਾ , ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਅਤੇ ਨਗਰ ਕੀਰਤਨ ਦੇ ਮੀਡੀਆ ਇੰਚਾਰਜ ਭਾਈ ਵਿਰਸਾ ਸਿੰਘ ਖਾਲਸਾ ਨੇ ਨਗਰ ਕੀਰਤਨ'ਚ ਸ਼ਾਮਲ ਹੋਣ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਨਗਰ ਕੀਰਤਨ'ਚ ਪ੍ਰਬੰਧਕੀ ਕਮੇਟੀ ਚੇਅਰਮੈਨ ਜਥੇਦਾਰ ਬਾਬਾ ਬਲਦੇਵ ਸਿੰਘ ਵੱਲਾ ਮੁਖੀ ਸ਼ਹੀਦ ਬਾਬਾ ਜੀਵਨ ਸਿੰਘ ਤਰਨਦਲ, ਸਰਪ੍ਰਸਤ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਮੁਖੀ ਦਸਮੇਸ਼ ਤਰਨਦਲ ਤੇ ਸੈਕਟਰੀ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਮੁੱਖੀ ਮਾਲਵਾ ਤਰਨਾ ਦਲ ਤੋਂ ਇਲਾਵਾ ਜਥੇਦਾਰ ਬਾਬਾ ਬਲਦੇਵ ਸਿੰਘ ਮੁਸਤਫ਼ਾ ਪੁਰ, ਜਥੇਦਾਰ ਬਾਬਾ ਪ੍ਰਗਟ ਸਿੰਘ ਮਜੀਠਾ ਬਾਈਪਾਸ, ਜਥੇਦਾਰ ਹਰਜਿੰਦਰ ਸਿੰਘ ਮੁਕਤਸਰ ਸਾਹਿਬ,ਜਥੇਦਾਰ ਬਾਬਾ ਸਤਨਾਮ ਸਿੰਘ ਪ੍ਰਧਾਨ ਖਾਪੜਖੇੜੀ, ਜਥੇਦਾਰ ਬਾਬਾ ਤਰਸੇਮ ਸਿੰਘ ਰੰਘੜਨੰਗਲ, ਜਥੇਦਾਰ ਬਾਬਾ ਬਲਬੀਰ ਸਿੰਘ ਖਾਪੜਖੇੜੀ, ਬਾਬਾ ਨਰਿੰਦਰ ਸਿੰਘ ਵੱਲਾ, ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ, ਬਾਬਾ ਰਾਜਾ ਸਿੰਘ ਨਾਲ ਨਾਲ ਹਜ਼ਾਰਾਂ ਸੰਗਤਾਂ ਨਗਰ ਕੀਰਤਨ ਦੇ ਨਾਲ ਨਾਲ ਚੱਲ ਰਹੇ ਸਨ,ਅੱਜ ਇਹ ਨਗਰ ਕੀਰਤਨ ਫ਼ਤਹਿਗੜ੍ਹ ਸਾਹਿਬ ਤੋਂ ਬੱਸੀ ਪਠਾਣਾਂ, ਮੋਰਿੰਡਾ, ਚਮਕੌਰ ਸਾਹਿਬ, ਸੋਲਖੀਆਂ,ਰੂਪ ਨਗਰ ਤੋਂ ਹੁੰਦਾ ਹੋਇਆ ਕੀਰਤਪੁਰ ਸਾਹਿਬ ਪਹੁੰਚੇਗਾ ਅਤੇ ਰਾਤ ਦਾ ਵਿਸ਼ਰਾਮ ਕੀਤਾ ਜਾਵੇਗਾ, ਨਗਰ ਕੀਰਤਨ ਦੀ ਸਾਰੇ ਰਸਤੇ ਵਿਚ ਹਰ ਤਰ੍ਹਾਂ ਦੀ ਸੇਵਾ ਕੀਤੀ ਗਈ ।

# ਐਕਸ ਉਪਰ ਐਸਜੀਪੀਸੀ ਦੇ ਨਾਮ ਤੋਂ ਨਕਲੀ ਖਾਤਾ ਬਣਾ ਪੈ ਰਹੀਆਂ ਹਨ ਪੰਥ ਵਿਰੋਧੀ ਪੋਸਟਾਂ

ਨਵੀਂ ਦਿੱਲੀ 9 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਐਕਸ (ਟਵਿੱਟਰ) ਉਪਰ ਐਸਜੀਪੀਸੀ ਦੇ ਨਾਮ ਤੋਂ ਨਕਲੀ ਖਾਤਾ ਬਣਾ ਕੇ ਪੰਥ ਵਿਰੋਧੀ ਪੋਸਟਾਂ ਪਾ ਕੇ ਪੰਥ ਨੂੰ ਬਦਨਾਮ ਅਤੇ ਆਪਸ ਵਿਚ ਪਾਟੋਧਾਰ ਕਰਣ ਦੀ ਸਾਜ਼ਿਸ਼ ਖੇਡੀ ਜਾ ਰਹੀ ਹੈ । ਇਸ ਖਾਤੇ ਅੰਦਰ ਜਿੱਥੇ ਸਿੱਖ ਸ਼ਖਸ਼ੀਅਤਾਂ ਦੀਆਂ ਫੋਟੋਆਂ ਐਡਿਟ ਕਰਕੇ ਪਾ ਕੇ ਬਦਨਾਮ ਕੀਤਾ ਜਾ ਰਿਹਾ ਹੈ ਓਥੇ ਹੀ ਸ਼ਰਾਰਤੀ ਅਨਸਰਾਂ ਵਲੋਂ ਪੋਸਟ ਉਪਰ ਗਲਤ ਭਾਸ਼ਾ ਵਿਚ ਲਿਖਤਾਂ ਵੀ ਪਾਈਆਂ ਜਾ ਰਹੀਆਂ ਹਨ । ਇਸ ਮਾਮਲੇ ਦੀ ਐਸਜੀਪੀਸੀ ਵਲੋਂ ਸ਼ਿਕਾਇਤ ਵੀ ਦਰਜ਼ ਕਰਵਾਈ ਗਈ ਹੈ ਪਰ ਕੋਈ ਕਾਰਵਾਈ ਨਾ ਹੋਣ ਕਰਕੇ ਸ਼ਰਾਰਤੀ ਅਨਸਰਾਂ ਦੇ ਹੌਸਲੇ ਵੱਧ ਗਏ ਹਨ । ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਐਸਜੀਪੀਸੀ ਨੂੰ ਮੁੜ ਤੁਰੰਤ ਸਖ਼ਤ ਕਾਰਵਾਈ ਕਰਣ ਦੇ ਨਾਲ ਆਈਟੀ ਵਿਭਾਗ ਕੋਲੋਂ ਮਦਦ ਲੈਂਦਿਆਂ ਸ਼ਰਾਰਤੀ ਅਨਸਰਾਂ ਦੀ ਭਾਲ ਕਰਣ ਦੇ ਨਾਲ ਮਾਮਲੇ ਦੀ ਪੁਲਿਸ ਕਾਰਵਾਈ ਕਰਣ ਦੀ ਲੋੜ ਹੈ ਅਤੇ ਐਕਸ ਦੇ ਨਾਲ ਪੁਲਿਸ ਮਦਦ ਨਾਲ ਇਸ ਖਾਤੇ ਨੂੰ ਤੁਰੰਤ ਬੰਦ ਕਰਵਾਣਾ ਚਾਹੀਦਾ ਹੈ ।

## ਮਾਮਲਾ ਸੁਖਬੀਰ ਬਾਦਲ ਤੇ ਹੋਈ ਗੋਲੀਬਾਰੀ ਦਾ

# ਐਫ.ਆਈ.ਆਰ 'ਚ ਵਰਤੀ ਗਈ ਸ਼ਬਦਾਵਲੀ ਦੋਸ਼ੀ ਨੂੰ ਬਚਾਉਣ ਵਾਲੀ, ਸਰਕਾਰੀ ਦੀ ਮੰਸ਼ਾ ਸ਼ੱਕੀ: ਡਾ. ਚੀਮਾ




ਤਲਵੰਡੀ ਸਾਬੋ, 9 ਦਸੰਬਰ (ਗੁਰਜੰਟ ਸਿੰਘ ਨਥੇਹਾ)- ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਛੱਡ ਚੁੱਕੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ 'ਤੇ ਬੀਤੇ ਦਿਨ ਧਾਰਮਿਕ ਸੇਵਾ ਨਿਭਾਉਣ ਦੌਰਾਨ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਈ ਗੋਲੀਬਾਰੀ ਮਾਮਲੇ 'ਚ ਦਰਜ਼ ਐਫ.ਆਈ.ਆਰ 'ਚ ਪੁਲਿਸ ਵੱਲੋਂ ਵਰਤੀ ਸ਼ਬਦਾਵਲੀ ਦੋਸ਼ੀ ਨੂੰ ਬਚਾਉਣ ਵਾਲੀ ਹੈ ਜਿਸ ਨਾਲ ਸਰਕਾਰ ਦੀ ਮੰਸ਼ਾ ਸ਼ੱਕੀ ਜਾਪ ਰਹੀ ਹੈ।ਉਕਤ ਵਿਚਾਰਾਂ ਦਾ ਪ੍ਰਗਟਾਵਾ ਅੱਜ ਅਕਾਲੀ ਦਲ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਸਾਬਕਾ ਮੰਤਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਤੇ ਹੋਈ ਗੋਲੀਬਾਰੀ ਮਾਮਲੇ ਦੀਆਂ ਪਹਿਲਾਂ ਹੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਵੀਡੀਓਜ਼ ਜਾਰੀ ਕਰਕੇ ਇਹ ਦੱਸਿਆ ਗਿਆ ਹੈ ਕਿ ਹਮਲਾਵਰ ਨੂੰ ਸੁਰੱਖਿਅਤ ਰਸਤਾ ਦੇ ਕੇ ਪੁਲਿਸ ਦੇ ਇੱਕ ਅਧਿਕਾਰੀ ਵੱਲੋਂ ਸੁਖਬੀਰ ਸਿੰਘ ਬਾਦਲ ਤੱਕ ਲਿਆਂਦਾ ਗਿਆ ਅਤੇ ਹੁਣ ਜਦੋਂ ਐਫ.ਆਈ.ਆਰ ਦੀ ਕਾਪੀ ਸਾਡੇ ਹੱਥ ਆਈ ਤਾਂ ਉਸ ਵਿੱਚ ਹਮਲਾਵਰ ਨੂੰ ਬਚਾਉਣ ਲਈ ਵਰਤੀ ਗਈ ਸ਼ਬਦਾਵਲੀ ਤੋਂ ਇਉਂ ਜਾਪਦਾ ਹੈ ਕਿ ਪੰਜਾਬ ਦੀ ਪੁਲਿਸ ਅਤੇ ਸਰਕਾਰ ਚੱਟਾਨ ਬਣਕੇ ਹਮਲਾਵਰ ਦੇ ਨਾਲ ਖੜ ਗਈ ਹੈ ਕਿ ਕਿਸੇ ਤਰੀਕੇ ਵੀ ਉਸਦਾ ਵਾਲ ਵਿੰਗਾ ਨਹੀ ਹੋਣਾ ਚਾਹੀਦਾ। ਉਨਾਂ ਦਾਅਵਾ ਕੀਤਾ ਕਿ ਐਫ.ਆਈ.ਆਰ 'ਚ ਦਰਜ਼ ਕੀਤਾ ਗਿਆ ਹੈ ਕਿ ਜਦੋਂ ਸੁਖਬੀਰ ਸਿੰਘ ਬਾਦਲ ਧਾਰਮਿਕ ਸੇਵਾ ਨਿਭਾਉਣ ਲਈ ਘੰਟਾਘਰ ਗੇਟ ਦੇ ਬਾਹਰ ਮੌਜੂਦ ਸਨ ਤਾਂ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਜਾ ਰਹੀ ਸੰਗਤ ਵਿੱਚੋਂ ਅਚਾਨਕ ਇੱਕ ਆਦਮੀ ਆਪਣੇ ਡੱਬ ਵਿੱਚੋਂ ਪਿਸਤੌਲ ਕੱਢ ਕੇ ਹਮਲਾ ਕਰਨ ਲੱਗਾ ਸੀ ਕਿ ਸੁਰੱਖਿਆ ਮੁਲਾਜ਼ਮਾਂ ਨੇ ਮੁਸਤੈਦੀ ਨਾਲ ਕੰਮ ਕਰਦਿਆਂ ਉਸ ਉੱਪਰ ਕਾਬੂ ਪਾ ਲਿਆ ਅਤੇ ਇਸ ਗੁੱਥਮਗੁੱਥੀ ਦੌਰਾਨ ਉਸਦੇ ਪਿਸਤੌਲ ਵਿੱਚੋਂ ਇੱਕ ਹਵਾਈ ਫਾਇਰ ਹੋ ਗਿਆ। ਚੀਮਾ ਨੇ ਕਿਹਾ ਕਿ ਜਦੋਂਕਿ ਸੱਚ ਇਹ ਹੈ ਕਿ ਜੇਕਰ ਸੁਰੱਖਿਆ 'ਚ ਤਾਇਨਾਤ ਮੁਲਾਜ਼ਮ ਜਸਵੀਰ ਸਿੰਘ ਹਮਲਾਵਰ ਦਾ ਹੱਥ ਉੱਪਰ ਨਾ ਚੁੱਕਦਾ ਤਾਂ ਕੋਈ ਵੀ ਅਣਹੋਣੀ ਵਾਪਰ ਸਕਦੀ ਸੀ ਪਰ ਐਫ.ਆਈ.ਆਰ ਦਰਸਾਉਂਦੀ ਹੈ ਕਿ ਪੁਲਿਸ ਨੇ ਹੁਣੇ ਤੋਂ ਹਮਲਾਵਰ ਵਿਅਕਤੀ ਨੂੰ ਹਮਲੇ ਦੇ ਕੇਸ 'ਚੋਂ ਬਰੀ ਕਰ ਦਿੱਤਾ ਹੈ। ਉਨਾਂ ਮੁਤਾਬਿਕ ਹਮਲਾਵਰ ਨੇ ਹਮਲਾ ਪੂਰੀ ਵਿਉਂਤਬੰਦੀ ਨਾਲ ਰੇਕੀ ਕਰਕੇ ਕੀਤਾ ਹੈ ਪ੍ਰੰਤੂ ਪੁਲਿਸ ਦਿਖਾ ਰਹੀ ਹੈਕਿ ਗੁੱਥਮਗੁੱਥੀ ਦੌਰਾਨ ਦੁਰਘਟਨਾਵਸ਼ ਗੋਲੀ ਚੱਲੀ ਹੈ। ਉਨਾਂ ਮੰਗ ਕੀਤੀ ਕਿ ਸਮੁੱਚੇ ਮਾਮਲੇ ਦੀ ਉੱਚ ਪੱਧਰੀ ਨਿਆਂਇਕ ਜਾਂਚ ਹੋਣੀ ਚਾਹਿਦੀ ਹੈ।

# ਬੇਮਿਸਾਲ ਸੁਰੱਖਿਆ ਪ੍ਰਬੰਧਾਂ ਹੇਠ ਸੁਖਬੀਰ ਸਿੰਘ ਬਾਦਲ ਨੇ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਧਾਰਮਿਕ ਸੇਵਾ ਆਰੰਭੀ







## ਬਰਛਾ ਫੜਕੇ ਚੋਬਦਾਰ ਵਜੋਂ ਅਤੇ ਲੰਗਰ 'ਚ ਜੂਠੇ ਵਰਤਨ ਸਾਫ ਕਰਕੇ ਨਿਭਾਈ ਸੇਵਾ, ਸੈਂਕੜੇ ਅਕਾਲੀ ਵਰਕਰ ਰਹੇ ਮੌਜੂਦ

ਤਲਵੰਡੀ ਸਾਬੋ, 9 ਦਸੰਬਰ (ਗੁਰਜੰਟ ਸਿੰਘ ਨਥੇਹਾ)- ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਛੱਡ ਚੁੱਕੇ ਸੂਬੇ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਸਮੇਤ ਹੋਰਨਾਂ ਅਕਾਲੀ ਆਗੂਆਂ ਨੂੰ ਤਨਖਾਹ ਵਜੋਂ ਲਗਾਈ ਸੇਵਾ ਦੇ ਚੌਥੇ ਪੜਾਅ 'ਚ ਅੱਜ ਸੁਖਬੀਰ ਸਿੰਘ ਬਾਦਲ ਨੇ ਬੇਮਿਸਾਲ ਸੁਰੱਖਿਆ ਪ੍ਰਬੰਧਾਂ ਹੇਠ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਦੋ ਰੋਜ਼ਾ ਧਾਰਮਿਕ ਸੇਵਾ ਦੀ ਆਰੰਭਤਾ ਕਰਦਿਆਂ ਜਿੱਥੇ ਬਰਛਾ ਫੜ ਕੇ ਚੋਬਦਾਰ ਵਜੋਂ ਸੇਵਾ ਨਿਭਾਈ ਉੱਥੇ ਲੰਗਰ ਹਾਲ ਚ ਸੰਗਤਾਂ ਦੇ ਜੂਠੇ ਵਰਤਨ ਵੀ ਸਾਫ ਕੀਤੇ। ਦੱਸਣਾ ਬਣਦਾ ਹੈ ਕਿ ਧਾਰਮਿਕ ਸੇਵਾ ਦੌਰਾਨ ਹੀ ਸੁਖਬੀਰ ਸਿੰਘ ਬਾਦਲ ਉੱਪਰ ਬੀਤੇ ਦਿਨ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਗੋਲੀਬਾਰੀ ਦੀ ਘਟਨਾ ਵਾਪਰਨ ਉਪਰੰਤ ਅੱਜ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਪੁਲਿਸ ਦੇ ਮਿਸਾਲੀ ਪ੍ਰਬੰਧ ਦੇਖਣ ਨੂੰ ਮਿਲੇ।ਜਿੱਥੇ ਤਖਤ ਸਾਹਿਬ ਕੰਪਲੈਕਸ ਦੇ ਆਲੇ ਦੁਆਲੇ ਆਰਜ਼ੀ ਸੀ.ਸੀ.ਟੀ.ਵੀ ਕੈਮਰੇ ਲਗਾ ਕੇ ਨਜ਼ਰ ਰੱਖੀ ਜਾ ਰਹੀ ਸੀ ਉੱਥੇ ਵੱਡੀ ਗਿਣਤੀ ਪੁਲਿਸ ਬਲ ਤਖਤ ਸਾਹਿਬ ਕੰਪਲੈਕਸ ਦੁਆਲੇ ਤਾਇਨਾਤ ਸਨ। ਤਖਤ ਸਾਹਿਬ ਨੂੰ ਆਉਂਦੇ ਰਾਸਤਿਆਂ ਤੇ ਮੈਟਲ ਡਿਕਟੇਟਰ ਲਗਾ ਕੇ ਸੰਗਤਾਂ ਨੂੰ ਇੰਨ੍ਹਾਂ ਡਿਕਟੇਟਰਾਂ ਵਿੱਚੋਂ ਦੀ ਲੰਘਾਇਆ ਗਿਆ ਅਤੇ ਮੀਡੀਆ ਨੁਮਾਇੰਦਿਆਂ ਤੱਕ ਨੂੰ ਸੁਖਬੀਰ ਦੇ ਨੇੜੇ ਨਹੀ ਜਾਣ ਦਿੱਤਾ ਗਿਆ। ਕਈ ਥਾਈਂ ਸੰਗਤਾਂ ਪੁਲਿਸ ਨਾਲ ਖਹਿੜਦੀਆਂ ਨਜ਼ਰ ਆਈਆਂ ਕਿ ਉਹ ਤਖਤ ਸਾਹਿਬ ਮੱਥਾ ਟੇਕਣ ਆਏ ਹਨ ਨਾ ਕਿ ਅਕਾਲੀ ਦਲ ਦੀ ਰੈਲੀ '। ਤਿੰਨ ਪਰਤੀ ਸੁਰੱਖਿਆ ਘੇਰੇ 'ਚ ਸੁਖਬੀਰ ਸਿੰਘ ਬਾਦਲ ਨੇ ਸਵੇਰੇ 9 ਤੋਂ 10 ਵਜੇ ਤੱਕ ਨੀਲਾ ਚੋਲਾ ਪਹਿਨ, ਗਲੇ 'ਚ ਗੁਰਬਾਣੀ ਦੀ ਪਾਵਨ ਤੁਕ ਵਾਲੀ ਤਖਤੀ ਪਾ ਕੇ ਅਤੇ ਹੱਥ ਬਰਛਾ ਫੜਕੇ ਚੋਬਦਾਰ ਵਜੋਂ ਸੇਵਾ ਨਿਭਾਈ, 10 ਤੋਂ 11 ਵਜੇ ਤੱਕ ਕੀਰਤਨ ਸ੍ਰਵਣ ਕੀਤਾ ਜਦੋਂਕਿ 11 ਤੋਂ 12 ਵਜੇ ਤੱਕ ਲੰਗਰ ਹਾਲ 'ਚ ਜੂਠੇ ਵਰਤਨ ਸਾਫ ਕੀਤੇ। ਉੱਧਰ ਲੰਗਰ ਹਾਲ 'ਚ ਵੀ ਮਰਿਆਦਾ ਦੀਆਂ ਧੱਜੀਆਂ ਉਡਦੀਆਂ ਦਿਖਾਈ ਦਿੱਤੀਆਂ ਜਦੋਂ ਸੁਖਬੀਰ ਬਾਦਲ ਦੀ ਸੁਰੱਖਿਆ ਚ ਤਾਇਨਾਤ ਕੁਝ ਪੁਲਿਸ ਮੁਲਾਜ਼ਮ ਬੂਟਾਂ ਸਮੇਤ ਹੀ ਲੰਗਰ ਹਾਲ ਚ ਮੌਜੂਦ ਰਹੇ। ਇਸ ਮੌਕੇ ਉਨਾਂ ਨਾਲ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ, ਡਾ. ਦਲਜੀਤ ਸਿੰਘ ਚੀਮਾ, ਸੁੱਚਾ ਸਿੰਘ ਲੰਗਾਹ, ਗੁਲਜ਼ਾਰ ਸਿੰਘ ਰਣੀਕੇ ਅਤੇ ਹੀਰਾ ਸਿੰਘ ਗਾਬੜੀਆ ਨੇ ਵੀ ਆਪਣੀਆਂ ਸੇਵਾਵਾਂ ਨਿਭਾਈਆਂ। ਸੁਖਬੀਰ ਬਾਦਲ ਨੂੰ ਛੱਡ ਕੇ ਬਾਕੀ ਅਕਾਲੀ ਲੀਡਰਸ਼ਿਪ ਨੇ ਬਾਅਦ ਚ ਪਖਾਨਿਆਂ ਦੀ ਸਫਾਈ ਦੀ ਸੇਵਾ ਵੀ ਕੀਤੀ। ਸੁਖਬੀਰ ਸਿੰਘ ਬਾਦਲ ਵੱਲੋਂ ਸੇਵਾ ਨਿਭਾਉਣ ਮੌਕੇ ਸੂਬੇ ਭਰ 'ਚੋਂ ਸੈਂਕੜਿਆਂ ਦੀ ਗਿਣਤੀ 'ਚ ਅਕਾਲੀ ਆਗੂ ਅਤੇ ਵਰਕਰ ਪੁੱਜੇ ਹੋਏ ਦਿਖਾਈ ਦਿੱਤੇ। ਇਸ ਮੌਕੇ ਯੂਥ ਅਕਾਲੀ ਦਲ ਪ੍ਰਧਾਨ ਸਰਬਜੀਤ ਸਿੰਘ ਝਿੰਜਰ, ਇਸਤਰੀ ਅਕਾਲੀ ਦਲ ਪ੍ਰਧਾਨ ਬੀਬੀ ਹਰਗੋਬਿੰਦ ਕੌਰ, ਤੇਜਿੰਦਰ ਸਿੰਘ ਮਿੱਡੂਖੇੜਾ, ਦਿਲਰਾਜ ਸਿੰਘ ਭੂੰਦੜ ਅਤੇ ਮਨਤਾਰ ਸਿੰਘ ਬਰਾੜ ਦੋਵੇਂ ਸਾਬਕਾ ਵਿਧਾਇਕ, ਰਵੀਪ੍ਰੀਤ ਸਿੰਘ ਸਿੱਧੂ ਹਲਕਾ ਇੰਚਾਰਜ ਤਲਵੰਡੀ ਸਾਬੋ, ਪ੍ਰੇਮ ਅਰੋੜਾ ਹਲਕਾ ਇੰਚਾਰਜ ਮਾਨਸਾ, ਜਥੇਦਾਰ ਮੋਹਨ ਸਿੰਘ ਬੰਗੀ, ਜਥੇਦਾਰ ਗੁਰਪ੍ਰੀਤ ਸਿੰਘ ਝੱਬਰ, ਬੀਬੀ ਜੋਗਿੰਦਰ ਕੌਰ, ਭਾਈ ਸੁਰਜੀਤ ਸਿੰਘ ਰਾਏਪੁਰ, ਗੁਰਚਰਨ ਸਿੰਘ ਕਰਮੂੰਵਾਲਾ, ਮੇਜਰ ਸਿੰਘ ਢਿੱਲੋਂ ਅਤੇ ਅਮਰਿੰਦਰਪਾਲ ਸਿੰਘ ਪੱਖੋਕੇ ਸਾਰੇ ਸ਼੍ਰੋਮਣੀ ਕਮੇਟੀ ਮੈਂਬਰ, ਭਾਈ ਅਵਤਾਰ ਸਿੰਘ ਵਣਵਾਲਾ ਅਤੇ ਬਾਬਾ ਟੇਕ ਸਿੰਘ ਧਨੌਲਾ ਦੋਵੇਂ ਮੈਂਬਰ ਧਰਮ ਪ੍ਰਚਾਰ, ਬਲਕਾਰ ਸਿੰਘ ਬਰਾੜ ਜਿਲ੍ਹਾ ਪ੍ਰਧਾਨ ਬਠਿੰਡਾ, ਗੁਰਬਿੰਦਰ ਸਿੰਘ ਓ.ਐੱਸ.ਡੀ., ਸੰਦੀਪ ਸਿੰਘ ਕਲੋਤਾ ਜਿਲ੍ਹਾ ਪ੍ਰਧਾਨ ਰੋਪੜ, ਸੁਖਦੇਵ ਸਿੰਘ ਚਹਿਲ ਕੋਟਸ਼ਮੀਰ, ਗੁਰਦੀਪ ਸਿੰਘ ਕੋਟਸ਼ਮੀਰ ਆਦਿ ਆਗੂ ਮੌਜੂਦ ਦਿਖਾਈ ਦਿੱਤੇ।

## ਇੱਕ ਨਜ਼ਰ ...





# ਚੇਅਰਮੈਨ ਪ੍ਰਗਟ ਸਿੰਘ ਚੋਗਾਵਾਂ ਦੇ ਸਪੁੱਤਰ ਪ੍ਰਿੰਸ ਚੋਗਾਵਾਂ ਦੀ ਦਰਦਨਾਕ ਹਾਦਸੇ ਵਿੱਚ ਮੌਤ

## ਹਜ਼ਾਰਾਂ ਸੇਜਲ ਅੱਖਾਂ ਨੇ ਦਿੱਤੀ ਅੰਤਿਮ ਵਿਦਾਇਗੀ

ਚੌਕ ਮਹਿਤਾ, 9 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਮਜੀਠਾ ਹਲਕੇ ਦੇ ਉੱਘੇ ਪੰਥਕ ਆਗੂ ਚੇਅਰਮੈਨ ਪ੍ਰਗਟ ਸਿੰਘ ਚੌਗਾਵਾਂ ਨੂੰ ਅੱਜ ਉਸ ਸਮੇਂ ਭਾਰੀ ਸਦਮਾ ਲੱਗਾ ਜਦੋਂ ਉਨਾਂ ਦੇ ਨੌਜਵਾਨ ਪੁੱਤਰ ਮਨਵਿੰਦਰ ਸਿੰਘ ਉਰਫ ਪ੍ਰਿੰਸ ਦੀ ਇੱਕ ਸੜਕ ਹਾਦਸੇ ਵਿੱਚ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਮੁਤਾਬਕ ਚੇਅਰਮੈਨ ਚੋਗਾਵਾਂ ਦੇ ਸਪੁੱਤਰ ਪ੍ਰਿੰਸ ਚੁਗਾਵਾਂ ਅੱਜ ਸਵੇਰੇ ਕਰੀਬ 5 ਵਜੇ ਅੰਮ੍ਰਿਤਸਰ ਤੋਂ ਆਪਣੇ ਪਿੰਡ ਚੋਗਾਵਾਂ ਰੂਪੋਵਾਲੀ ਨੂੰ ਆ ਰਹੇ ਸਨ ਕਿ ਅੰਮ੍ਰਿਤਸਰ ਵੇਰਕਾ ਬਾਈਪਾਸ ਉੱਤੇ ਉਹਨਾਂ ਦੀ ਇਨੋਵਾ ਗੱਡੀ ਦੀ ਇੱਕ ਝੋਨੇ ਨਾਲ ਭਰੇ ਟਰੈਕਟਰ ਟਰਾਲੀ ਦੇ ਨਾਲ ਟੱਕਰ ਹੋ ਗਈ, ਜਿਸ ਵਿੱਚ ਮਨਵਿੰਦਰ ਸਿੰਘ ਉਰਫ ਪ੍ਰਿੰਸ ਚੋਗਾਵਾਂ ਦੀ ਘਟਨਾ ਸਥਾਨ ਤੇ ਹੀ ਮੌਤ ਹੋ ਗਈ, ਜਦੋਂ ਕਿ ਟਰੈਕਟਰ ਚਾਲਕ ਦੀ ਵੀ ਹਾਦਸੇ ਦੌਰਾਨ ਟਰੈਕਟਰ ਤੋਂ ਉਛਲ ਕੇ ਡਿੱਗਣ ਕਾਰਨ ਟਰਾਲੀ ਹੇਠਾਂ ਆਉਣ ਕਾਰਨ ਮੌਤ ਹੋ ਗਈ। ਪ੍ਰਿੰਸ ਚੋਗਾਵਾਂ ਦੀ ਮੌਤ ਦੀ ਖਬਰ ਸੁਣਦਿਆਂ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ੍ਰ ਮ੍ਰਿਤਕ ਪ੍ਰਿੰਸ ਦੇ ਸੰਸਕਾਰ ਸਮੇਂ ਗਿਆਨੀ ਸਤਨਾਮ ਸਿੰਘ ਖੰਡਾ ( ਪੰਜ ਪਿਆਰੇ ) ਨੇ ਅੰਤਿਮ ਅਰਦਾਸ ਕੀਤੀ ਅਤੇ ਚੁਗਾਵਾਂ ਨੇ ਆਪਣੇ ਪੁੱਤਰ ਦੀ ਚਿਖਾ ਨੂੰ ਅਗਨੀ ਦਿਖਾਈ। ਪ੍ਰਿੰਸ ਚੁਗਾਵਾਂ ਨੂੰ ਉਨਾਂ ਦੇ ਅੰਤਿਮ ਸੰਸਕਾਰ ਸਮੇਂ ਹਜ਼ਾਰਾਂ ਸੇਜਲ ਅੱਖਾਂ ਨੇ ਅੰਤਿਮ ਵਿਦਾਇਗੀ ਦਿੱਤੀ। ਪ੍ਰਿੰਸ ਆਪਣੇ ਪਿੱਛੇ ਆਪਣੀਆਂ ਦੋ ਬੇਟੀਆਂ ਤੇ ਧਰਮ ਪਤਨੀ ਨੂੰ ਛੱਡ ਗਿਆ ਹੈ। ਇਸ ਦੁੱਖ ਦੀ ਘੜੀ ਸਮੇਂ ਚੇਅਰਮੈਨ ਪ੍ਰਗਟ ਚੁਗਾਵਾਂ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਪ੍ਰੋ ਬਲਜਿੰਦਰ ਸਿੰਘ, ਸਤਨਾਮ ਸਿੰਘ ਖੰਡਾ , ਡਾ ਸੁਖਦੇਵ ਸਿੰਘ ਬਾਬਾ, ਮੈਂਬਰ ਐਸ ਜੀ ਪੀ ਸੀ ਭਗਵੰਤ ਸਿੰਘ ਸਿਆਲਕਾ, ਐਂਡਵੋਕੇਟ ਅਮਨਦੀਪ ਸਿੰਘ ਜੈਂਤੀਪੁਰ, ਐਂਥਨੀ ਪਹਿਲਵਾਨ, ਮਾਸਟਰ ਜਸਵਿੰਦਰ ਸਿੰਘ ਜਹਾਂਗੀਰ, ਆਪ ਆਗੂ ਸਤਵਿੰਦਰ ਸਿੰਘ ਜੌਹਲ, ਸਤਨਾਮ ਸਿੰਘ ਜੱਜ, ਕਾਮਰੇਡ ਬਲਕਾਰ ਸਿੰਘ ਦੁਧਾਲਾ, ਸਵਰਨਜੀਤ ਸਿੰਘ ਕੁਰਾਲੀਆ, ਸੁਖਜਿੰਦਰ ਸਿੰਘ ਪੰਨੂ, ਸਰਪੰਚ ਬਲਦੇਵ ਸਿੰਘ ਉਪਲ, ਹਰਿੰਦਰ ਸਿੰਘ ਸੇਖੋ, ਸੁਖਦੀਪ ਸਿੰਘ ਸਿਧੂ, ਸੁਖਰਾਜ ਸਿੰਘ ਵੇਰਕਾ, ਰਾਣਾ ਵੰਝ ਕਬੱਡੀ ਖਿਡਾਰੀ, ਸਰਪੰਚ ਲਖਵਿਦਰ ਸਿੰਘ ਵੇਗੇਵਾਲ, ਹਰਪਾਲ ਸਿੰਘ ਭੋਏਵਾਲ, ਰਸਪਾਲ ਸ਼ਰਮਾ ਮੱਤੇਵਾਲ, ਗੁਰਸੇਵਕ ਸਿੰਘ, ਪ੍ਰਮਜੀਤ ਸਿੰਘ ਮੱਤੇਵਾਲ, ਡਾਕਟਰ ਬਲਵਿੰਦਰ ਸਿੰਘ ਬੁੱਗਾ, ਨਵਦੀਪ ਸਿੰਘ ਸੋਨਾ ਮਜੀਠਾ, ਪ੍ਰਮਜੀਤ ਸਿੰਘ ਪੰਮਾ ਪ੍ਰਧਾਨ ਮਜੀਠਾ, ਨਿਸ਼ਾਨ ਸਿੰਘ ਸਰਹਾਲਾ, ਮਾਸਟਰ ਭੁਪਿੰਦਰ ਸਿੰਘ, ਭੁਪਿੰਦਰ ਸਿੰਘ ਗਿੱਲ, ਸਰਪੰਚ ਦਰਬਾਰਾ ਸਿੰਘ ਚੁਗਾਵਾ, ਗੁਰਬੀਰ ਸਿੰਘ ਢਿਲੋ, ਡਾਕਟਰ ਪਾਲ, ਐਕਸੀਅਨ ਬਲਕਾਰ ਸਿੰਘ ਚੋਗਾਵਾ, ਸੁਖਦੇਵ ਸਿੰਘ ਗਿਲ, ਹਰਦੇਵ ਸਿੰਘ ਦੇਬਾ ਚਵਿੰਡਾ, ਹਰਦੀਪ ਸਿੰਘ ਗਿੱਲ ਜੰਡਿਆਲਾ, ਭੁਪਿੰਦਰ ਸਿੰਘ ਬਿਟੂ ਸਰਪੰਚ, ਸਰਪੰਚ ਹਰਪ੍ਰਤਾਪ ਸਿੰਘ ਬਿੱਟੂ, ਕਿਸਾਨ ਆਗੂ ਪ੍ਰਭਪਾਲ ਸਿੰਘ ਝੰਡੇ, ਪ੍ਰਭਸਰਨ ਸਿੰਘ ਚਾਚੋਵਾਲੀ, ਸਰਬਜੀਤ ਸਿੰਘ ਸੁਪਾਰੀਵਿੰਡ, ਰਮਨਦੀਪ ਸਿੰਘ ਰਿੰਕਾ, ਮੈਨੇਜਰ ਹਰਜੀਤ ਸਿੰਘ ਭੋਏ, ਸਰਪੰਚ ਸੋਨਾ ਭੋਏ, ਸਰਪੰਚ ਜਗਵੰਤ ਸਿੰਘ ਦੁਧਾਲਾ, ਸਰਪੰਚ ਹਰਪ੍ਰਤਾਪ ਸਿੰਘ ਰੂਪੋਵਾਲੀ, ਜਥੇਦਾਰ ਪ੍ਰਨਾਮ ਸਿੰਘ ਜਹਾਂਗੀਰ, ਸੂਬੇਦਾਰ ਦਲਬੀਰ ਸਿੰਘ, ਐਡਵੋਕੇਟ ਵਿਕਰਮ ਸ਼ੇਰ ਸਿੰਘ, ਸਰਿੰਦਰ ਸਿੰਘ ਲਾਲੀ ਮਜੀਠਾ, ਬਲਵਿੰਦਰ ਮਜੀਠਾ, ਅਰਵਿੰਦਰ ਸਿੰਘ ਕਲੇਰ ਮਾਗਟ, ਸਕੱਤਰ ਸਿੰਘ ਝੰਡੇ, ਦਿਲਬਾਗ ਸਿੰਘ ਆੜ੍ਹਤੀ, ਪ੍ਰੇਮ ਸਿੰਘ ਚੋਗਾਵਾਂ, ਧੰਨਾ ਸਿੰਘ ਸਰਪੰਚ ਢੱਡੇ, ਹਰਪਾਲ ਸਿੰਘ ਕੋਟਲਾ, ਕੁਲਦੀਪ ਸਿੰਘ ਤਲਵੰਡੀ, ਮਨੋਹਰ ਸਿੰਘ ਪਾਖਰਪੁਰ, ਦਲਜੀਤ ਸਿੰਘ ਪਾਖਰਪੁਰ, ਮਨਜੀਤ ਸਿੰਘ ਭੋਮਾ, ਨਰਭਿੰਦਰ ਸਿੰਘ ਬੱਬੂ ਸਰਹਾਲਾ , ਜਥੇਦਾਰ ਜਗੀਰ ਸਿੰਘ ਸਰਹਾਲਾ, ਮਹਿੰਦਰ ਸਿੰਘ ਆਰੇਵਾਲੇ, ਕੁਲਦੀਪ ਸਿੰਘ ਚਵਿੰਡਾ ਆਦਿ ਸ਼ਾਮਿਲ ਸਨ। ਮ੍ਰਿਤਕ ਪ੍ਰਿੰਸ ਦਾ ਭੋਗ 18 ਦਸੰਬਰ ਨੂੰ ਉਹਨਾਂ ਦੇ ਗ੍ਰਹਿ ਵਿਖੇ ਪਵੇਗਾ੍ਰ।



# ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਵਿਖੇ 1 ਜਨਵਰੀ 2025 ਤੋਂ ਉਰਦੂ ਆਮੋਜ਼ ਦੀਆਂ ਕਲਾਸਾਂ ਸ਼ੁਰੂ ਹੋਣ ਜਾ ਰਹੀਆਂ ਹਨ

ਹੁਸ਼ਿਆਰਪੁਰ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)-ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਵਿਖੇ 1 ਜਨਵਰੀ 2025 ਤੋਂ ਉਰਦੂ ਆਮੋਜ਼ ਦੀਆਂ ਕਲਾਸਾਂ ਸ਼ੁਰੂ ਹੋਣ ਜਾ ਰਹੀਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੋਜ ਅਫ਼ਸਰ, ਡਾ. ਜਸਵੰਤ ਰਾਏ ਨੇ ਦੱਸਿਆ ਕਿ ਉਰਦੂ ਬਹੁਤ ਪਿਆਰੀ ਜ਼ੁਬਾਨ ਹੈ। ਪੰਜਾਬੀ ਭਾਸ਼ਾ ਤੇ ਸਾਹਿਤ ਬਾਰੇ ਵਿਸਤਾਰ ਨਾਲ ਗਿਆਨ ਹਾਸਲ ਕਰਨ ਲਈ ਉਰਦੂ ਭਾਸ਼ਾ ਸਿੱਖਣੀ ਬਹੁਤ ਜ਼ਰੂਰੀ ਹੈ। ਪੱਛਮੀ ਪੰਜਾਬ ਵਿੱਚ ਸਾਰਾ ਪੰਜਾਬੀ ਸਾਹਿਤ ਇਸੇ ਜ਼ੁਬਾਨ ਵਿੱਚ ਰਚਿਆ ਜਾ ਰਿਹਾ ਹੈ। ਸਗੋਂ ਉੱਥੇ ਵਿਦਿਆਰਥੀਆਂ ਨੂੰ ਗੁਰਮੁਖੀ ਦਾ ਗਿਆਨ ਦਿੱਤਾ ਜਾ ਰਿਹਾ ਹੈ। ਸਾਹਿਤ ਦੇ ਅਦਾਨ ਪ੍ਰਦਾਨ ਲਈ ਇਨ੍ਹਾਂ ਦੋਹਾਂ ਲਿਪੀਆਂ ਦੀ ਜਾਣਕਾਰੀ ਹੋਣੀ ਬਹੁਤ ਲੋੜੀਂਦੀ ਹੈ। ਭਾਸ਼ਾ ਵਿਭਾਗ ਦਫ਼ਤਰ, ਹੁਸ਼ਿਆਰਪੁਰ ਵਿਖੇ ਉਰਦੂ ਜ਼ੁਬਾਨ ਦੀ ਸਿਖਲਾਈ ਲਈ ਬਹੁਤ ਹੀ ਕਾਬਲ ਪੀ.ਐਚ.ਡੀ. ਉਰਦੂ ਅਧਿਆਪਕ ਹਨ। ਇਸ ਛੇ ਮਹੀਨੇ ਦੇ ਪੂਰੇ ਕੋਰਸ ਦੀ ਫੀਸ ਕੇਵਲ 500 ਰੁਪਏ ਹੈ। f

## ਖ਼ਾਲਸਾ ਕਾਲਜ ਵਿਖੇ ਖੇਤੀਬਾੜੀ ਦੇ ਵਿਦਿਆਰਥੀਆਂ ਦੀ ਅਲੂਮਨੀ ਮੀਟ ਕਰਵਾਈ ਗਈ

# ਉਪ ਕੁਲਪਤੀ ਡਾ. ਮਹਿਲ ਸਿੰਘ ਨੇ 1985 ਪਾਸਆਊਟ ਬੈਚ ਪੁਰਾਣੇ ਵਿਦਿਆਰਥੀ ਨੂੰ ਕੀਤਾ ਸਨਮਾਨਿਤ

**ਪ੍ਰੋਗਰਾਮ ਮੌਕੇ ਤਕਨੀਕੀ ਸੈਸ਼ਨ ਦਾ ਆਯੋਜਨ ਵੀ ਕੀਤਾ ਗਿਆ, ਜਿੱਥੇ ਪੁਰਾਣੇ ਵਿਦਿਆਰਥੀਆਂ ਨੇ ਪੰਜਾਬ ਰਾਜ ਦੇ ਕਿਸਾਨ ਭਾਈਚਾਰੇ ਨੂੰ ਦਰਪੇਸ਼ ਮੁਸ਼ਿਕਲਾਂ ਸਬੰਧੀ ਆਪਣੇ ਤਜ਼ਰਬੇ ਸਾਂਝੇ ਕਰਦਿਆਂ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਲਈ ਵਧੀਆ ਢੰਗ ਅਤੇ....**



ਅੰਮ੍ਰਿਤਸਰ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)- ਖ਼ਾਲਸਾ ਕਾਲਜ ਦੇ ਖੇਤੀਬਾੜੀ ਵਿਭਾਗ ਵੱਲੋਂ ਸਾਲ 1985 ਦੇ ਪਾਸਆਊਟ ਬੈਚ ਦੇ ਪੁਰਾਣੇ ਵਿਦਿਆਰਥੀਆਂ ਲਈ ਰੀਯੂਨੀਅਨ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ 'ਚ ਮੁੱਖ ਮਹਿਮਾਨ ਵਜੋਂ ਪੁੱਜੇ ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਵੱਲੋਂ ਉਕਤ ਸਾਬਕਾ ਵਿਦਿਆਰਥੀਆਂ ਨੂੰ ਕਾਲਜ ਦੇ ਯਾਦਗਾਰੀ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਅਰਵਿੰਦਰ ਕੌਰ ਕਾਹਲੋਂ ਦੇ ਸਹਿਯੋਗ ਨਾਲ ਕਰਵਾਏ ਉਕਤ ਸਮਾਗਮ ਮੌਕੇ ਪੁੱਜੇ ਸਾਬਕਾ ਵਿਦਿਆਰਥੀਆਂ ਨੇ ਜਿੱਥੇ ਸੰਸਥਾ 'ਚ ਗੁਜਾਰੇ ਅਨਮੋਲ ਪਲਾਂ ਨੂੰ ਯਾਦ ਕੀਤਾ, ਉਥੇ ਉਨ੍ਹਾਂ ਨੇ ਆਪਣੇ ਅਹੁੱਦਿਆਂ ਸਬੰਧੀ ਦੱਸਦਿਆਂ ਜ਼ਿੰਦਗੀ 'ਚ ਕੀਤੇ ਸੰਘਰਸ਼ਾਂ ਅਤੇ ਤਜ਼ਰਬਿਆਂ ਸਬੰਧੀ ਬਾਰੇ ਚਾਨਣਾ ਪਾਇਆ। ਇਸ ਮੌਕੇ ਡਾ. ਮਹਿਲ ਸਿੰਘ ਨੇ 1985 ਦੇ ਸਾਬਕਾ ਵਿਦਿਆਰਥੀਆਂ ਵੱਲੋਂ ਕਿਸਾਨ ਭਾਈਚਾਰੇ ਦੀ ਭਲਾਈ ਅਤੇ ਇਕ ਦਿਸ਼ਾ ਪ੍ਰਦਾਨ ਕਰਨ ਦੇ ਮਕਸਦ ਤਹਿਤ ਬਣਾਏ ਗਏ 'ਵਲੰਟੀਅਰ ਇਨੀਸ਼ੀਏਟਿਵ ਫ਼ਾਰ ਰੀਜਰਨੇਟਿਵ ਐਗਰੀਕਲਚਰ' (ਵੀਰਾ-ਜੀ) ਗਰੁੱਪ ਦੇ ਕਾਰਜਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਖੇਤੀਬਾੜੀ ਵਿਭਾਗ 'ਚ ਅਧਿਆਪਨ ਮਿਆਰਾਂ 'ਚ ਹੋਰ ਸੁਧਾਰ ਕਰਨ 'ਚ ਸਹਾਇਤਾ ਕਰਨ ਤੋਂ ਇਲਾਵਾ ਕਿਸਾਨ ਭਾਈਚਾਰੇ ਦੇ ਵਿਕਾਸ ਲਈ ਕੀਤੀਆਂ ਜਾਣ ਵਾਲੀਆਂ ਉਨ੍ਹਾਂ ਦੀਆਂ ਭਵਿੱਖ ਦੀਆਂ ਗਤੀਵਿਧੀਆਂ 'ਚ ਗਰੁੱਪ ਨੂੰ ਪੂਰਾ ਸਹਿਯੋਗ ਦੇਣ ਦਾ ਯਕੀਨ ਦਿਵਾਇਆ। ਇਸ ਮੌਕੇ ਡਾ. ਮਹਿਲ ਸਿੰਘ ਨੇ ਸੂਬੇ ਨੂੰ ਖੇਤੀਬਾੜੀ ਸਬੰਧਿਤ ਦਰਪੇਸ਼ ਸਮੱਸਿਆਵਾਂ ਬਾਰੇ ਸਾਬਕਾ ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ। ਇਸ ਪ੍ਰੋਗਰਾਮ ਮੌਕੇ ਤਕਨੀਕੀ ਸੈਸ਼ਨ ਦਾ ਆਯੋਜਨ ਵੀ ਕੀਤਾ ਗਿਆ, ਜਿੱਥੇ ਪੁਰਾਣੇ ਵਿਦਿਆਰਥੀਆਂ ਨੇ ਪੰਜਾਬ ਰਾਜ ਦੇ ਕਿਸਾਨ ਭਾਈਚਾਰੇ ਨੂੰ ਦਰਪੇਸ਼ ਮੁਸ਼ਿਕਲਾਂ ਸਬੰਧੀ ਆਪਣੇ ਤਜ਼ਰਬੇ ਸਾਂਝੇ ਕਰਦਿਆਂ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਲਈ ਵਧੀਆ ਢੰਗ ਅਤੇ ਸਾਧਨਾਂ ਸਬੰਧੀ ਵਿਚਾਰ ਪੇਸ਼ ਕੀਤੇ। ਇਸ ਤੋਂ ਪਹਿਲਾਂ ਸਮਾਗਮ ਦੇ ਕੋਆਰਡੀਨੇਟਰ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਡੀਨ ਅਤੇ ਸਾਬਕਾ ਪ੍ਰੋਫ਼ੈਸਰ ਡਾ: ਸੁਰਿੰਦਰ ਸਿੰਘ ਕੁੱਕਲ ਨੇ ਕਿਹਾ ਕਿ ਉਕਤ ਪ੍ਰੋਗਰਾਮ ਦਾ ਮੁੱਖ ਉਦੇਸ਼ ਅਲਮਾਮਾਤਰ ਅਤੇ ਕਿਸਾਨ ਭਾਈਚਾਰੇ ਨੂੰ ਵਲੰਟੀਅਰ ਕਰਨਾ ਸੀ। ਇਸ ਮੌਕੇ ਡਾ: ਕੁੱਕਲ ਨੇ ਡਾ: ਮਹਿਲ ਸਿੰਘ, ਡਾ: ਕਾਹਲੋਂ, ਵਿਭਾਗ ਮੁੱਖੀ ਡਾ: ਰਣਦੀਪ ਕੌਰ ਅਤੇ ਡੀਨ ਡਾ: ਸਤਨਾਮ ਸਿੰਘ ਅਤੇ ਫੈਕਲਟੀ ਮੈਂਬਰ ਡਾ: ਸਿਮਰਜੀਤ ਕੌਰ ਦਾ ਸਮਾਗਮ ਦੇ ਆਯੋਜਨ 'ਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ।. ਡਾ: ਕੁੱਕਲ ਨੇ ਕਿਹਾ ਕਿ 'ਵੀਰਾ-ਜੀ' ਜਲਦੀ ਹੀ ਇਕ ਪਿੰਡ ਦੀ ਪਛਾਣ ਕਰੇਗਾ ਅਤੇ ਉਸ ਨੂੰ ਗੋਦ ਲੈ ਕੇ ਏਕੀਕ੍ਰਿਤ ਖੇਤੀ ਦੇ ਮਾਡਲ ਨੂੰ ਪ੍ਰਦਰਸ਼ਿਤ ਕਰੇਗਾ ਜਿਸ 'ਚ ਏਕੀਕ੍ਰਿਤ ਪਾਣੀ, ਪੌਸ਼ਿਟਕ ਤੱਤ ਅਤੇ ਕੀੜੇ ਪ੍ਰਬੰਧਨ ਸ਼ਾਮਿਲ ਹਨ ਆਦਿ ਨਾਲ ਬੇਹਤਰ ਵਾਤਾਵਰਣ ਦੀਆਂ ਸਥਿਤੀਆਂ ਲਈ ਪਾਣੀ, ਅਜੈਵਿਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਨੂੰ ਘੱਟ ਤੋਂ ਘੱਟ ਕੀਤਾ ਜਾ ਸਕੇ।




# ਪੁਲਿਸ ਚੌਕੀ ਸਭਰਾ ਦੇ ਇੰਚਾਰਜ ਏ.ਐਸ.ਆਈ. ਨਿਰਮਲ ਸਿੰਘ ਨੇ ਸਮਾਜ ਵਿਰੋਧੀ ਅੰਸਰਾਂ ਨੂੰ ਦਿੱਤੀ ਚੇਤਾਵਨੀ

ਪੱਟੀ, 9 ਦਸੰਬਰ(ਆਵਾਜ਼ਿ ਕੌਮ ਬਿਊਰੋ)-ਥਾਣਾ ਸਦਰ ਪੱਟੀ ਦੇ ਅਧੀਨ ਪੈਂਦੇ ਪਿੰਡ ਸਭਰਾਂ ਵਿਖੇ ਸ਼ਰਾਰਤੀ ਅੰਸਰਾਂ ਨੂੰ ਨੱਥ ਪਾਉਣ ਦੇ ਮਕਸਦ ਨਾਲ ਹਰ ਪਾਸੇ ਗਸ਼ਤ ਅਤੇ ਚੈਕਿੰਗ ਕੀਤੀ ਜਾ ਰਹੀ ਹੈ। ਪੁਲਿਸ ਪਾਰਟੀ ਵੱਲੋਂ ਵਿਸ਼ੇਸ਼ ਨਾਕਾਬੰਦੀ ਦੌਰਾਨ ਵਾਹਨਾਂ ਦੀ ਬਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਸਮਾਜ ਵਿਰੋਧੀ ਅਨਸਰਾਂ ਦੇ ਮਨ ਵਿੱਚ ਡਰ ਪੈਦਾ ਕੀਤਾ ਜਾ ਸਕੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੁਲਿਸ ਚੌਂਕੀ ਸਭਰਾਂ ਦੇ ਨਵੇਂ ਆਏ ਇੰਚਾਰਜ ਏ ਐਸ ਆਈ ਨਿਰਮਲ ਸਿੰਘ ਨੇ ਪੱਤਰਕਾਰਾਂ ਦੀ ਟੀਮ ਨਾਲ ਗੱਲਬਾਤ ਕਰਦੇ ਦੱਸਿਆ ਕਿ ਉੱਚ ਅਧਿਕਾਰੀਆਂ ਦੀਆਂ ਹਦਾਇਤਾਂ ਅਨੁਸਾਰ ਇਲਾਕੇ ਚ ਅਮਨ ਸ਼ਾਂਤੀ ਦੀ ਸਥਿਤੀ ਬਰਕਰਾਰ ਰੱਖਣ ਲਈ ਮਾੜੇ ਅੰਸਰਾਂ ਤੇ ਬਾਜ ਅੱਖ ਰੱਖੀ ਜਾ ਰਹੀ ਹੈ। ਉਹਨਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਲਈ ਪੁਲਿਸ ਪ੍ਰਸ਼ਾਸਨ ਸਰਗਰਮ ਹੈ ਅਤੇ ਜਨਤਾ ਦੀ ਜਾਨ ਮਾਲ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਉਨਾਂ ਲੋਕਾਂ ਕੋਲੋਂ ਸਹਿਯੋਗ ਦੀ ਮੰਗ ਕਰਦੇ ਹੋਏ ਕਿਹਾ ਕਿ ਜਨਤਾ ਦੇ ਸਾਥ ਨਾਲ ਹੀ ਜੁਰਮ ਨੂੰ ਕਾਬੂ ਪਾਇਆ ਜਾ ਸਕਦਾ ਹੈ। ਉਹਨਾਂ ਕਿਹਾ ਕਿ ਅਗਰ ਕਿਸੇ ਵੀ ਸਮਾਜ ਵਿਰੋਧੀ ਅਨਸਰ ਦਾ ਪਤਾ ਚੱਲਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਪੁਲਿਸ ਨੂੰ ਦੇਣੀ ਚਾਹੀਦੀ ਹੈ ਤਾਂ ਜੋ ਅਜਿਹੇ ਅੰਸਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ। ਪੁਲਿਸ ਨੂੰ ਸੂਚਨਾ ਦੇਣ ਵਾਲੇ ਦਾ ਪਤਾ ਪੂਰੀ ਤਰ੍ਹਾਂ ਗੁਪਤ ਰੱਖਿਆ ਜਾਵੇਗਾ। ਉਹਨਾਂ ਕਿਹਾ ਕਿ ਲੋਕ ਪੁਲਿਸ ਨੂੰ ਹਮੇਸ਼ਾ ਸੱਚੀ ਇਤਲਾਹ ਦੇਣ ਤਾਂ ਕਿ ਪੁਲਿਸ ਆਪਣਾ ਕੰਮ ਪਾਰਦਰਸ਼ੀ ਤਰੀਕੇ ਨਾਲ ਕਰ ਸਕੇ। ਉਹਨਾਂ ਵਾਹਨਾਂ ਚਾਲਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਵਾਹਨ ਚਲਾਉਂਦੇ ਸਮੇਂ ਉਸਦੇ ਪੂਰੇ ਕਾਗਜ ਆਪਣੇ ਕੋਲ ਰੱਖਣ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਪੁਲਿਸ ਕਾਰਵਾਈ ਤੋਂ ਬਚਿਆ ਜਾ ਸਕੇ। ਉਹਨਾਂ ਸਮਾਜ ਵਿਰੋਧੀ ਅੰਸਰਾਂ ਅਤੇ ਨਸ਼ਾ ਤਸਕਰਾਂ ਨੂੰ ਸਖਤ ਤਾੜਨਾ ਕੀਤੀ ਹੈ ਕਿ ਉਹ ਆਪਣੀਆਂ ਹਰਕਤਾਂ ਤੋਂ ਤੁਰੰਤ ਬਾਜ ਆ ਜਾਣ।



# ਚੱਬੇਵਾਲ ਦੇ ਹਰ ਘਰ ਦੀ ਹੋਵੇਗੀ ਪੱਕੀ ਛੱਤ: ਡਾ. ਇਸ਼ਾਂਕ ਕੁਮਾਰ

ਹੁਸ਼ਿਆਰਪੁਰ, 9 ਦਸੰਬਰ (ਆਵਾਜ਼ਿ ਕੌਮ ਬਿਊਰੋ)-ਮੇਰੇ ਹਲਕੇ ਦੇ ਹਰ ਪਰਿਵਾਰ ਦੇ ਘਰ ਦੀ ਛੱਤ ਪੱਕੀ ਹੋਵੇ ਅਤੇ ਹਰ ਘਰ ਖੁਸ਼ਹਾਲ ਹੋਵੇ, ਇਸ ਦੇ ਲਈ ਮੈਂ ਆਪਣੇ ਵਲੋਂ ਹਰ ਬਣਦੀ ਕੋਸ਼ਿਸ਼ ਕਰਾਂਗਾ ਅਤੇ ਇਸੀ ਦਿਸ਼ਾ ਵਿਚ ਇਕ ਕਦਮ ਹੈ ਬਾਲਿਆਂ ਵਾਲੀਆਂ ਛੱਤਾਂ ਵਾਲੇ ਪਰਿਵਾਰਾਂ ਨੂੰ ਫੰਡ ਦੇਣਾ, ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਚੱਬੇਵਾਲ ਵਿਧਾਇਕ ਡਾ ਇਸ਼ਾਂਕ ਕੁਮਾਰ ਨੇ ਕੀਤਾ੍ਰ ਉਸ ਸਮੇਂ ਉਹ ਚੱਬੇਵਾਲ ਹਲਕੇ ਦੇ ਪਿੰਡ ਚਿੱਤੋਂ ਵਿਖੇ ਪਿੰਡ ਵਾਸੀਆਂ ਨੂੰ ਮੁਖਾਤਿਬ ਸਨ੍ਰ ਪਿੰਡ ਦੇ ਲੋਕਾਂ ਲਈ ਵੀ ਉਦੋਂ ਖੁਸ਼ੀ ਦਾ ਮਾਹੌਲ ਬਣਿਆ, ਜਦੋਂ ਡਾ. ਇਸ਼ਾਂਕ ਕੁਮਾਰ ਨੇ ਪਿੰਡ ਵਿੱਚ ਗਰੀਬ ਪਰਿਵਾਰਾਂ ਦੇ ਘਰਾਂ ਦੀਆਂ ਕੱਚੀਆਂ ਛੱਤਾਂ ਨੂੰ ਪੱਕੇ ਬਣਾਉਣ ਲਈ 16 ਪਰਿਵਾਰਾਂ ਨੂੰ ਮਾਲੀ ਮਦਦ ਲਈ ਚੈੱਕ ਭੇਂਟ ਕੀਤੇ੍ਰ ਇਹ ਜਤਨ ਪਿੰਡ ਦੇ ਆਰਥਿਕ ਰੂਪ 'ਚ ਪੱਛੜੇ ਵਰਗ ਦੇ ਲੋਕਾਂ ਦੀ ਮਦਦ ਕਰਨ ਅਤੇ ਵਿਕਾਸ ਦੀ ਰਫ਼ਤਾਰ ਨੂੰ ਤੇਜ਼ ਕਰਨ ਦੀ ਕੜੀ ਵਿੱਚ ਕੀਤਾ ਗਿਆ। ਇਸ ਮੌਕੇ 'ਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ, "ਵਿਕਾਸਕਾਰਜ ਮੇਰੇ ਲਈ ਸਭ ਤੋਂ ਪਹਿਲਾ ਹਨ। ਹਲਕੇ ਦੇ ਹਰ ਘਰ ਤੱਕ ਮੌਲਿਕ ਸੁਵਿਧਾਵਾਂ ਪਹੁੰਚਾਉਣਾ ਅਤੇ ਲੋਕਾਂ ਦੀਆਂ ਮੁਢਲੀਆਂ ਜਰੂਰਤਾਂ ਪੂਰੀਆਂ ਕਰਨਾ ਮੇਰਾ ਫਰਜ ਹੈ। ਹਲਕੇ ਦੇ ਹਰ ਪਰਿਵਾਰ ਦੀ ਮਦਦ ਕਰਕੇ ਮੈਨੂੰ ਖੁਸ਼ੀ ਹੁੰਦੀ ਹੈ। ਮੈਂ ਇਹ ਯਕੀਨੀ ਬਣਾਵਾਂਗਾ ਕਿ ਮੇਰੇ ਹਲਕੇ ਦੇ ਹਰ ਪਿੰਡ ਤੇ ਖਾਸ ਕਰ ਚਿੱਤੋਂ ਪਿੰਡ ਦੇ ਵਿਕਾਸ ਵਿੱਚ ਕੋਈ ਕਸਰ ਨਾ ਰਹੇ। ਚੇਕ ਵੰਡਣ ਦੇ ਇਸ ਸਮਾਗਮ ਦੌਰਾਨ ਪਿੰਡਵਾਸੀਆਂ ਨੇ ਵਿਧਾਇਕ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸਹਾਇਤਾ ਉਨ੍ਹਾਂ ਲਈ ਇਕ ਵੱਡੀ ਰਾਹਤ ਹੈ। ਇਕ ਪਿੰਡਵਾਸੀ ਨੇ ਕਿਹਾ, "ਸਾਡੇ ਘਰ ਦੀ ਛੱਤ ਸਾਲਾਂ ਤੋਂ ਬਹੁਤ ਖਰਾਬ ਹਾਲਤ ਵਿੱਚ ਸੀ। ਇਸ ਸਹਾਇਤਾ ਨਾਲ ਸਾਨੂੰ ਬਹੁਤ ਰਾਹਤ ਮਿਲੇਗੀ।" ਹੋਰ ਪਿੰਡਵਾਸੀਆਂ ਨੇ ਕਿਹਾ ਕਿ ਇਹ ਪਹਲ ਪਿੰਡ ਦੇ ਆਰਥਿਕ ਪੱਛੜੇ ਲੋਕਾਂ ਦੀ ਜਿੰਦਗੀ ਵਿੱਚ ਬਦਲਾਅ ਲਿਆਵੇਗੀ। ਡਾ. ਇਸ਼ਾਂਕ ਕੁਮਾਰ ਤੋਂ ਪਹਿਲਾਂ ਸਾਬਕਾ ਵਿਧਾਇਕ ਅਤੇ ਮੌਜੂਦਾ ਸੰਸਦ ਮੈਂਬਰ ਡਾ ਰਾਜ ਕੁਮਾਰ ਵੱਲੋਂ ਅਜਿਹੇ ਕਦਮ ਪਹਿਲਾਂ ਵੀ ਕਈ ਪਿੰਡਾਂ ਵਿੱਚ ਲਏ ਗਏ ਹਨ। ਚਿੱਤੋਂ ਪਿੰਡ ਵਿੱਚ ਇਹ ਕਦਮ ਸਿਰਫ ਛੱਤਾਂ ਦੇ ਕੰਮ ਲਈ ਨਹੀਂ, ਸਗੋਂ ਪਿੰਡ ਦੇ ਸਮੂਹਿਕ ਵਿਕਾਸ ਨੂੰ ਵਧਾਉਣ ਦੇ ਪ੍ਰਤੀਕ ਵਜੋਂ ਦੇਖਿਆ ਜਾ ਰਿਹਾ ਹੈ। ਇਸ ਸਮਾਗਮ ਵਿੱਚ ਪਿੰਡ ਦੇ ਪਤਵੰਤਿਆਂ ਨੇ ਵੀ ਭਾਗ ਲਿਆ। ਉਨ੍ਹਾਂ ਨੇ ਵਿਧਾਇਕ ਨੂੰ ਯਕੀਨ ਦਵਾਇਆ ਕਿ ਪਿੰਡਵਾਸੀ ਇਸ ਸਹਾਇਤਾ ਨੂੰ ਪੂਰੀ ਸੰਵੇਦਨਸ਼ੀਲਤਾ ਨਾਲ ਵਰਤਣਗੇ। ਡਾ. ਇਸ਼ਾਂਕ ਕੁਮਾਰ ਨੇ ਆਪਣੇ ਸੰਦੇਸ਼ ਵਿੱਚ ਇਹ ਵੀ ਕਿਹਾ ਕਿ ਅੱਗੇ ਆਉਣ ਵਾਲੇ ਦਿਨਾਂ ਵਿੱਚ ਪਿੰਡ ਲਈ ਹੋਰ ਵਿਕਾਸ ਯੋਜਨਾਵਾਂ ਨੂੰ ਲਾਗੂ ਕਰਨ ਲਈ ਵੀ ਉਹ ਯਤਨਸ਼ੀਲ ਰਹਿਣਗੇ।

